ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

International Daily Newspaper & WEB TV

www.awazeqaumtv.com

Also On

Visit on facebook

https://www.facebook.com/awazeqaumtv/videos/194899582124531/

YouTube https://youtu.be/LQwolgxDu7I

awazeqaumtvpunjab@gmail.com

ਬੁੱਧਵਾਰ, 12 ਅਗਸਤ 2026 (ਨਾਨਕਸ਼ਾਹੀ ਸੰਮਤ : ੫੫੮, ੨੮ ਸਾਵਣ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ.ਕੇ., ਸੰਪਰਕ : +447458381111, +447976210161, +919729091243




## ਭਾਰਤ ਵਿਚ ਫ਼ਿਰ ਬਦਲਣਗੇ ਨੋਟ ! ਵਿੱਤ ਮੰਤਰੀ ਨਿਰਮਲਾ ਸੀਤਾਰਮਨ ਨੇ ਪਾਰਲੀਮੈਂਟ 'ਚ ਦਿੱਤੀ ਵੱਡੀ ਅਪਡੇਟ

**ਨਵੀਂ ਦਿੱਲੀ, 11 ਅਗਸਤ (ਆਵਾਜ਼ਿ ਕੌਮ ਬਿਊਰੋ)-** ਕੇਂਦਰ ਸਰਕਾਰ ਨੇ ਦੇਸ਼ ਵਿਚ 10 ਅਤੇ 20 ਰੁਪਏ ਦੇ ਇਕ ਅਰਬ ਪਲਾਸਟਿਕ (ਪੌਲੀਮਰ) ਬੈਂਕ ਨੋਟਾਂ ਨੂੰ ਖੇਤਰੀ ਟੈਸਟਾਂ ਲਈ ਪੇਸ਼ ਕਰਨ ਦੀ ਮਨਜ਼ੂਰੀ ਦੇ ਦਿੱਤੀ ਹੈ। ਵਿੱਤ ਮੰਤਰੀ ਨਿਰਮਲਾ ਸੀਤਾਰਮਨ ਨੇ ਮੰਗਲਵਾਰ ਨੂੰ ਰਾਜ ਸਭਾ ਵਿਚ ਇਕ ਸਵਾਲ ਦੇ ਲਿਖਤੀ ਜਵਾਬ ਵਿਚ ਇਹ ਜਾਣਕਾਰੀ ਸਾਂਝੀ ਕੀਤੀ। ਭਾਰਤੀ ਰਿਜ਼ਰਵ ਬੈਂਕ ਨੇ ਆਪਣੇ ਕੇਂਦਰੀ ਬੋਰਡ ਦੀ ਸਿਫ਼ਾਰਸ਼ 'ਤੇ, ਆਰਬੀਆਈ ਐਕਟ, 1934 ਦੀ ਧਾਰਾ 25 ਦੇ ਅਨੁਸਾਰ ਸਰਕਾਰ ਨੂੰ ਇਹ ਪ੍ਰਸਤਾਵ ਭੇਜਿਆ ਸੀ। ਇਨ੍ਹਾਂ ਨੋਟਾਂ ਦੇ ਸਫਲ ਖੇਤਰੀ ਪ੍ਰੀਖਣ ਤੋਂ ਬਾਅਦ, ਇਨ੍ਹਾਂ ਦੋਵਾਂ ਮੁੱਲਾਂ (10 ਅਤੇ 20 ਰੁਪਏ) ਦੇ ਨੋਟਾਂ ਨੂੰ ਨਿਯਮਤ ਰੂਪ ਵਿਚ ਜਾਰੀ ਕਰਨ ਦੀ ਯੋਜਨਾ ਹੈ। ਵਿੱਤ ਮੰਤਰੀ ਨੇ ਸਪੱਸ਼ਟ ਕੀਤਾ ਕਿ ਇਸ ਸਮੇਂ ਪਲਾਸਟਿਕ ਨੋਟਾਂ ਦੀ ਸ਼ੁਰੂਆਤ ਲਈ ਕੋਈ ਸਹੀ ਸਮਾਂ-ਸੀਮਾ ਜਾਂ ਸੰਭਾਵਿਤ ਖਰਚਾ ਤੈਅ ਕਰਨਾ ਸੰਭਵ ਨਹੀਂ ਹੈ, ਕਿਉਂਕਿ ਇਹ ਪ੍ਰਕਿਰਿਆ ਅਜੇ ਸ਼ੁਰੂਆਤੀ ਪੜਾਅ ਵਿੱਚ ਹੈ। ਇਸ ਦੇ ਨਾਲ ਹੀ ਵਿੱਤ ਮੰਤਰੀ ਨੇ ਦੇਸ਼ ਵਿਚ ਮਹਿੰਗਾਈ ਦੇ ਅੰਕੜਿਆਂ ਬਾਰੇ ਵੀ ਅਹਿਮ ਜਾਣਕਾਰੀ ਦਿੱਤੀ। ਉਨ੍ਹਾਂ ਦੱਸਿਆ ਕਿ ਔਸਤ ਪ੍ਰਚੂਨ ਮਹਿੰਗਾਈ ਦਰ 2023-24 ਦੇ 5.4 ਫੀਸਦੀ ਤੋਂ ਲਗਾਤਾਰ ਘਟ ਕੇ 2025-26 ਵਿੱਚ 2.1 ਫੀਸਦੀ ਤੱਕ ਆ ਗਈ ਹੈ। ਹਾਲਾਂਕਿ, ਪੱਛਮੀ ਏਸ਼ੀਆ ਸੰਕਟ, ਵਧਦੀਆਂ ਵਿਸ਼ਵਵਿਆਪੀ ਊਰਜਾ ਕੀਮਤਾਂ, ਸਬਜ਼ੀਆਂ ਦੀ ਮੌਸਮੀ ਤੇਜ਼ੀ ਅਤੇ ਅਲ ਨੀਨੋ ਦੇ ਪ੍ਰਭਾਵ ਕਾਰਨ, 2026-27 ਦੀ ਪਹਿਲੀ ਤਿਮਾਹੀ ਵਿਚ ਮਹਿੰਗਾਈ ਵਧ ਕੇ 3.9 ਫੀਸਦੀ ਹੋ ਗਈ ਹੈ।

### ਅੱਧੀ ਦਰਜਨ ਪਿੰਡਾਂ ਦਾ ਟੁੱਟਿਆ ਸੰਪਰਕ

# ਵੱਧ ਗਿਆ ਰਾਵੀ ਦਰਿਆ ਦਾ ਪਾਣੀ

**ਗੁਰਦਾਸਪੁਰ, 11 ਅਗਸਤ (ਆਵਾਜ਼ਿ ਕੌਮ ਬਿਊਰੋ)-** ਪਹਾੜੀ ਖੇਤਰਾਂ 'ਚ ਲਗਾਤਾਰ ਹੋ ਰਹੀ ਬਾਰਿਸ਼ ਕਾਰਨ ਰਾਵੀ ਦਰਿਆ 'ਚ ਪਾਣੀ ਦਾ ਪੱਧਰ ਮੁੜ ਵਧਣਾ ਸ਼ੁਰੂ ਹੋ ਗਿਆ ਹੈ। ਪਾਣੀ ਦੇ ਤੇਜ਼ ਵਹਾਅ ਤੇ ਵਧੇ ਪੱਧਰ ਨੂੰ ਦੇਖਦਿਆਂ ਮਕੌੜਾ ਪੱਤਣ ਤੋਂ ਚੱਲਣ ਵਾਲੀ ਕਿਸ਼ਤੀ ਸੇਵਾ ਨੂੰ ਬੰਦ ਕਰ ਦਿੱਤਾ ਗਿਆ ਹੈ। ਜਿਸ ਕਾਰਨ ਰਾਵੀ ਦਰਿਆ ਦੇ ਪਾਰ ਵੱਸਦੇ ਕਰੀਬ ਅੱਧੀ ਦਰਜਨ ਪਿੰਡਾਂ ਦੇ ਲੋਕਾਂ ਦਾ ਮੁੱਖ ਇਲਾਕੇ ਨਾਲੋਂ ਸੰਪਰਕ ਟੁੱਟ ਗਿਆ ਹੈ ਅਤੇ ਲੋਕਾਂ ਨੂੰ ਭਾਰੀ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਦੱਸਿਆ ਜਾ ਰਿਹਾ ਹੈ ਕਿ ਮਕੌੜਾ ਪੱਤਣ ਰਾਹੀਂ ਰੋਜ਼ਾਨਾ ਲੋਕ ਕਿਸ਼ਤੀ ਰਾਹੀਂ ਦਰਿਆ ਪਾਰ ਕਰਕੇ ਆਪਣੇ ਕੰਮਾਂ ਲਈ ਗੁਰਦਾਸਪੁਰ ਅਤੇ ਆਸ-ਪਾਸ ਦੇ ਇਲਾਕਿਆਂ ਵਿੱਚ ਆਉਂਦੇ-



ਜਾਂਦੇ ਹਨ। ਇਨ੍ਹਾਂ ਪਿੰਡਾਂ ਦੇ ਵਿਦਿਆਰਥੀ, ਕਿਸਾਨ, ਮਜ਼ਦੂਰ ਅਤੇ ਹੋਰ ਲੋਕ ਵੀ ਆਪਣੀਆਂ ਜ਼ਰੂਰੀ ਲੋੜਾਂ ਲਈ ਇਸ ਕਿਸ਼ਤੀ ਸੇਵਾ 'ਤੇ ਨਿਰਭਰ ਹਨ। ਪਾਣੀ ਵਧਣ ਕਾਰਨ ਕਿਸ਼ਤੀ ਚਲਾਉਣਾ ਖਤਰਨਾਕ ਹੈ ਜਿਸ ਕਾਰਨ ਸੇਵਾ ਰੋਕ ਦਿੱਤੀ ਗਈ ਹੈ। ਕਿਸ਼ਤੀ ਸੇਵਾ ਬੰਦ ਹੋਣ ਨਾਲ ਪਾਰਲੇ ਪਾਸੇ ਰਹਿੰਦੇ ਲੋਕਾਂ ਦੀਆਂ ਮੁਸ਼ਕਲਾਂ ਵਧ ਗਈਆਂ ਹਨ। ਖਾਸ ਕਰਕੇ ਐਮਰਜੈਂਸੀ ਸਥਿਤੀ ਵਿੱਚ ਮਰੀਜ਼ਾਂ ਨੂੰ ਹਸਪਤਾਲ ਪਹੁੰਚਾਉਣਾ ਵੱਡੀ ਚੁਣੌਤੀ ਬਣ ਸਕਦਾ ਹੈ। ਲੋਕਾਂ ਨੇ ਪ੍ਰਸ਼ਾਸਨ ਤੋਂ ਮੰਗ ਕੀਤੀ ਹੈ ਕਿ ਦਰਿਆ ਦੇ ਪਾਣੀ ਦੇ ਪੱਧਰ 'ਤੇ ਲਗਾਤਾਰ ਨਿਗਰਾਨੀ ਰੱਖੀ ਜਾਵੇ ਅਤੇ ਲੋਕਾਂ ਦੀ ਸੁਰੱਖਿਆ ਨੂੰ ਪਹਿਲ ਦਿੱਤੀ ਜਾਵੇ। ਇਸ ਤੋਂ ਇਲਾਵਾ ਦਰਿਆ ਦੇ ਨੇੜਲੇ ਇਲਾਕਿਆਂ ਵਿੱਚ ਰਹਿੰਦੇ ਲੋਕਾਂ ਨੂੰ ਵੀ ਸਾਵਧਾਨ ਰਹਿਣ ਦੀ ਅਪੀਲ ਕੀਤੀ ਜਾ ਰਹੀ ਹੈ। ਲੋਕਾਂ ਦਾ ਕਹਿਣਾ ਹੈ ਕਿ ਜਦੋਂ ਤੱਕ ਪਾਣੀ ਦਾ ਪੱਧਰ ਆਮ ਨਹੀਂ ਹੁੰਦਾ, ਉਦੋਂ ਤੱਕ ਕਿਸ਼ਤੀ ਸੇਵਾ ਸ਼ੁਰੂ ਕਰਨਾ ਖਤਰੇ ਤੋਂ ਖਾਲੀ ਨਹੀਂ। ਉਨ੍ਹਾਂ ਮੰਗ ਕੀਤੀ ਕਿ ਪਾਰਲੇ ਪਾਸੇ ਦੇ ਪਿੰਡਾਂ ਲਈ ਲੋੜ ਪੈਣ 'ਤੇ ਪ੍ਰਸ਼ਾਸਨ ਵੱਲੋਂ ਬਦਲਵੇਂ ਆਵਾਜਾਈ ਪ੍ਰਬੰਧ ਕੀਤੇ ਜਾਣ ਤਾਂ ਜੋ ਲੋਕਾਂ ਨੂੰ ਜ਼ਰੂਰੀ ਕੰਮਾਂ ਲਈ ਪਰੇਸ਼ਾਨੀ ਨਾ ਝੱਲਣੀ ਪਵੇ।

**(ਸੰਕੇਤਕ ਤਸਵੀਰ)**

## ਸ਼੍ਰੋਮਣੀ ਕਮੇਟੀ ਨੇ ਜੀਟੀਸੀ ਚੈਨਲ ਖਿਲਾਫ ਸ਼ਿਕਾਇਤ ਕਰਵਾਈ ਦਰਜ

**ਅੰਮ੍ਰਿਤਸਰ, 11 ਅਗਸਤ (ਆਵਾਜ਼ਿ ਕੌਮ ਬਿਊਰੋ)-** ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਜੀਟੀਸੀ ਨੈੱਟਵਰਕ ਦੇ ਖਿਲਾਫ ਪੁਲਿਸ ਕਮਿਸ਼ਨਰ ਅੰਮ੍ਰਿਤਸਰ ਨੂੰ ਸ਼ਿਕਾਇਤ ਦਰਜ ਕਰਵਾਈ ਗਈ ਹੈ। ਨਾਲ ਹੀ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਯੂਟਿਊਬ ਚੈਨਲ ਤੋਂ ਸ੍ਰੀ ਦਰਬਾਰ ਸਾਹਿਬ ਦੇ ਲਾਈਵ ਪ੍ਰਸਾਰਨ ਦਾ ਗੈਰ ਕਾਨੂੰਨੀ ਢੰਗ ਨਾਲ ਮੁੜ ਪ੍ਰਸਾਰਨ ਕਰਨ ਦੇ ਦੋਸ਼ਾਂ ਤਹਿਤ ਬਣਦੀ ਕਾਰਵਾਈ ਕਰਨ ਦੀ ਮੰਗ ਕੀਤੀ ਗਈ ਹੈ। ਸ਼੍ਰੋਮਣੀ ਕਮੇਟੀ ਦਾ ਸਪੱਸ਼ਟ ਤੌਰ 'ਤੇ ਕਹਿਣਾ ਹੈ ਕਿ ਸ੍ਰੀ ਦਰਬਾਰ ਸਾਹਿਬ ਤੋਂ ਗੁਰਬਾਣੀ ਪ੍ਰਸਾਰਨ ਦੀ ਪ੍ਰਵਾਨਗੀ ਦੇਣਾ ਹੈ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦਾ ਏਕਾ ਅਧਿਕਾਰ ਹੈ। ਉਨ੍ਹਾਂ ਨੇ ਇਹ ਵੀ ਕਿਹਾ ਹੈ ਕਿ ਪੀਟੀਸੀ ਨੈੱਟਵਰਕ ਵੱਲੋਂ ਸ਼੍ਰੋਮਣੀ ਕਮੇਟੀ ਦੇ ਯੂਟਿਊਬ ਚੈਨਲ ਲਈ ਬਿਨਾਂ ਪੈਸਾ ਲਏ ਲਿੰਕ ਮੁਹਈਆ ਕਰਵਾਉਣ ਦੀ ਮੁਫਤ ਸੇਵਾ ਦਿੱਤੀ ਜਾ ਰਹੀ ਹੈ। ਜੀਟੀਸੀ ਨੈੱਟਵਰਕ ਵੱਲੋਂ ਰਾਤ 9 ਵਜੇ ਸ਼੍ਰੋਮਣੀ ਕਮੇਟੀ ਨੂੰ ਚਿੱਠੀ ਭੇਜ ਕੇ ਲਾਈਵ ਪ੍ਰਸਾਰਨ ਦੀ ਪ੍ਰਵਾਨਗੀ ਮੰਗੀ ਗਈ ਸੀ ਪਰ ਬਿਨਾਂ ਚਿੱਠੀ ਦੇ ਜਵਾਬ ਦਾ ਇੰਤਜ਼ਾਰ ਕੀਤੇ ਅਗਲੇ ਦਿਨ ਤੜਕਸਾਰ ਹੀ ਯੂਟੀਊਬ ਚੈਨਲ ਤੋਂ ਲਿੰਕ ਲੈ ਕੇ ਮੁੜ ਪ੍ਰਸਾਰਨ ਆਰੰਭ ਕੀਤਾ ਗਿਆ। ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਐਡਵੋਕੇਟ ਅਮਨਬੀਰ ਸਿੰਘ ਸਿਆਲੀ ਕਾਨੂੰਨੀ ਸਲਾਹਕਾਰ ਨੇ ਕਿਹਾ ਕਿ ਸ਼੍ਰੋਮਣੀ ਕਮੇਟੀ ਵੱਲੋਂ ਕਾਨੂੰਨੀ ਨੋਟਿਸ ਜੀਟੀਸੀ ਨੈਟਵਰਕ ਨੂੰ ਪਹਿਲਾਂ ਹੀ



ਭੇਜਿਆ ਜਾ ਚੁੱਕਿਆ ਹੈ। ਹੁਣ ਜੀਟੀਸੀ ਨੈੱਟਵਰਕ ਦੇ ਮੈਨੇਜਿੰਗ ਡਾਇਰੈਕਟਰ ਖਿਲਾਫ ਪੁਲਿਸ ਨੂੰ ਸ਼ਿਕਰਾਇਤ ਦਿੱਤੀ ਗਈ ਹੈ। ਸ਼ਿਕਾਇਤ ਮਿਲਣ ਮਗਰੋਂ ਪੁਲਿਸ ਕਮਿਸ਼ਨਰ ਵੱਲੋਂ ਇਸ ਮਾਮਲੇ ਦੀ ਜਾਂਚ ਕਰਕੇ ਕਾਰਵਾਈ ਦਾ ਭਰੋਸਾ ਦਿੱਤਾ ਗਿਆ ਹੈ। ਉਨ੍ਹਾਂ ਇਹ ਵੀ ਕਿਹਾ ਕਿ ਲੋੜ ਪੈਣ 'ਤੇ ਸ਼੍ਰੋਮਣੀ ਕਮੇਟੀ ਵੱਲੋਂ ਪੰਜਾਬ ਤੇ ਹਰਿਆਣਾ ਹਾਈਕੋਰਟ ਦਾ ਵੀ ਰੁਖ ਕੀਤਾ ਜਾਵੇਗਾ। ਕਾਬਿਲੇਗੌਰ ਹੈ ਕਿ ਸ੍ਰੀ ਹਰਿਮੰਦਰ ਸਾਹਿਬ ਤੋਂ ਗੁਰਬਾਣੀ ਦੇ ਲਾਈਵ ਪ੍ਰਸਾਰਣ ਦੇ ਮਾਮਲੇ 'ਤੇ ਸ਼੍ਰੋਮਣੀ ਕਮੇਟੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਜੀਟੀਸੀ ਨੈੱਟਵਰਕ ਵੱਲੋਂ ਗੁਰਬਾਣੀ ਦਾ ਲਾਈਵ ਪ੍ਰਸਾਰਣ ਆਪਣੇ ਚੈਨਲ 'ਤੇ ਬਿਨਾਂ ਮਨਜ਼ੂਰੀ ਚਲਾਏ ਜਾਣ 'ਤੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਚੈਨਲ ਨੂੰ ਸਖਤ ਚਿਤਾਵਨੀ ਦਿੱਤੀ ਸੀ। ਉਨ੍ਹਾਂ ਚੈਨਲ ਨੂੰ ਗੁਰਬਾਣੀ ਪ੍ਰਸਾਰਣ ਤੁਰੰਤ ਬੰਦ ਕਰਨ ਲਈ ਕਿਹਾ ਸੀ।

# ਬੰਦੀ ਸਿੰਘਾਂ ਦੀ ਰਿਹਾਈ ਲਈ 15 ਅਗਸਤ ਨੂੰ ਗਵਰਨਰ ਹਾਊਸ ਵੱਲ ਮਾਰਚ 'ਚ ਪੰਥਕ ਅਕਾਲੀ ਦਲ ਮੋਢੇ ਨਾਲ ਮੋਢਾ ਜੋੜ ਕੇ ਖੜ੍ਹੇਗਾ : ਸਿੰਘ ਸਾਹਿਬ ਭਾਈ ਜਸਬੀਰ ਸਿੰਘ ਖਾਲਸਾ

**ਚੰਡੀਗੜ੍ਹ, 11 ਅਗਸਤ (ਆਵਾਜ਼ਿ ਕੌਮ ਬਿਊਰੋ)-** ਚੰਡੀਗੜ੍ਹ: ਸ੍ਰੀ ਅਕਾਲ ਤਖ਼ਤ ਸਾਹਿਬ ਦੇ ਸਾਬਕਾ ਜਥੇਦਾਰ ਅਤੇ ਪੰਥਕ ਅਕਾਲੀ ਦਲ ਦੇ ਸਰਪ੍ਰਸਤ ਸਿੰਘ ਸਾਹਿਬ ਭਾਈ ਜਸਬੀਰ ਸਿੰਘ ਖਾਲਸਾ ਨੇ ਬੰਦੀ ਸਿੰਘਾਂ ਦੀ ਰਿਹਾਈ ਅਤੇ ਉਨ੍ਹਾਂ ਦੇ ਕਾਨੂੰਨੀ ਹੱਕਾਂ ਲਈ ਚੱਲ ਰਹੇ ਕੌਮੀ ਇਨਸਾਫ਼ ਮੋਰਚੇ ਦੀ ਹਮਾਇਤ ਕਰਦਿਆਂ ਐਲਾਨ ਕੀਤਾ ਹੈ ਕਿ ਪੰਥਕ ਅਕਾਲੀ ਦਲ ਮੋਰਚੇ ਵੱਲੋਂ ਲਗਾਈ ਜਾਣ ਵਾਲੀ ਹਰ ਸੇਵਾ ਨੂੰ ਪੂਰੀ ਤਨਦੇਹੀ ਨਾਲ ਨਿਭਾਏਗਾ ਅਤੇ ਮੋਰਚੇ ਦੀ ਅਗਵਾਈ ਨਾਲ ਮੋਢੇ ਨਾਲ ਮੋਢਾ ਜੋੜ ਕੇ ਖੜ੍ਹੇਗਾ।

ਆਵਾਜ਼ਿ ਕੌਮ AWAZE QAUM International Newspaper & WEB TV

ਸਿੰਘ ਸਾਹਿਬ ਭਾਈ ਜਸਬੀਰ ਸਿੰਘ ਖਾਲਸਾ ਨੇ ਸਮੂਹ ਪੰਜਾਬ ਨਿਵਾਸੀਆਂ ਅਤੇ ਸਿੱਖ ਸੰਗਤਾਂ ਨੂੰ ਅਪੀਲ ਕਰਦਿਆਂ ਕਿਹਾ ਕਿ ਕੌਮੀ ਇਨਸਾਫ਼ ਮੋਰਚੇ ਵੱਲੋਂ ਪਿਛਲੇ ਪੌਣੇ ਚਾਰ ਸਾਲ ਤੋਂ ਚੰਡੀਗੜ੍ਹ ਦੀਆਂ ਬਰੂਹਾਂ 'ਤੇ ਮੋਹਾਲੀ ਵਿਖੇ ਸ਼ਾਂਤਮਈ ਢੰਗ ਨਾਲ ਸੰਘਰਸ਼ ਕੀਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਮੋਰਚੇ ਦਾ ਮੁੱਖ ਮਕਸਦ ਉਨ੍ਹਾਂ ਸਿੱਖ ਬੰਦੀਆਂ ਦੀ ਰਿਹਾਈ ਦੀ ਮੰਗ ਕਰਨਾ ਹੈ, ਜੋ ਲੰਮੇ ਸਮੇਂ ਤੋਂ ਜੇਲ੍ਹਾਂ ਵਿੱਚ ਬੰਦ ਹਨ ਅਤੇ ਆਪਣੀਆਂ ਸਜ਼ਾਵਾਂ ਪੂਰੀਆਂ ਕਰਨ ਜਾਂ ਲੰਮਾ ਸਮਾਂ ਜੇਲ੍ਹ ਕੱਟਣ ਦੇ ਬਾਵਜੂਦ ਰਿਹਾਈ ਦੀ ਉਡੀਕ ਕਰ ਰਹੇ ਹਨ।

ਉਨ੍ਹਾਂ ਕਿਹਾ ਕਿ ਕੌਮੀ ਇਨਸਾਫ਼ ਮੋਰਚੇ ਵੱਲੋਂ ਉਠਾਈਆਂ ਜਾ ਰਹੀਆਂ ਮੰਗਾਂ ਕਿਸੇ ਇੱਕ ਵਿਅਕਤੀ ਜਾਂ ਜਥੇਬੰਦੀ ਦੇ ਨਿੱਜੀ ਹਿੱਤਾਂ ਨਾਲ ਸਬੰਧਤ ਨਹੀਂ, ਸਗੋਂ ਇਹ ਪੂਰੀ ਕੌਮ ਨਾਲ ਜੁੜਿਆ ਮਸਲਾ ਹੈ। ਇਸੇ ਕਰਕੇ ਪੰਜਾਬ ਦੀਆਂ ਵੱਖ-ਵੱਖ ਖੇਤਰੀ, ਕਿਸਾਨ, ਧਾਰਮਿਕ, ਸੰਤ ਸਮਾਜ ਅਤੇ ਰਾਜਨੀਤਿਕ ਜਥੇਬੰਦੀਆਂ ਵੱਲੋਂ ਸਮੇਂ-ਸਮੇਂ 'ਤੇ ਮੋਰਚੇ ਦੀ ਹਮਾਇਤ ਕੀਤੀ ਜਾਂਦੀ ਰਹੀ ਹੈ।

'ਸਾਲਾਂ ਤੋਂ ਜੇਲ੍ਹਾਂ ਵਿੱਚ ਬੰਦ ਸਿੰਘਾਂ ਲਈ ਪੈਰੋਲ ਵੀ ਸੰਘਰਸ਼ ਰਾਹੀਂ ਮੰਗਣੀ ਪੈ ਰਹੀ'

ਸਿੰਘ ਸਾਹਿਬ ਭਾਈ ਜਸਬੀਰ ਸਿੰਘ ਖਾਲਸਾ ਨੇ ਕਿਹਾ ਕਿ ਲੰਮੇ ਸਮੇਂ ਤੋਂ ਜੇਲ੍ਹਾਂ ਵਿੱਚ ਬੰਦ ਸਿੱਖਾਂ ਦੇ ਮਾਮਲੇ ਵਿੱਚ ਸਰਕਾਰਾਂ ਨੂੰ ਮਨੁੱਖੀ ਅਤੇ ਕਾਨੂੰਨੀ ਪੱਖ ਤੋਂ ਵਿਚਾਰ ਕਰਨਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਭਾਈ ਜਗਤਾਰ ਸਿੰਘ ਹਵਾਰਾ ਨੂੰ ਆਪਣੀ ਮਾਤਾ ਜੀ ਦੇ ਇਲਾਜ ਲਈ ਦਸ ਦਿਨ ਦੀ ਪੈਰੋਲ ਦੇਣ ਸਬੰਧੀ ਪੰਜਾਬ ਸਰਕਾਰ ਵੱਲੋਂ ਗਵਰਨਰ ਨੂੰ ਚਿੱਠੀ ਭੇਜਣ ਦੀ ਗੱਲ ਸਾਹਮਣੇ ਆਈ ਹੈ, ਪਰ ਉਨ੍ਹਾਂ ਦੇ ਅਨੁਸਾਰ ਇਹ ਆਪਣੇ ਆਪ ਵਿੱਚ ਇੱਕ ਗੰਭੀਰ ਸਵਾਲ ਖੜ੍ਹਾ ਕਰਦੀ ਹੈ ਕਿ ਇੱਕ ਬੰਦੀ ਨੂੰ ਆਪਣੀ ਬਿਮਾਰ ਮਾਤਾ ਦੀ ਦੇਖਭਾਲ ਲਈ ਪੈਰੋਲ ਵਰਗੇ ਹੱਕ ਲਈ ਵੀ ਇੰਨਾ ਲੰਮਾ ਸੰਘਰਸ਼ ਕਿਉਂ ਕਰਨਾ ਪੈ ਰਿਹਾ ਹੈ।

ਉਨ੍ਹਾਂ ਕਿਹਾ ਕਿ ਜੇਕਰ ਕੋਈ ਵਿਅਕਤੀ ਲੰਮੇ ਸਮੇਂ ਤੋਂ ਜੇਲ੍ਹ ਵਿੱਚ ਬੰਦ ਹੈ ਤਾਂ ਕਾਨੂੰਨ ਅਧੀਨ ਮਿਲਦੇ ਹੱਕਾਂ ਅਤੇ ਪੈਰੋਲ ਵਰਗੀਆਂ ਸਹੂਲਤਾਂ 'ਤੇ ਸਰਕਾਰਾਂ ਨੂੰ ਮਨੁੱਖੀ ਅਤੇ ਕਾਨੂੰਨੀ ਪੱਖ ਤੋਂ ਫ਼ੈਸਲੇ ਕਰਨੇ ਚਾਹੀਦੇ ਹਨ।



ਭਿਓਰਾ, ਹਵਾਰਾ, ਤਾਰਾ, ਰਾਜੋਆਣਾ, ਖੈੜਾ ਅਤੇ ਭੁੱਲਰ ਸਮੇਤ ਬੰਦੀ ਸਿੰਘਾਂ ਦੀ ਰਿਹਾਈ ਦੀ ਮੰਗ

ਉਨ੍ਹਾਂ ਕਿਹਾ ਕਿ ਭਾਈ ਪਰਮਜੀਤ ਸਿੰਘ ਭਿਓਰਾ, ਭਾਈ ਜਗਤਾਰ ਸਿੰਘ ਹਵਾਰਾ, ਭਾਈ ਜਗਤਾਰ ਸਿੰਘ ਤਾਰਾ, ਭਾਈ ਬਲਵੰਤ ਸਿੰਘ ਰਾਜੋਆਣਾ, ਭਾਈ ਗੁਰਦੀਪ ਸਿੰਘ ਖੈੜਾ, ਭਾਈ ਦਵਿੰਦਰਪਾਲ ਸਿੰਘ ਭੁੱਲਰ ਸਮੇਤ ਹੋਰ ਬੰਦੀ ਸਿੰਘਾਂ ਦੀ ਰਿਹਾਈ ਦਾ ਮਸਲਾ ਲੰਮੇ ਸਮੇਂ ਤੋਂ ਉਠਾਇਆ ਜਾ ਰਿਹਾ ਹੈ।

ਉਨ੍ਹਾਂ ਕਿਹਾ ਕਿ ਇਨ੍ਹਾਂ ਮਾਮਲਿਆਂ ਸਬੰਧੀ ਸਮੇਂ-ਸਮੇਂ 'ਤੇ ਮੀਟਿੰਗਾਂ ਹੋਈਆਂ ਹਨ ਅਤੇ ਸਰਕਾਰਾਂ ਨਾਲ ਗੱਲਬਾਤ ਵੀ ਕੀਤੀ ਜਾਂਦੀ ਰਹੀ ਹੈ, ਪਰ ਉਨ੍ਹਾਂ ਦੇ ਅਨੁਸਾਰ ਅਜੇ ਤੱਕ ਇਨ੍ਹਾਂ ਮੀਟਿੰਗਾਂ ਦਾ ਕੋਈ ਠੋਸ ਨਤੀਜਾ ਸਾਹਮਣੇ ਨਹੀਂ ਆਇਆ।

15 ਅਗਸਤ ਨੂੰ ਗਵਰਨਰ ਹਾਊਸ ਵੱਲ ਮਾਰਚ ਦਾ ਐਲਾਨ

ਸਿੰਘ ਸਾਹਿਬ ਭਾਈ ਜਸਬੀਰ ਸਿੰਘ ਖਾਲਸਾ ਨੇ ਦੱਸਿਆ ਕਿ ਕੌਮੀ ਇਨਸਾਫ਼ ਮੋਰਚੇ ਵੱਲੋਂ 15 ਅਗਸਤ ਨੂੰ ਗਵਰਨਰ ਹਾਊਸ ਵੱਲ ਹੱਕ ਮਾਰਚ ਕਰਨ ਦਾ ਪ੍ਰੋਗਰਾਮ ਉਲੀਕਿਆ ਗਿਆ ਹੈ। ਉਨ੍ਹਾਂ ਕਿਹਾ ਕਿ ਮੋਰਚੇ ਦੇ ਆਗੂਆਂ ਨੇ ਸਾਰੀਆਂ ਪੰਥਕ, ਧਾਰਮਿਕ, ਕਿਸਾਨ, ਸਮਾਜਿਕ ਅਤੇ ਰਾਜਨੀਤਿਕ ਜਥੇਬੰਦੀਆਂ ਸਮੇਤ ਸਮੁੱਚੀ ਸੰਗਤ ਨੂੰ ਇਸ ਪ੍ਰੋਗਰਾਮ ਵਿੱਚ ਸ਼ਾਮਲ ਹੋਣ ਦੀ ਅਪੀਲ ਕੀਤੀ ਹੈ।

ਉਨ੍ਹਾਂ ਦੱਸਿਆ ਕਿ ਪੰਥਕ ਅਕਾਲੀ ਦਲ ਵੱਲੋਂ ਇਸ ਸਬੰਧੀ ਵੱਖ-ਵੱਖ ਪਿੰਡਾਂ ਅਤੇ ਖੇਤਰਾਂ ਨਾਲ ਟੈਲੀਫੋਨ ਰਾਹੀਂ ਮੀਟਿੰਗਾਂ ਕਰਕੇ ਸੰਗਤਾਂ ਅਤੇ ਜਥੇਬੰਦੀ ਨਾਲ ਜੁੜੇ ਆਗੂਆਂ ਦੀ ਰਾਇ ਲਈ ਗਈ। ਇਨ੍ਹਾਂ ਵਿਚਾਰ-ਵਟਾਂਦਰਿਆਂ ਤੋਂ ਬਾਅਦ ਪੰਥਕ ਅਕਾਲੀ ਦਲ ਨੇ ਫ਼ੈਸਲਾ ਕੀਤਾ ਹੈ ਕਿ ਕੌਮੀ ਇਨਸਾਫ਼ ਮੋਰਚੇ ਵੱਲੋਂ ਜਿਹੜੀ ਵੀ ਸੇਵਾ ਲਾਈ ਜਾਵੇਗੀ, ਜਥੇਬੰਦੀ ਉਸਨੂੰ ਪੂਰੀ ਜ਼ਿੰਮੇਵਾਰੀ ਨਾਲ ਨਿਭਾਏਗੀ।

### 'ਕੌਮੀ ਇਨਸਾਫ਼ ਮੋਰਚੇ ਦੀ ਹਰ ਸੇਵਾ ਲਈ ਪੰਥਕ ਅਕਾਲੀ ਦਲ ਤਿਆਰ; 13 ਅਗਸਤ ਤੱਕ ਬੰਦੀ ਸਿੰਘਾਂ ਨੂੰ ਪੈਰੋਲ ਦੇਣ ਦੀ ਮੰਗ' — 'ਸਾਢੇ ਤਿੰਨ ਸਾਲ ਤੋਂ ਵੱਧ ਸਮੇਂ ਤੋਂ ਸ਼ਾਂਤਮਈ ਸੰਘਰਸ਼ ਕਰ ਰਹੇ ਮੋਰਚੇ ਨੂੰ ਨਜ਼ਰਅੰਦਾਜ਼ ਕਰਨਾ ਸਰਕਾਰਾਂ ਦੀ ਵੱਡੀ ਬੇਇਨਸਾਫ਼ੀ'

'ਬੱਸਾਂ ਲਿਆਉਣ ਤੋਂ ਲੈ ਕੇ ਹਰ ਸੇਵਾ ਲਈ ਪੰਥਕ ਅਕਾਲੀ ਦਲ ਤਿਆਰ'

ਸਿੰਘ ਸਾਹਿਬ ਨੇ ਕਿਹਾ ਕਿ ਕੌਮੀ ਇਨਸਾਫ਼ ਮੋਰਚੇ ਵੱਲੋਂ ਜੇਕਰ ਸੰਗਤਾਂ ਨੂੰ ਲਿਆਉਣ ਲਈ ਬੱਸਾਂ ਦਾ ਪ੍ਰਬੰਧ ਕਰਨ ਦੀ ਸੇਵਾ ਲਗਾਈ ਜਾਂਦੀ ਹੈ ਜਾਂ ਕਿਸੇ ਹੋਰ ਤਰ੍ਹਾਂ ਦੀ ਸੇਵਾ ਦੀ ਲੋੜ ਪੈਂਦੀ ਹੈ ਤਾਂ ਪੰਥਕ ਅਕਾਲੀ ਦਲ ਮੋਢੇ ਨਾਲ ਮੋਢਾ ਜੋੜ ਕੇ ਮੋਰਚੇ ਨਾਲ ਖੜ੍ਹਾ ਹੋਵੇਗਾ।

ਉਨ੍ਹਾਂ ਕਿਹਾ ਕਿ ਇਹ ਕਿਸੇ ਵਿਅਕਤੀ ਦਾ ਨਿੱਜੀ ਮਾਮਲਾ ਨਹੀਂ ਹੈ ਅਤੇ ਨਾ ਹੀ ਕੌਮੀ ਇਨਸਾਫ਼ ਮੋਰਚੇ ਦੇ ਆਗੂਆਂ ਦਾ ਕੋਈ ਨਿੱਜੀ ਸਵਾਰਥ ਹੈ। ਉਨ੍ਹਾਂ ਅਨੁਸਾਰ ਇਹ ਕੌਮ ਦੇ ਉਨ੍ਹਾਂ ਬੰਦੀਆਂ ਦਾ ਮਸਲਾ ਹੈ, ਜਿਨ੍ਹਾਂ ਦੀ ਰਿਹਾਈ ਲਈ ਲੰਮੇ ਸਮੇਂ ਤੋਂ ਆਵਾਜ਼ ਉਠਾਈ ਜਾ ਰਹੀ ਹੈ।

ਸੰਤ ਸਮਾਜ ਅਤੇ ਸਮੂਹ ਪੰਥਕ ਜਥੇਬੰਦੀਆਂ ਨੂੰ ਵੱਡੀ ਗਿਣਤੀ ਵਿੱਚ ਸ਼ਾਮਲ ਹੋਣ ਦੀ ਅਪੀਲ-ਸਿੰਘ ਸਾਹਿਬ ਭਾਈ ਜਸਬੀਰ ਸਿੰਘ ਖਾਲਸਾ ਨੇ ਸੰਤ ਸਮਾਜ, ਮਹਾਂਪੁਰਖਾਂ, ਧਾਰਮਿਕ ਜਥੇਬੰਦੀਆਂ, ਕਿਸਾਨ ਜਥੇਬੰਦੀਆਂ, ਰਾਜਨੀਤਿਕ ਧਿਰਾਂ ਅਤੇ ਸਮੁੱਚੀਆਂ ਪੰਥਕ ਜਥੇਬੰਦੀਆਂ ਨੂੰ ਅਪੀਲ ਕੀਤੀ ਕਿ ਇਸ ਮਸਲੇ 'ਤੇ ਵੱਡੀ ਪੱਧਰ 'ਤੇ ਇਕੱਠੇ ਹੋ ਕੇ ਕੌਮੀ ਇਨਸਾਫ਼ ਮੋਰਚੇ ਦਾ ਸਾਥ ਦਿੱਤਾ ਜਾਵੇ। ਉਨ੍ਹਾਂ ਕਿਹਾ ਕਿ ਜੇਕਰ ਇੰਨੇ ਲੰਮੇ ਸਮੇਂ ਤੋਂ ਚੱਲ ਰਹੇ ਸ਼ਾਂਤਮਈ ਮੋਰਚੇ ਨੂੰ ਸਰਕਾਰਾਂ ਵੱਲੋਂ ਅਣਦੇਖਾ ਕੀਤਾ ਜਾਂਦਾ ਹੈ ਤਾਂ ਇਹ ਬੇਚੈਨੀ ਦਾ ਕਾਰਨ ਬਣ ਸਕਦਾ ਹੈ। ਉਨ੍ਹਾਂ ਸਰਕਾਰਾਂ ਨੂੰ ਅਪੀਲ ਕੀਤੀ ਕਿ ਪੰਜਾਬ ਦੇ ਹਾਲਾਤ ਨੂੰ ਕਿਸੇ ਵੀ ਤਰ੍ਹਾਂ ਦੇ ਮਾੜੇ ਪਾਸੇ ਵੱਲ ਜਾਣ ਤੋਂ ਰੋਕਣ ਲਈ ਮਸਲੇ ਦਾ ਸ਼ਾਂਤਮਈ ਅਤੇ ਸੰਵਿਧਾਨਕ ਢੰਗ ਨਾਲ ਹੱਲ ਕੱਢਿਆ ਜਾਵੇ।

**'13 ਅਗਸਤ ਤੱਕ ਬੰਦੀ ਸਿੰਘਾਂ ਨੂੰ ਪੈਰੋਲ ਦੇ ਕੇ ਸਰਕਾਰ ਆਪਣੀ ਨੀਅਤ ਸਪੱਸ਼ਟ ਕਰੇ'**-ਸਿੰਘ ਸਾਹਿਬ ਨੇ ਕਿਹਾ ਕਿ ਕੌਮੀ ਇਨਸਾਫ਼ ਮੋਰਚੇ ਵੱਲੋਂ ਸਰਕਾਰ ਨੂੰ 13 ਅਗਸਤ ਤੱਕ ਦਾ ਸਮਾਂ ਦਿੱਤੇ ਜਾਣ ਦੀ ਗੱਲ ਕਹੀ ਗਈ ਹੈ। ਉਨ੍ਹਾਂ ਕਿਹਾ ਕਿ ਇਸ ਸਮੇਂ ਦੌਰਾਨ ਭਾਈ ਪਰਮਜੀਤ ਸਿੰਘ ਭਿਓਰਾ, ਭਾਈ ਜਗਤਾਰ ਸਿੰਘ ਹਵਾਰਾ ਸਮੇਤ ਬਾਕੀ ਬੰਦੀ ਸਿੰਘਾਂ ਨੂੰ ਪੈਰੋਲ ਦੇਣ ਸਬੰਧੀ ਠੋਸ ਕਾਰਵਾਈ ਕੀਤੀ ਜਾਣੀ ਚਾਹੀਦੀ ਹੈ।

ਉਨ੍ਹਾਂ ਕਿਹਾ ਕਿ ਜਦੋਂ 25-30 ਸਾਲ ਤੋਂ ਬੰਦੀ ਸਿੰਘ ਜੇਲ੍ਹਾਂ ਵਿੱਚ ਹਨ ਅਤੇ ਉਨ੍ਹਾਂ ਦੇ ਮਾਮਲੇ ਲੰਮੇ ਸਮੇਂ ਤੋਂ ਸਰਕਾਰਾਂ ਅਤੇ ਪ੍ਰਸ਼ਾਸਨ ਦੇ ਧਿਆਨ ਵਿੱਚ ਹਨ ਤਾਂ ਇਸ ਮਸਲੇ ਨੂੰ ਹੋਰ ਲਟਕਾਉਣਾ ਸਿੱਖ ਕੌਮ ਅੰਦਰ ਬੇਚੈਨੀ ਪੈਦਾ ਕਰ ਸਕਦਾ ਹੈ।

ਘੜੀਐ ਸਬਦੁ ਸਚੀ ਟਕਸਾਲ ॥

ਵਾਹਿਗੁਰੂ ਜੀ ਕਾ ਖਾਲਸਾ । ਵਾਹਿਗੁਰੂ ਜੀ ਕੀ ਫਤਿਹ ॥

# ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ ਵਿਖੇ

Gurdwara Sahib Shaeed Baba Deep Singh ji Casalmorano Cremona (Italy)



# ਮਹਾਨ ਗੁਰਮਤਿ ਸਮਾਗਮ

## 21, 22 ਅਤੇ 23 ਅਗਸਤ

- ਪੁਰਾਤਨ ਮਰਿਯਾਦਾ ਅਨੁਸਾਰ 25 ਸਿੰਘ ਲਾ ਕੇ ਸ੍ਰੀ ਅਖੰਡ ਪਾਠ ਸਾਹਿਬ ਜੀ ਦੀ ਅਰੰਭਤਾ ਹੋਵੇਗੀ
- ਸਲਾਨਾ ਬਰਸੀ ਸੱਚਖੰਡ ਵਾਸੀ ਦਮਦਮੀ ਟਕਸਾਲ ਦੇ 13 ਵੇਂ ਮੁਖੀ ਸ੍ਰੀਮਾਨ ਸੰਤ ਗਿਆਨੀ ਕਰਤਾਰ ਸਿੰਘ ਖਾਲਸਾ ਭਿੰਡਰਾਂਵਾਲਿਆ ਨੂੰ ਸਮਰਪਿਤ ਗੁਰਮਤਿ ਸਮਾਗਮ ਕਰਵਾਏ ਜਾ ਰਹੇ ਹਨ

ਸ਼ੁੱਕਰਵਾਰ 21 ਅਗਸਤ 10 ਵਜੇ ਸ੍ਰੀ ਅਖੰਡ ਪਾਠ ਸਾਹਿਬ ਦੀ ਆਰੰਭਤਾ ਹੋਵੇਗੀ ਸ਼ਾਮ 5 ਤੋਂ 8 ਵਜੇ ਤੱਕ ਦੀਵਾਨ ਸੱਜਣਗੇ, ਸ਼ਨਿੱਚਰਵਾਰ 22 ਅਗਸਤ ਸ਼ਾਮ 5 ਤੋਂ ਸਾਢੇ 8 ਵਜੇ ਤੱਕ ਦੀਵਾਨ ਸਜਣਗੇ

ਐਤਵਾਰ 23 ਅਗਸਤ 2026 ਨੂੰ 6:30 ਵਜੇ ਸਵੇਰੇ ਚੌਪੈਹਿਰੇ ਸਾਹਿਬ ਦੇ ਪਾਠਾਂ ਦੀ ਆਰੰਭਤਾ ਹੋਵੇਗੀ ਸਮੇਤ ਸੁਖਮਨੀ ਸਾਹਿਬ ਦੇ 9:30 ਵਜੇ ਭੋਗ ਪੈਣ ਉਪਰੰਤ 1:00 ਵਜੇ ਤੱਕ ਦੀਵਾਨ ਸਜਣਗੇ।

ਕਥਾ ਵਾਚਕ, ਕੀਰਤਨੀ ਜਥਾ,ਕਵੀਸ਼ਰੀ ਤੇ ਢਾਡੀ ਸਿੰਘ ਵਾਰਾਂ ਰਾਹੀਂ ਗੁਰਬਾਣੀ ਗੁਰ ਇਤਿਹਾਸ ਸਿੱਖ ਇਤਿਹਾਸ ਨਾਲ ਸਿੱਖ ਸੰਗਤਾਂ ਨੂੰ ਜੋੜਨਾ ਕਰਨਗੇ

ਪ੍ਰਬੰਧਕ ਸੇਵਾਦਾਰਾਂ ਅਤੇ ਇੰਟਰਨੈਸ਼ਨਲ ਪੰਥਕ ਦਲ ਦੇ ਸਿੰਘਾਂ ਅਤੇ ਇਲਾਕਾ ਨਿਵਾਸੀ ਸਮੂੰਹ ਸਾਧ ਸੰਗਤਾਂ ਵੱਲੋਂ ਸੇਵਾ ਨਿਭਾਈ ਜਾਂਦੀ ਹੈ।

ਗੁਰੂ ਕਾ ਲੰਗਰ ਅਤੁੱਟ ਵਰਤੇਗਾ

ਜ਼ਰੂਰੀ ਬੇਨਤੀ : ਗੱਤਕੇ ਦੀ ਸਿਖਲਾਈ ਹਰ ਐਤਵਾਰ 11:00 ਤੋਂ 1 : 00 ਵਜੇ ਤੱਕ ਦਿੱਤੀ ਜਾਂਦੀ ਹੈ।

★ ਗੁਰੂ ਪੰਥ ਦੇ ਦਾਸਰੇ ★

**ਸਾਧ ਸੰਗਤ, ਪ੍ਰਬੰਧਕ ਕਮੇਟੀ**

**ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ**

ਵਧੇਰੇ ਜਾਣਕਾਰੀ ਲਈ ਸੰਪਰਕ ਕਰੋ:-

ਭਾਈ ਪ੍ਰਗਟ ਸਿੰਘ (ਪ੍ਰਧਾਨ) 00393208124778

ਭਾਈ ਬਲਰਾਮ ਸਿੰਘ +393885751594

ਭਾਈ ਪ੍ਰਭਜੀਤ ਸਿੰਘ ਆਜਾਨੇਲੋ +393881079260

ਸ਼ੇਅਰ ਜ਼ਰੂਰ ਕਰੋ ਜੀ।

ਸਿੱਖ ਸੰਗਤਾਂ ਦੇ ਚਰਨਾਂ 'ਚ ਬੇਨਤੀ ਹੈ ਕਿ ਹੁੰਮ-ਹੁੰਮਾ ਕੇ ਪੁੱਜਣ ਦੀ ਕ੍ਰਿਪਾਲਤਾ ਕਰਨੀ ਜੀ।

**Gurdwara Sahib Shaeed Baba Deep Singh ji Damdami Taksaal**

Via Giacomo Matteotti 3Cap


26020Casalmorano Cremona (IT)

E-mail : gur.damdamitaksaalitaly@gmail.com

Call+393475711755 / 3208124778

## ਮੈਂ ਸਰੀਰਕ ਮੌਤ ਨੂੰ ਮੌਤ ਨਹੀ ਮੰਨਦਾ ਜਮੀਰ ਦਾ ਮਰਜਾਣਾ ਯਕੀਨਨ ਮੌਤ ਹੈ।

ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ




Physical death i do not fear
death of conscience is a sure death

Sant Jarnail Singh Ji Khalsa Bhindranwale

www.damdamitaksal.net



ਦਮਦਮੀ ਟਕਸਾਲ — ਚਲਦੀ ਸ਼ਬਦ ਸਚੀ ਟਕਸਾਲ ॥

ਨਾਮ ਜਪੋ / ਕਿਰਤ ਕਰੋ / ਵੰਡ ਛੱਕੋ — Naam Japo / Kirat Karo / Vand Shako

ਜਥਾ ਭਿੰਡਰਾਂ (ਮਹਿਤਾ)

www.damdamitaksal.net

ਵਾਹਿਗੁਰੂ ਜੀ ਕਾ ਖਾਲਸਾ॥ ਵਾਹਿਗੁਰੂ ਜੀ ਕੀ ਫਤਹਿ॥

WAHEGURU JI KA KHALSA WAHEGURU JI KI FATEH

**ਖੰਡੇ ਬਾਟੇ ਦੀ ਪਾਹੁਲ ਛੱਕ ਕੇ ਗੁਰੂ ਵਾਲੇ ਬਣੋ**

Khande Bate di Pahul Shak Ke Guru Wale Bano

**ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ**

Join Gurbani Santhia and Gurmat Sikhia

**ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ**

Learn Kirtan Katha Kavishri and Dhadi Waran

**ਗੁਰਮੁਖੀ ਪੰਜਾਬੀ ਸਿੱਖੋ**

Learn Gurmukhi Punjabi

**ਗਤਕਾ ਸਿੱਖੋ** Learn Gatka

www.damdamitaksal.net



## ਆਵਾਜ਼ਿ ਕੌਮ

Daily Newspaper from U.K.

Publisher/Chief Editor
**Raghbir Singh Walsal**
E-mail : awazeqaumtv@gmail.com

www.awazeqaumtv.com

for AWAZE QAUM Channel

https://youtu.be/LQwolgxDu7I
Contact :
+447458381111
+447976210161
+919729091243

ਆਵਾਜ਼ਿ ਕੌਮ AWAZE QAUM TV



ਭਾਈ ਰਘਵੀਰ ਸਿੰਘ ਵਾਲਸਾਲ
ਯੂ.ਕੇ. ਮੁੱਖ ਸੰਪਾਦਕ
Raghbir Singh Walsall uk


**ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ**

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ


ਦੇਗ ਤੇਗ ਫ਼ਤਿਹ – ਪੰਥ ਕੀ ਜੀਤ

ਹਮ ਰਾਖਤ ਪਾਤਿਸ਼ਾਹੀ ਦਾਵਾ ॥ ਜਾਂ ਇਤ ਕੋ ਜਾਂ ਅਗਲੋ ਪਾਵਾ ॥

## ਧੰਨ ਗੁਰੂ ਨਾਨਕ ਦੇਵ ਸਾਹਿਬ ਜੀ ਦੇ ਪ੍ਰਕਾਸ਼ ਪੁਰਬ ਤੇ ਮਾਤਾ ਸਾਹਿਬ ਕੌਰ ਜੀ ਦੇ ਜਨਮ ਦਿਹਾੜੇ ਨੂੰ ਸਮਰਪਿਤ



ਧੰਨ-ਧੰਨ ਮਾਤਾ ਸਾਹਿਬ ਕੌਰ ਜੀ

# ਗੁਰਮਤਿ ਸਮਾਗਮ

**1 ਨਵੰਬਰ 2026, ਦਿਨ ਐਤਵਾਰ ਨੂੰ**

ਬੱਬਰਾਂ ਦੇ ਹਾਈ ਕੋਰਟ ਗੁਰਦੁਆਰਾ ਸ਼ਹੀਦਾਂ, ਜੱਸੋਵਾਲ ਵਿਖੇ

ਬੜੀ ਸ਼ਰਧਾ ਨਾਲ ਕਰਵਾਇਆ ਜਾ ਰਿਹਾ ਹੈ।



ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂ ਵਾਲੇ

ਲੜੀ ਅਰੰਭ ਸ੍ਰੀ ਅਖੰਡ ਪਾਠ ਸਾਹਿਬ -20 ਅਕਤੂਬਰ, ਮੰਗਲਵਾਰ, ਸਵੇਰੇ 10 ਵਜੇ

ਲੜੀ ਭੋਗ ਸ੍ਰੀ ਅਖੰਡ ਪਾਠ ਸਾਹਿਬ -1 ਨਵੰਬਰ, ਐਤਵਾਰ, ਸਵੇਰੇ 9 ਵਜੇ



ਜੋੜ ਮੇਲੇ ਵਿੱਚ ਸਿੰਘ ਸਾਹਿਬਾਨ, ਦਮਦਮੀ ਟਕਸਾਲ, ਸੰਤ ਮਹਾਂਪੁਰਸ਼, ਸੰਪਰਦਾਵਾਂ ਦੇ ਮੁਖੀ, ਨਿਹੰਗ ਸਿੰਘ ਜਥੇਬੰਦੀਆਂ, ਸ਼੍ਰੋਮਣੀ ਕਮੇਟੀ ਮੈਂਬਰ, ਨਿਰਮਲੇ, ਉਦਾਸੀ, ਧਾਰਮਿਕ, ਕਿਸਾਨ ਆਗੂ, ਹਰ ਪਾਰਟੀ ਦੇ ਸਿਆਸੀ ਲੀਡਰ, ਇੰਟਰਨੈਸ਼ਨਲ ਪੰਥਕ ਦਲ ਯੂ.ਕੇ. ਅਤੇ ਭਾਰਤ ਦੇ ਸਮੂਹ ਅਹੁਦੇਦਾਰ ਅਤੇ ਨਾਮਵਰ ਰਾਗੀ-ਢਾਡੀ-ਕਵੀਸ਼ਰ ਜਥੇ ਪਹੁੰਚ ਰਹੇ ਹਨ।

**ਨੋਟ : ਇਹ ਸਮਾਗਮ 13 ਦਿਨ ਚੱਲੇਗਾ**

ਸਮੂਹ ਸੰਗਤ ਨੂੰ ਪਹੁੰਚਣ ਲਈ ਬੇਨਤੀ ਕੀਤੀ ਜਾਂਦੀ ਹੈ। ਗੁਰੂ ਦੇ ਲੰਗਰ ਅਤੇ ਚਾਹ ਪਕੌੜਿਆਂ ਦੇ ਲੰਗਰ ਅਤੁੱਟ ਵਰਤਣਗੇ।

ਬੇਨਤੀ ਕਰਤਾ **ਸੰਤ ਬਾਬਾ ਚਰਨਜੀਤ ਸਿੰਘ ਜੱਸੋਵਾਲ 98141-27470**

**ਜਥੇਦਾਰਨੀ ਬੀਬੀ ਸੁਰਿੰਦਰ ਕੌਰ 73408-35137**

**ਦਮਦਮੀ ਟਕਸਾਲ ਵਾਲੇ ਅੰਤਰਰਾਸ਼ਟਰੀ ਮੁੱਖ ਬੁਲਾਰਾ ਇੰਟਰਨੈਸ਼ਨਲ ਪੰਥਕ ਦੱਲ**

ਜਾਰੀ ਕਰਤਾ : ਭਾਈ ਜਰਨੈਲ ਸਿੰਘ ਢਿੱਲੋਂ, ਬੀਬੀ ਅਰਸ਼ਪ੍ਰੀਤ ਕੌਰ 84278-66404, ਜ: ਹਰਜੋਤ ਸਿੰਘ ਢਿੱਲੋਂ, ਜ: ਮਹਿਤਾਬ ਸਿੰਘ ਢਿੱਲੋਂ

ਸੰਪਰਕ ਨੰਬਰ 84278-66404


Vehicle360
Professional Car Repairs & Servicing
West Bromwich
CAR SERVICES – ALL MAKES & MODELS
FREE VEHICLE HEALTH CHECK
Full & Interim Servicing
Diagnostics & Fault Finding
Clutches & Gearboxes
Timing Chains & Cambelts
DPF & Engine Repairs
Brakes, Suspension & Exhausts
Experienced mechanics
(7–10 years)
Honest advice & fair pricing
Quality / OEM parts used
CALL NOW: 0121 269 9586
12 Ridgacre Rd, West Bromwich, B71 1DB
Your local trusted garage
ਆਵਾਜ਼ਿ ਕੌਮ AWAZE QAUM
International Newspaper & WEB TV




**ਅਮਿਤ ਸ਼ਾਹ ਸੰਸਦ ਵਿੱਚ ਜਵਾਬ ਦੇਣ ਲਈ ਤਿਆਰ, ਫਿਰ ਰਾਹੁਲ ਗਾਂਧੀ ਬਹਿਸ ਤੋਂ ਕਿਉਂ ਭੱਜ ਰਹੇ ਹਨ ?: ਪ੍ਰੋ. ਸਰਚਾਂਦ ਸਿੰਘ ਖਿਆਲਾ**

# ਰਾਹੁਲ ਗਾਂਧੀ ਸਵਾਲ ਪੁੱਛਣ ਤੋਂ ਪਹਿਲਾਂ ਜਵਾਬ ਸੁਣਨ ਦੀ ਹਿੰਮਤ ਦਿਖਾਉਣ



**ਅੰਮ੍ਰਿਤਸਰ, 11 ਅਗਸਤ (ਆਵਾਜ਼ਿ ਕੌਮ ਬਿਊਰੋ)**- ਭਾਜਪਾ ਪੰਜਾਬ ਦੇ ਬੁਲਾਰੇ ਪ੍ਰੋ. ਸਰਚਾਂਦ ਸਿੰਘ ਖਿਆਲਾ ਨੇ ਕਾਂਗਰਸ ਆਗੂ ਅਤੇ ਲੋਕ ਸਭਾ ਵਿੱਚ ਵਿਰੋਧੀ ਧਿਰ ਦੇ ਨੇਤਾ ਰਾਹੁਲ ਗਾਂਧੀ 'ਤੇ ਤਿੱਖਾ ਹਮਲਾ ਕਰਦਿਆਂ ਕਿਹਾ ਕਿ ਰਾਹੁਲ ਗਾਂਧੀ ਦੀ ਰਾਜਨੀਤੀ ਦਾ ਸਭ ਤੋਂ ਵੱਡਾ ਵਿਰੋਧਾਭਾਸ ਇਹ ਹੈ ਕਿ ਉਹ ਸਵਾਲ ਤਾਂ ਪੁੱਛਣਾ ਚਾਹੁੰਦੇ ਹਨ, ਪਰ ਉਨ੍ਹਾਂ ਸਵਾਲਾਂ ਦੇ ਜਵਾਬ ਸੁਣਨ ਲਈ ਤਿਆਰ ਨਹੀਂ। ਰਾਹੁਲ ਗਾਂਧੀ ਦੀ ਰਾਜਨੀਤੀ ਹੁਣ 'ਮੁੱਦਿਆਂ 'ਤੇ ਚਰਚਾ ਨਹੀਂ, ਸਗੋਂ ਮੁੱਦਿਆਂ 'ਤੇ ਹੰਗਾਮਾ' ਤੱਕ ਸੀਮਤ ਹੋ ਕੇ ਰਹਿ ਗਈ ਹੈ। ਉਨ੍ਹਾਂ ਕਿਹਾ – "ਰਾਹੁਲ ਗਾਂਧੀ ਜੀ, ਸਵਾਲ ਪੁੱਛਣੇ ਹਨ ਤਾਂ ਪੂਰੇ ਹੱਕ ਨਾਲ ਪੁੱਛੋ, ਪਰ ਜਵਾਬ ਸੁਣਨ ਦੀ ਹਿੰਮਤ ਵੀ ਰੱਖੋ। ਸੰਸਦ ਬਹਿਸ ਦਾ ਮੰਚ ਹੈ—ਭੱਜਣ ਦਾ ਨਹੀਂ।"

ਪ੍ਰੋ. ਖਿਆਲਾ ਨੇ ਕਿਹਾ ਕਿ ਸਰਕਾਰ ਨੇ ਚਰਚਾ ਤੋਂ ਇਨਕਾਰ ਨਹੀਂ ਕੀਤਾ। ਕੇਂਦਰੀ ਗ੍ਰਹਿ ਮੰਤਰੀ ਸ੍ਰੀ ਅਮਿਤ ਸ਼ਾਹ ਖ਼ੁਦ ਸੰਸਦ ਵਿੱਚ ਇਸ ਮਾਮਲੇ 'ਤੇ ਜਵਾਬ ਦੇਣ ਲਈ ਤਿਆਰ ਹਨ। ਫਿਰ ਰਾਹੁਲ ਗਾਂਧੀ ਨੂੰ ਬਹਿਸ ਤੋਂ ਡਰ ਕਿਉਂ ਲੱਗ ਰਿਹਾ ਹੈ ? ਉਨ੍ਹਾਂ ਕਿਹਾ ਕਿ ਰਾਹੁਲ ਗਾਂਧੀ ਵੱਲੋਂ ਸੰਸਦ ਦੀ ਕਾਰਵਾਈ ਵਿੱਚ ਲਗਾਤਾਰ ਵਿਘਨ ਪਾਉਣ ਅਤੇ ਸਰਕਾਰ ਵੱਲੋਂ ਚਰਚਾ ਲਈ ਤਿਆਰੀ ਦੇ ਬਾਵਜੂਦ ਬਹਿਸ ਤੋਂ ਪਿੱਛੇ ਹਟਣਾ ਰਾਹੁਲ ਗਾਂਧੀ ਦੀ ਨੀਅਤ ਅਤੇ ਸੰਸਦੀ ਭੂਮਿਕਾ 'ਤੇ ਸਵਾਲ ਖੜ੍ਹੇ ਕਰਦਾ ਹੈ।

ਪ੍ਰੋ. ਖਿਆਲਾ ਨੇ ਵਿਦਿਆਰਥੀਆਂ ਦੇ ਨਾਮ 'ਤੇ ਰਾਜਨੀਤੀ ਕਰਨ ਵਾਲੇ ਰਾਹੁਲ ਗਾਂਧੀ ਅਤੇ ਕਾਂਗਰਸ ਦੀ ਝਾਰਖੰਡ ਦੇ ਵਿਦਿਆਰਥੀਆਂ ਲਈ ਚੁੱਪੀ 'ਤੇ ਸਵਾਲ ਉਠਾਉਂਦਿਆਂ ਕਿਹਾ ਕਿ ਇਹ ਲੋਕ ਆਪਣੇ ਆਪ ਨੂੰ ਨੌਜਵਾਨਾਂ ਅਤੇ ਵਿਦਿਆਰਥੀਆਂ ਦੀ ਆਵਾਜ਼ ਦੱਸਦੇ ਨਹੀਂ ਥੱਕਦੇ, ਪਰ ਜਦੋਂ ਝਾਰਖੰਡ ਜਿੱਥੇ ਉਨ੍ਹਾਂ ਦੇ ਸਹਿਯੋਗੀਆਂ ਦੀ ਸਰਕਾਰ ਹੈ ਵਿੱਚ ਵਿਦਿਆਰਥੀਆਂ ਨਾਲ ਪੁਲਿਸ ਕਾਰਵਾਈ ਅਤੇ ਕਥਿਤ ਤਸ਼ੱਦਦ ਦੇ ਦੋਸ਼ ਸਾਹਮਣੇ ਆਏ ਤਾਂ ਉਨ੍ਹਾਂ ਦੀ ਆਵਾਜ਼ ਅਚਾਨਕ ਬੰਦ ਕਿਉਂ ਹੋ ਗਈ ?

ਉਨ੍ਹਾਂ ਕਿਹਾ ਕਿ ਵਿਦਿਆਰਥੀਆਂ ਨਾਲ ਕਿਸੇ ਵੀ ਤਰ੍ਹਾਂ ਦੀ ਜ਼ਿਆਦਤੀ ਨੂੰ ਜਾਇਜ਼ ਨਹੀਂ ਠਹਿਰਾਇਆ ਜਾ ਸਕਦਾ। ਜੇ ਝਾਰਖੰਡ ਵਿੱਚ ਪੁਲਿਸ ਵੱਲੋਂ ਕਾਨੂੰਨ ਦੀ ਹੱਦ ਪਾਰ ਕਰਨ ਦੇ ਦੋਸ਼ ਹਨ ਤਾਂ ਉਨ੍ਹਾਂ ਦੀ ਨਿਰਪੱਖ ਜਾਂਚ ਹੋਣੀ ਚਾਹੀਦੀ ਹੈ। ਪਰ ਕਾਂਗਰਸ ਨੂੰ ਇਹ ਵੀ ਸਪੱਸ਼ਟ ਕਰਨਾ ਚਾਹੀਦਾ ਹੈ ਕਿ ਵਿਦਿਆਰਥੀਆਂ ਦੇ ਅਧਿਕਾਰ ਸਿਰਫ਼ ਉਸ ਵੇਲੇ ਹੀ ਕਿਉਂ ਯਾਦ ਆਉਂਦੇ ਹਨ ਜਦੋਂ ਉਨ੍ਹਾਂ ਵਿੱਚੋਂ ਕੋਈ ਮੁੱਦਾ ਕੇਂਦਰ ਸਰਕਾਰ ਖ਼ਿਲਾਫ਼ ਸਿਆਸੀ ਹਥਿਆਰ ਬਣ ਸਕੇ ?

ਭਾਜਪਾ ਬੁਲਾਰੇ ਨੇ ਕਿਹਾ ਕਿ ਕਾਂਗਰਸ ਦੀ ਰਾਜਨੀਤੀ ਵਿੱਚ ਹੁਣ ਇੱਕ ਸਪੱਸ਼ਟ ਪੈਟਰਨ ਨਜ਼ਰ ਆ ਰਿਹਾ ਹੈ—ਜਿਸ ਘਟਨਾ ਤੋਂ ਕੇਂਦਰ ਸਰਕਾਰ ਨੂੰ ਘੇਰਨ ਦਾ ਮੌਕਾ ਮਿਲੇ, ਉਸ 'ਤੇ ਤੁਰੰਤ ਸਿਆਸੀ ਮੁਹਿੰਮ; ਪਰ ਜਿੱਥੇ ਉਸ ਦੀ ਆਪਣੀ ਸਿਆਸੀ ਜ਼ਿੰਮੇਵਾਰੀ ਜਾਂ ਸਹਿਯੋਗੀ ਸਰਕਾਰਾਂ ਸਵਾਲਾਂ ਦੇ ਘੇਰੇ ਵਿੱਚ ਆਉਣ, ਉੱਥੇ ਚੁੱਪੀ। ਉਨ੍ਹਾਂ ਕਿਹਾ ਕਿ ਵਿਦਿਆਰਥੀਆਂ ਦੇ ਮਸਲਿਆਂ ਨੂੰ ਸਿਆਸੀ ਪੋਸਟਰ ਅਤੇ ਨਾਅਰੇ ਬਣਾਉਣ ਦੀ ਬਜਾਏ ਉਨ੍ਹਾਂ ਦੇ ਹੱਲ ਲਈ ਸੰਸਦ ਵਿੱਚ ਠੋਸ ਚਰਚਾ ਹੋਣੀ ਚਾਹੀਦੀ ਹੈ। ਕੈਮਰੇ ਸਾਹਮਣੇ ਹੰਗਾਮਾ ਕਰਨਾ ਆਸਾਨ ਹੈ, ਪਰ ਸੰਸਦ ਦੇ ਅੰਦਰ ਤੱਥਾਂ ਨਾਲ ਸਰਕਾਰ ਨੂੰ ਘੇਰਨਾ ਸਿਆਸੀ ਸਮਰੱਥਾ ਦੀ ਅਸਲ ਪਰਖ ਹੈ। ਪਰ ਸੰਸਦ ਨੂੰ ਹੀ ਚੱਲਣ ਨਾ ਦੇਵੇ ਉਹ ਜ਼ਿੰਮੇਵਾਰ ਵਿਰੋਧੀ ਧਿਰ ਅਖਵਾਉਣ ਦਾ ਹੱਕਦਾਰ ਨਹੀਂ।

ਉਨ੍ਹਾਂ ਕਿਹਾ ਕਿ ਜਦੋਂ ਮਾਨਸੂਨ ਸੈਸ਼ਨ ਦੇ ਆਖ਼ਰੀ ਦਿਨ ਨੇੜੇ ਹਨ ਅਤੇ ਦੇਸ਼ ਦੇ ਸਾਹਮਣੇ ਬੇਸ਼ੁਮਾਰ ਮਹੱਤਵਪੂਰਨ ਮੁੱਦੇ ਹਨ, ਉਸ ਸਮੇਂ ਲਗਾਤਾਰ ਹੰਗਾਮੇ ਕਾਰਨ ਕਾਰਵਾਈ ਦਾ ਪ੍ਰਭਾਵਿਤ ਹੋਣਾ ਲੋਕਤੰਤਰ ਲਈ ਚੰਗਾ ਸੰਕੇਤ ਨਹੀਂ।

ਉਨ੍ਹਾਂ ਕਿਹਾ ਕਿ ਦੇਸ਼ ਦੇ ਕਰੋੜਾਂ ਟੈਕਸ ਦਾਤਿਆਂ ਦੇ ਪੈਸੇ ਨਾਲ ਸੰਸਦ ਚੱਲਦੀ ਹੈ। ਸੰਸਦ ਦਾ ਹਰ ਮਿੰਟ ਦੇਸ਼ ਦੀ ਜਨਤਾ ਨਾਲ ਜੁੜਿਆ ਹੋਇਆ ਹੈ। ਇਸ ਲਈ ਇਸ ਨੂੰ ਹੰਗਾਮੇ ਦੀ ਭੇਟ ਚੜ੍ਹਾਉਣਾ ਗੰਭੀਰ ਜ਼ਿੰਮੇਵਾਰੀ ਤੋਂ ਭੱਜਣਾ ਹੈ।

ਪ੍ਰੋ. ਸਰਚਾਂਦ ਸਿੰਘ ਖਿਆਲਾ ਨੇ ਰਾਹੁਲ ਗਾਂਧੀ ਨੂੰ ਸਿੱਧੇ ਸਵਾਲ ਕਰਦਿਆਂ ਕਿਹਾ ਕਿ ਜਦੋਂ ਗ੍ਰਹਿ ਮੰਤਰੀ ਸੰਸਦ ਵਿੱਚ ਚਰਚਾ ਅਤੇ ਜਵਾਬ ਲਈ ਤਿਆਰ ਹਨ ਤਾਂ ਕਾਂਗਰਸ ਚਰਚਾ ਤੋਂ ਕਿਉਂ ਪਿੱਛੇ ਹਟ ਰਹੀ ਹੈ ? ਜੇ ਤੁਹਾਡੇ ਕੋਲ ਵਿਦਿਆਰਥੀਆਂ 'ਤੇ ਪੁਲਿਸ ਕਾਰਵਾਈ ਬਾਰੇ ਤੱਥ ਹਨ ਤਾਂ ਉਨ੍ਹਾਂ ਨੂੰ ਸੰਸਦ ਦੇ ਰਿਕਾਰਡ 'ਤੇ ਕਿਉਂ ਨਹੀਂ ਰੱਖਦੇ ? ਝਾਰਖੰਡ ਦੇ ਵਿਦਿਆਰਥੀਆਂ ਨਾਲ ਕਥਿਤ ਪੁਲਿਸ ਜ਼ਿਆਦਤੀ ਦੇ ਮਾਮਲੇ ਵਿੱਚ ਤੁਹਾਡੀ ਸਪੱਸ਼ਟ ਅਤੇ ਜਨਤਕ ਪ੍ਰਤੀਕਿਰਿਆ ਕਿੱਥੇ ਹੈ ? ਕੀ ਵਿਦਿਆਰਥੀਆਂ ਦੇ ਹੱਕਾਂ ਦਾ ਮੁੱਦਾ ਕਾਂਗਰਸ ਲਈ ਸਿਰਫ਼ ਕੇਂਦਰ ਸਰਕਾਰ ਨੂੰ ਘੇਰਨ ਦਾ ਸਿਆਸੀ ਸਾਧਨ ਹੈ ? ਜੇ ਸੰਸਦ ਵਿੱਚ ਸਰਕਾਰ ਨੂੰ ਸਵਾਲ ਕਰਨ ਦਾ ਮੌਕਾ ਮਿਲ ਰਿਹਾ ਹੈ ਤਾਂ ਸੰਸਦ ਦੀ ਕਾਰਵਾਈ ਰੋਕ ਕੇ ਤੁਸੀਂ ਕਿਸ ਦੇ ਹਿੱਤ ਦੀ ਰੱਖਿਆ ਕਰ ਰਹੇ ਹੋ ? ਪ੍ਰੋ. ਖਿਆਲਾ ਨੇ ਕਿਹਾ ਕਿ ਭਾਜਪਾ ਸੰਸਦੀ ਲੋਕਤੰਤਰ ਵਿੱਚ ਰਚਨਾਤਮਿਕ ਵਿਰੋਧ ਦੇ ਹੱਕ ਦਾ ਸਨਮਾਨ ਕਰਦੀ ਹੈ, ਪਰ ਵਿਰੋਧ ਦੇ ਨਾਮ 'ਤੇ ਸੰਸਦ ਨੂੰ ਬੰਧਕ ਬਣਾਉਣ ਦੀ ਰਾਜਨੀਤੀ ਨੂੰ ਦੇਸ਼ ਦੀ ਜਨਤਾ ਕਦੇ ਸਵੀਕਾਰ ਨਹੀਂ ਕਰੇਗੀ।

## ਵਰ੍ਹੇਗੰਢ ਮੁਬਾਰਕ



ਸਤਨਾਮ ਸਿੰਘ, ਇੰਦਰਪ੍ਰੀਤ ਕੌਰ ਨੇ ਆਪਣੇ ਵਿਆਹ ਦੀ 18 ਵੀ ਵਰ੍ਹੇਗੰਡ ਮਨਾਈ ਵਾਸੀ ਚੰਨਣਕੇ ( ਫੋਟੋ ਵੇਰਵਾ ਬਾਬਾ ਸੁਖਵੰਤ ਸਿੰਘ ਚੰਨਣਕੇ ਚੌਕ ਮਹਿਤਾ)


ਸੱਦਾ-ਪੱਤਰ
ੴ ਸਤਿਗੁਰ ਪ੍ਰਸਾਦਿ ॥
ਸ਼ਹੀਦ ਬਾਬਾ ਬੇਅੰਤ ਸਿੰਘ ਜੀ ਦੀ ਯਾਦ ਵਿੱਚ
ਗੁ: ਸ਼ਹੀਦਾਂ ਸਿੰਘਾਂ ਮੇਨ ਰੋਡ ਪਿੰਡ ਚੌਹੜਾ-ਡਘਾਮ (ਕੋਟ ਪੱਲੀਆਂ) ਵਿਖੇ
ਮਿਤੀ 22 ਅਗਸਤ 2026 ਦਿਨ ਸ਼ਨੀਵਾਰ ਨੂੰ
ਬਰਸੀ ਸਮਾਗਮ
ਆਪ ਜੀ ਨੂੰ ਨਿਮਰਤਾ ਸਹਿਤ ਬੇਨਤੀ ਹੈ ਕਿ ਬਰਸੀ ਸਮਾਗਮ ਵਿੱਚ ਆਪ ਜੀ ਨੇ ਪਰਿਵਾਰ ਅਤੇ ਵੱਧ ਤੋਂ ਵੱਧ ਸੰਗਤਾਂ ਸਮੇਤ ਪਹੁੰਚਣ ਦੀ ਕ੍ਰਿਪਾਲਤਾ ਕਰਨੀ ਜੀ।
20 ਅਗਸਤ ਦਿਨ ਵੀਰਵਾਰ ਨੂੰ ਅਰੰਭ ਸ੍ਰੀ ਅਖੰਡਪਾਠ ਸਾਹਿਬ ਜੀ
22 ਅਗਸਤ ਦਿਨ ਸ਼ਨੀਵਾਰ ਨੂੰ ਭੋਗ ਉਪਰੰਤ ਦੀਵਾਨ ਸਜਣਗੇ
ਸਿੰਘ ਸਾਹਿਬ ਗਿਆਨੀ ਜਸਵੀਰ ਸਿੰਘ ਜੀ ਰੋਡੇ
(ਸਾਬਕਾ ਜਥੇਦਾਰ ਸ੍ਰੀ ਅਕਾਲ ਤਖ਼ਤ ਸਾਹਿਬ) ਸਰਪ੍ਰਸਤ ਪੰਥਕ ਅਕਾਲੀ ਦਲ
ਪਹੁੰਚ ਰਹੇ ਪੰਥ ਪ੍ਰਸਿੱਧ ਕਥਾ ਵਾਚਕ, ਕਵੀਸ਼ਰੀ ਅਤੇ ਕੀਰਤਨੀ ਜਥੇ :-
* ਭਾਈ ਬਲਵੰਤ ਸਿੰਘ ਬਕਾਪੁਰ ਵਾਲੇ
* ਉਸਤਾਦ ਗਿਆਨੀ ਬਲਕਾਰ ਸਿੰਘ ਜੀ ਗੁਰੂ ਨਾਨਕ ਦਲ ਮੜ੍ਹੀਆਂ ਵਾਲੇ
* ਭਾਈ ਬਿਕਰਮਜੀਤ ਸਿੰਘ ਮਹਿੰਦਪੁਰ ਵਾਲੇ
* ਗਿਆਨੀ ਕੇਵਲ ਸਿੰਘ ਮਹਿਤਾ, ਕੋਮਲ ਅਤੇ ਸੋਹੀ ਭਰਾ (ਪੰਥ ਪ੍ਰਸਿੱਧ ਕਵੀਸ਼ਰ ਜਥਾ)
ਗੁਰੂ ਕਾ ਲੰਗਰ ਅਤੁੱਟ ਵਰਤੇਗਾ ਜੀ
ਗੁਰਦੁਆਰਾ ਸ਼ਹੀਦਾਂ ਸਿੰਘਾਂ ਦੀ ਇਮਾਰਤ ਦੀ ਕਾਰ ਸੇਵਾ ਚੱਲ ਰਹੀ ਹੈ
ਸੰਗਤਾਂ ਤਨ-ਮਨ-ਧੰਨ ਨਾਲ ਯੋਗਦਾਨ ਪਾਓ ਜੀ।
ਨੋਟ : ਗੁਰਦੁਆਰਾ ਸਾਹਿਬ ਵਿਖੇ ਗੁਰਬਾਣੀ ਦੀ ਸੰਥਿਆ ਕਰਵਾਈ ਜਾਂਦੀ ਹੈ।
ਬੇਨਤੀ ਕਰਤਾ
ਜਥੇਦਾਰ ਸਵਰਨਜੀਤ ਸਿੰਘ
(ਮੁਖੀ ਮਿਸਲ ਸ਼ਹੀਦਾਂ ਤਰਨਾ ਦਲ, ਦੋਆਬਾ) 98760-81108
ਏਕ ਨੂਰ ਸਵੈ-ਸੇਵੀ ਸੰਸਥਾ (ਰਜਿ.) ਪਠਲਾਵਾ
ਸਮੂਹ ਸੇਵਾਦਾਰ ਅਤੇ ਇਲਾਕੇ ਦੀਆਂ ਸੰਗਤਾਂ।
ਆਵਾਜ਼ਿ ਕੌਮ AWAZE QAUM
International Newspaper & WEB TV



ਸ਼ਹੀਦ ਭਾਈ ਅਵਤਾਰ ਸਿੰਘ ਖੰਡਾ

## ਸ਼ਹੀਦਾਂ ਦੀ ਸੋਚ ਨੂੰ ਜਿਊਂਦਾ ਰੱਖਣ ਲਈ

# ਨਵੀਂ ਪੀੜ੍ਹੀ ਨੂੰ ਸਿੱਖੀ ਅਤੇ ਵਿਰਸੇ ਨਾਲ ਜੋੜਨਾ ਜ਼ਰੂਰੀ — ਬੀਬੀ ਚਰਨਜੀਤ ਕੌਰ

## ਸ਼ਹੀਦ ਭਾਈ ਕੁਲਵੰਤ ਸਿੰਘ ਖੁਖਰਾਣਾ ਦੀ ਧਰਮ ਸੁਪਤਨੀ ਤੇ ਸ਼ਹੀਦ ਭਾਈ ਅਵਤਾਰ ਸਿੰਘ ਖੰਡਾ ਦੀ ਮਾਤਾ ਦਾ ਵੁਲਵਰਹੈਂਪਟਨ ਵਿਖੇ ਨਿੱਘਾ ਸਵਾਗਤ ਅਤੇ ਸਨਮਾਨ





ਗੁਰੂ ਨਾਨਕ ਗੁਰਦੁਆਰਾ ਸਾਹਿਬ, ਬੈਂਸਫੀਲਡ, ਵੁਲਵਰਹੈਂਪਟਨ ਵਿਖੇ ਸਿੱਖ ਸੰਗਤਾਂ ਨੂੰ ਸੰਬੋਧਨ ਕਰਦੇ ਹੋਏ ਬੀਬੀ ਚਰਨਜੀਤ ਕੌਰ।




ਬੀਬੀ ਚਰਨਜੀਤ ਕੌਰ ਦਾ ਸਿਰੋਪਾਓ ਦੇ ਕੇ ਸਨਮਾਨ ਕਰਦੀ ਹੋਈ ਗੁਰਦੁਆਰਾ ਪ੍ਰਬੰਧਕ ਕਮੇਟੀ।



ਇੰਟਰਨੈਸ਼ਨਲ ਪੰਥਕ ਦਲ ਦੇ ਮੈਂਬਰ ਬੀਬੀ ਚਰਨਜੀਤ ਕੌਰ ਨਾਲ ਮੁਲਾਕਾਤ ਕਰਕੇ ਦੁੱਖ ਸਾਂਝਾ ਕਰਦੇ ਹੋਏ।







ਗੁਰੂ ਨਾਨਕ ਗੁਰਦੁਆਰਾ ਸਾਹਿਬ ਵਿਖੇ ਕਰਵਾਏ ਗਏ ਸਮਾਗਮ ਦੌਰਾਨ ਹਾਜ਼ਰ ਸਿੱਖ ਸੰਗਤਾਂ ਦਾ ਇੱਕ ਦ੍ਰਿਸ਼।

**ਵੁਲਵਰਹੈਂਪਟਨ, 9 ਅਗਸਤ (ਆਵਾਜ਼ਿ ਕੌਮ ਬਿਊਰੋ)—** ਸ਼ਹੀਦ ਭਾਈ ਕੁਲਵੰਤ ਸਿੰਘ ਖੁਖਰਾਣਾ ਦੀ ਧਰਮ ਸੁਪਤਨੀ ਅਤੇ ਸ਼ਹੀਦ ਭਾਈ ਅਵਤਾਰ ਸਿੰਘ ਖੰਡਾ ਦੀ ਮਾਤਾ ਬੀਬੀ ਚਰਨਜੀਤ ਕੌਰ ਐਤਵਾਰ ਨੂੰ ਗੁਰੂ ਨਾਨਕ ਗੁਰਦੁਆਰਾ ਸਾਹਿਬ, ਬੈਂਸਫੀਲਡ, ਵੁਲਵਰਹੈਂਪਟਨ ਵਿਖੇ ਪਹੁੰਚੇ, ਜਿੱਥੇ ਸਿੱਖ ਸੰਗਤਾਂ ਵੱਲੋਂ ਉਨ੍ਹਾਂ ਦਾ ਨਿੱਘਾ ਸਵਾਗਤ ਕੀਤਾ ਗਿਆ। ਇਸ ਮੌਕੇ ਬੀਬੀ ਜੀ ਨੇ ਸੰਗਤਾਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਸ਼ਹੀਦਾਂ ਦੀ ਸੋਚ ਨੂੰ ਜਿਊਂਦਾ ਰੱਖਣ ਲਈ ਨਵੀਂ ਪੀੜ੍ਹੀ ਨੂੰ ਸਿੱਖੀ, ਆਪਣੇ ਇਤਿਹਾਸ ਅਤੇ ਕੌਮੀ ਵਿਰਸੇ ਨਾਲ ਜੋੜਨਾ ਸਮੇਂ ਦੀ ਮੁੱਖ ਲੋੜ ਹੈ।

ਬੀਬੀ ਚਰਨਜੀਤ ਕੌਰ ਦੇ ਸੰਬੋਧਨ ਤੋਂ ਪਹਿਲਾਂ ਗੁਰੂ ਘਰ ਦੇ ਸਟੇਜ ਸਕੱਤਰ ਭਾਈ ਜਸਵਿੰਦਰ ਸਿੰਘ ਨੇ ਸੰਗਤਾਂ ਨੂੰ ਸੰਬੋਧਨ ਕਰਦਿਆਂ ਸ਼ਹੀਦ ਭਾਈ ਕੁਲਵੰਤ ਸਿੰਘ ਖੁਖਰਾਣਾ ਦੀ ਸ਼ਹਾਦਤ ਅਤੇ ਸਿੱਖ ਸੰਘਰਸ਼ ਵਿੱਚ ਉਨ੍ਹਾਂ ਵੱਲੋਂ ਦਿੱਤੀ ਮਹਾਨ ਕੁਰਬਾਨੀ ਦਾ ਜ਼ਿਕਰ ਕੀਤਾ। ਉਨ੍ਹਾਂ ਕਿਹਾ ਕਿ ਭਾਈ ਕੁਲਵੰਤ ਸਿੰਘ ਖੁਖਰਾਣਾ ਦੀ ਕੁਰਬਾਨੀ ਨੂੰ ਕੌਮ ਹਮੇਸ਼ਾ ਯਾਦ ਰੱਖੇਗੀ।

ਭਾਈ ਜਸਵਿੰਦਰ ਸਿੰਘ ਨੇ ਸ਼ਹੀਦ ਭਾਈ ਅਵਤਾਰ ਸਿੰਘ ਖੰਡਾ ਦੇ ਜੀਵਨ ਬਾਰੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਉਨ੍ਹਾਂ ਦਾ ਜਨਮ ਸੰਤ ਜਰਨੈਲ ਸਿੰਘ ਖਾਲਸਾ ਭਿੰਡਰਾਂਵਾਲਿਆਂ ਦੇ ਜੱਦੀ ਪਿੰਡ ਰੋਡੇ ਵਿਖੇ ਹੋਇਆ ਸੀ। ਉਨ੍ਹਾਂ ਸੰਗਤਾਂ ਨੂੰ ਭਾਈ ਖੰਡਾ ਦੀ ਸੋਚ ਅਤੇ ਕੌਮੀ ਮਸਲਿਆਂ ਪ੍ਰਤੀ ਉਨ੍ਹਾਂ ਦੀ ਵਚਨਬੱਧਤਾ ਬਾਰੇ ਵੀ ਜਾਣੂ ਕਰਵਾਇਆ।

ਉਨ੍ਹਾਂ ਸੰਗਤਾਂ ਨੂੰ ਅਪੀਲ ਕੀਤੀ ਕਿ ਜਦੋਂ ਸ਼ਹੀਦਾਂ ਦੇ ਪਰਿਵਾਰਾਂ ਨਾਲ ਸਬੰਧਤ ਅਜਿਹੀਆਂ ਸਤਿਕਾਰਯੋਗ ਮਾਵਾਂ ਸੰਗਤਾਂ ਵਿੱਚ ਪਹੁੰਚਦੀਆਂ ਹਨ ਤਾਂ ਉਨ੍ਹਾਂ ਦਾ ਵੱਧ ਤੋਂ ਵੱਧ ਸਤਿਕਾਰ ਕਰਨਾ ਸਾਡਾ ਕੌਮੀ ਅਤੇ ਧਾਰਮਿਕ ਫ਼ਰਜ਼ ਬਣਦਾ ਹੈ।

ਆਵਾਜ਼ਿ ਕੌਮ AWAZE QAUM International Newspaper & WEB TV

ਇਸ ਉਪਰੰਤ ਬੀਬੀ ਚਰਨਜੀਤ ਕੌਰ ਨੇ ਬਹੁਤ ਹੀ ਭਾਵੁਕ ਅਤੇ ਪ੍ਰੇਰਣਾਦਾਇਕ ਸ਼ਬਦਾਂ ਵਿੱਚ ਆਪਣੇ ਵਿਚਾਰ ਸਾਂਝੇ ਕੀਤੇ। ਉਨ੍ਹਾਂ ਕਿਹਾ ਕਿ ਧਰਮ ਅਤੇ ਕੌਮ ਦੀ ਖਾਤਰ ਸ਼ਹਾਦਤ ਵਰਗੀ ਮਹਾਨ ਪ੍ਰਾਪਤੀ ਵੀ ਵੱਡੇ ਭਾਗਾਂ ਅਤੇ ਗੁਰੂ ਦੀ ਬਖ਼ਸ਼ਿਸ਼ ਨਾਲ ਹੀ ਪ੍ਰਾਪਤ ਹੁੰਦੀ ਹੈ।

ਉਨ੍ਹਾਂ ਕਿਹਾ, "ਮੈਨੂੰ ਜਿੱਥੇ ਆਪਣੇ ਪੁੱਤਰ ਦੇ ਵਿਛੋੜੇ ਦਾ ਦੁੱਖ ਹੈ, ਉੱਥੇ ਇਸ ਗੱਲ ਦੀ ਤਸੱਲੀ ਵੀ ਹੈ ਕਿ ਸਿੱਖ ਸੰਗਤਾਂ ਵਿੱਚ ਮੇਰੇ ਲੱਖਾਂ ਪੁੱਤਰ ਜਿਊਂਦੇ ਹਨ। ਉਨ੍ਹਾਂ ਨੂੰ ਦੇਖ ਕੇ ਮੈਂ ਇਹ ਕਹਿ ਸਕਦੀ ਹਾਂ ਕਿ ਭਾਈ ਅਵਤਾਰ ਸਿੰਘ ਖੰਡਾ ਦੀ ਸੋਚ ਅੱਜ ਵੀ ਜਿਊਂਦੀ ਹੈ।"

ਬੀਬੀ ਚਰਨਜੀਤ ਕੌਰ ਨੇ ਕਿਹਾ ਕਿ ਧਰਮ ਦੀ ਖਾਤਰ ਕੁਰਬਾਨੀ ਦੇਣ ਲਈ ਗੁਰੂ ਦੀ ਓਟ ਅਤੇ ਆਸਰਾ ਲਾਜ਼ਮੀ ਹੈ। ਉਨ੍ਹਾਂ ਸਿੱਖ ਸੰਗਤਾਂ ਨੂੰ ਆਪਣੇ ਧਰਮ, ਇਤਿਹਾਸ ਅਤੇ ਵਿਰਸੇ ਨਾਲ ਜੁੜੇ ਰਹਿਣ ਅਤੇ ਖ਼ਾਸ ਤੌਰ 'ਤੇ ਆਪਣੇ ਬੱਚਿਆਂ ਨੂੰ ਸਿੱਖੀ ਨਾਲ ਜੋੜਨ ਦੀ ਅਪੀਲ ਕੀਤੀ।

ਇਸ ਮੌਕੇ ਗੁਰੂ ਨਾਨਕ ਗੁਰਦੁਆਰਾ ਸਾਹਿਬ ਦੀ ਪ੍ਰਬੰਧਕ ਕਮੇਟੀ ਵੱਲੋਂ ਬੀਬੀ ਚਰਨਜੀਤ ਕੌਰ ਦਾ ਸਿਰੋਪਾਓ ਦੇ ਕੇ ਸਨਮਾਨ ਕੀਤਾ ਗਿਆ। ਬੀਬੀ ਜੀ ਨੇ ਸੰਗਤਾਂ ਨੂੰ 15 ਅਗਸਤ, ਦਿਨ ਸ਼ਨੀਵਾਰ ਨੂੰ ਗੁਰੂ ਨਾਨਕ ਗੁਰਦੁਆਰਾ ਸਾਹਿਬ, ਹਾਈ ਸਟਰੀਟ, ਸਮੈਥਵਿਕ ਵਿਖੇ ਸ਼ਹੀਦ ਭਾਈ ਅਵਤਾਰ ਸਿੰਘ ਖੰਡਾ ਦੀ ਯਾਦ ਵਿੱਚ ਕਰਵਾਏ ਜਾ ਰਹੇ ਸ਼ਹੀਦੀ ਸਮਾਗਮ ਵਿੱਚ ਵੱਧ ਤੋਂ ਵੱਧ ਗਿਣਤੀ ਵਿੱਚ ਪਹੁੰਚਣ ਦੀ ਅਪੀਲ ਵੀ ਕੀਤੀ।

ਸਮਾਗਮ ਤੋਂ ਬਾਅਦ ਇੰਟਰਨੈਸ਼ਨਲ ਪੰਥਕ ਦਲ, ਜਿਸ ਦੇ ਬਾਨੀ ਸਿੰਘ ਸਾਹਿਬ ਭਾਈ ਜਸਬੀਰ ਸਿੰਘ, ਸਾਬਕਾ ਜਥੇਦਾਰ ਸ੍ਰੀ ਅਕਾਲ ਤਖ਼ਤ ਸਾਹਿਬ ਹਨ, ਦੇ ਮੈਂਬਰਾਂ ਨੇ ਬੀਬੀ ਚਰਨਜੀਤ ਕੌਰ ਨਾਲ ਮੁਲਾਕਾਤ ਕੀਤੀ ਅਤੇ ਉਨ੍ਹਾਂ ਨਾਲ ਭਾਈ ਅਵਤਾਰ ਸਿੰਘ ਖੰਡਾ ਦੇ ਵਿਛੋੜੇ ਦਾ ਦੁੱਖ ਸਾਂਝਾ ਕੀਤਾ।

ਇਸ ਮੌਕੇ ਜਥੇਬੰਦੀ ਵੱਲੋਂ ਭਾਈ ਪਰਮਜੀਤ ਸਿੰਘ ਢਾਡੀ, ਭਾਈ ਰਘਬੀਰ ਸਿੰਘ ਵਾਲਸਲ, ਬਾਬਾ ਬਘੇਲ ਸਿੰਘ ਜੀ, ਭਾਈ ਰਘਬੀਰ ਸਿੰਘ ਮਾਲੜੀ, ਭਾਈ ਮੱਖਣ ਸਿੰਘ ਇਰਾਨੀ, ਭਾਈ ਬਲ ਬਹਾਦਰ ਸਿੰਘ, ਭਾਈ ਨਿਰਮਲ ਸਿੰਘ ਅਤੇ ਭਾਈ ਪ੍ਰਗਟ ਸਿੰਘ ਹਾਜ਼ਰ ਸਨ।

ਜਥੇਬੰਦੀ ਦੇ ਮੈਂਬਰਾਂ ਨੇ ਕਿਹਾ ਕਿ ਭਾਈ ਅਵਤਾਰ ਸਿੰਘ ਖੰਡਾ ਦੇ ਅਕਾਲ ਚਲਾਣੇ ਨਾਲ ਜਿੱਥੇ ਪਰਿਵਾਰ ਨੂੰ ਨਾ ਪੂਰਾ ਹੋਣ ਵਾਲਾ ਘਾਟਾ ਪਿਆ ਹੈ, ਉੱਥੇ ਖ਼ਾਲਸਾ ਪੰਥ ਨੂੰ ਵੀ ਇੱਕ ਵੱਡਾ ਘਾਟਾ ਪਿਆ ਹੈ, ਜਿਸ ਦੀ ਭਰਪਾਈ ਕਦੇ ਵੀ ਪੂਰੀ ਨਹੀਂ ਹੋ ਸਕਦੀ। ਉਨ੍ਹਾਂ ਬੀਬੀ ਚਰਨਜੀਤ ਕੌਰ ਨੂੰ ਭਰੋਸਾ ਦਿਵਾਇਆ ਕਿ ਇਸ ਦੁੱਖ ਦੀ ਘੜੀ ਵਿੱਚ ਇੰਟਰਨੈਸ਼ਨਲ ਪੰਥਕ ਦਲ ਹਮੇਸ਼ਾ ਪਰਿਵਾਰ ਦੇ ਨਾਲ ਖੜ੍ਹਾ ਹੈ।

ਇਸ ਮੌਕੇ ਬੀਬੀ ਇੰਦਰਜੀਤ ਕੌਰ ਵੀ ਪੀਬੀਸੀ ਚੈਨਲ ਵੱਲੋਂ ਹਾਜ਼ਰ ਸਨ, ਜੋ ਬੀਬੀ ਚਰਨਜੀਤ ਕੌਰ ਦੇ ਨਾਲ ਆਏ ਸਨ। ਸੰਗਤ ਵਿੱਚੋਂ ਵੀ ਵੱਡੀ ਗਿਣਤੀ ਵਿੱਚ ਸਿੰਘਾਂ ਅਤੇ ਬੀਬੀਆਂ ਨੇ ਬੀਬੀ ਚਰਨਜੀਤ ਕੌਰ ਨਾਲ ਮੁਲਾਕਾਤ ਕਰਕੇ ਉਨ੍ਹਾਂ ਨਾਲ ਦੁੱਖ ਸਾਂਝਾ ਕੀਤਾ ਅਤੇ ਸ਼ਹੀਦ ਪਰਿਵਾਰ ਪ੍ਰਤੀ ਆਪਣਾ ਸਤਿਕਾਰ ਅਤੇ ਹਮਦਰਦੀ ਪ੍ਰਗਟਾਈ। ••

### ਪਾਰਲੀਮਾਨੀ ਬੋਰਡ ਪੰਥ ਅਤੇ ਪੰਜਾਬ ਦੇ ਹਿੱਤਾਂ ਨੂੰ ਮੁੱਖ ਰੱਖਦਿਆਂ

# ਨਿਰਪੱਖਤਾ ਨਾਲ ਲਵੇਗਾ ਫੈਸਲੇ : ਬਾਪੂ ਤਰਸੇਮ ਸਿੰਘ





**ਅੰਮ੍ਰਿਤਸਰ, 11 ਅਗਸਤ (ਆਵਾਜ਼ਿ ਕੌਮ ਬਿਊਰੋ)**-ਅਕਾਲੀ ਦਲ ਵਾਰਿਸ ਪੰਜਾਬ ਦੇ ਦੇ ਪਾਰਲੀਮਾਨੀ ਬੋਰਡ ਦੇ ਸਤਿਕਾਰਯੋਗ ਮੈਂਬਰ ਸਾਹਿਬਾਨ, ਜਿਨ੍ਹਾਂ ਵਿੱਚ ਸ੍ਰ. ਕਾਬਲ ਸਿੰਘ ਜੀ (ਕੋਆਰਡੀਨੇਟਰ), ਭਾਈ ਸੁਖਵਿੰਦਰ ਸਿੰਘ ਅਗਵਾਨ ਜੀ ( ਭਤੀਜੇ ਸ਼ਹੀਦ ਭਾਈ ਸਤਵੰਤ ਸਿੰਘ ਜੀ ) ਸ੍ਰ. ਬਾਬੂ ਸਿੰਘ ਬਰਾੜ ਜੀ ਅਤੇ ਸ੍ਰ. ਪ੍ਰਗਟ ਸਿੰਘ ਜੀ ਸ਼ਾਮਲ ਹਨ, ਨੇ ਮੈਂਬਰ ਪਾਰਲੀਮੈਂਟ ਭਾਈ ਅੰਮ੍ਰਿਤਪਾਲ ਸਿੰਘ ਖ਼ਾਲਸਾ ਜੀ ਦੇ ਪਿਤਾ ਬਾਪੂ ਤਰਸੇਮ ਸਿੰਘ ਜੀ ਦੀ ਅਗਵਾਈ ਹੇਠ ਸਮੁੱਚੀ ਸੀਨੀਅਰ ਲੀਡਰਸ਼ਿਪ ਸਮੇਤ ਅੱਜ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਨਤਮਸਤਕ ਹੋ ਕੇ ਗੁਰੂ ਸਾਹਿਬ ਦੇ ਚਰਨਾਂ ਵਿੱਚ ਪਾਰਟੀ ਦੀ ਚੜ੍ਹਦੀ ਕਲਾ, ਪੰਥ ਦੀ ਮਜ਼ਬੂਤੀ ਅਤੇ ਪੰਜਾਬ ਦੇ ਭਲੇ ਲਈ ਅਰਦਾਸ ਕੀਤੀ ਅਤੇ ਗੁਰੂ ਸਾਹਿਬ ਦਾ ਓਟ-ਆਸਰਾ ਲਿਆ। ਇਸ ਮੌਕੇ ਹਲਕਾ ਦਾਖਾ ਤੋਂ ਵਿਧਾਇਕ ਸ੍ਰ. ਮਨਪ੍ਰੀਤ ਸਿੰਘ ਇਆਲੀ ਜੀ ਵੀ ਵਿਸ਼ੇਸ਼ ਤੌਰ 'ਤੇ ਪਹੁੰਚੇ। ਇਸ ਮੌਕੇ ਪਾਰਟੀ ਵਰਕਰਾਂ ਵੱਲੋਂ ਨਵ-ਨਿਯੁਕਤ ਪਾਰਲੀਮਾਨੀ ਬੋਰਡ ਦੇ ਮੈਂਬਰ ਸਾਹਿਬਾਨ ਨੂੰ ਸਿਰੋਪਾਓ ਦੇ ਕੇ ਸਨਮਾਨਿਤ ਵੀ ਕੀਤਾ ਗਿਆ ਅਤੇ ਬਾਅਦ ਵਿੱਚ ਬਾਪੂ ਤਰਸੇਮ ਸਿੰਘ ਜੀ ਨੇ ਪ੍ਰੈੱਸ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਪਾਰਲੀਮਾਨੀ ਬੋਰਡ ਪੰਥ ਅਤੇ ਪੰਜਾਬ ਦੇ ਹਿੱਤਾਂ ਨੂੰ ਮੁੱਖ ਰੱਖਦਿਆਂ ਪੂਰੀ ਨਿਰਪੱਖਤਾ ਨਾਲ ਆਪਣੇ ਫੈਸਲੇ ਲਵੇਗਾ। ਉਨ੍ਹਾਂ ਕਿਹਾ ਕਿ ਪਾਰਟੀ ਵੱਲੋਂ ਉਮੀਦਵਾਰਾਂ ਦੀ ਚੋਣ ਕਰਦੇ ਸਮੇਂ ਕਿਸੇ ਵੀ ਤਰ੍ਹਾਂ ਦੇ ਨਿੱਜੀ ਜਾਂ ਹੋਰ ਪੱਖਪਾਤ ਦੀ ਬਜਾਏ ਪੰਥ, ਪੰਜਾਬ ਅਤੇ ਲੋਕ ਹਿੱਤਾਂ ਨੂੰ ਪਹਿਲ ਦਿੱਤੀ ਜਾਵੇਗੀ। ਇਸ ਉਪਰੰਤ ਪਾਰਲੀਮਾਨੀ ਬੋਰਡ ਦੇ ਮੈਂਬਰ ਸਾਹਿਬਾਨ ਨੇ ਸਾਂਝੇ ਤੌਰ 'ਤੇ ਸੰਬੋਧਨ ਕਰਦਿਆਂ ਕਿਹਾ ਕਿ ਅਕਾਲੀ ਦਲ ਵਾਰਿਸ ਪੰਜਾਬ ਦੇ ਗੁਰੂ ਸਾਹਿਬਾਨ ਵੱਲੋਂ ਦਰਸਾਏ ਸਿਧਾਂਤਾਂ, ਪੰਥਕ ਰਵਾਇਤਾਂ ਅਤੇ ਸਰਬੱਤ ਦੇ ਭਲੇ ਦੀ ਸੋਚ ਨੂੰ ਸਮਰਪਿਤ ਹੈ। ਉਨ੍ਹਾਂ ਕਿਹਾ ਕਿ ਪਾਰਟੀ ਪੰਜਾਬ, ਪੰਜਾਬੀ ਅਤੇ ਪੰਥ ਦੇ ਹਿੱਤਾਂ ਦੀ ਰਾਖੀ ਲਈ ਆਪਣੀ ਆਵਾਜ਼ ਬੁਲੰਦ ਕਰਦੀ ਰਹੇਗੀ ਅਤੇ ਬਿਨਾਂ ਕਿਸੇ ਭੇਦ-ਭਾਵ ਦੇ ਆਪਣੀ ਜ਼ਿੰਮੇਵਾਰੀ ਨੂੰ ਸੰਜੀਦਗੀ ਨਾਲ ਨਿਭਾਏਗੀ। ਪਾਰਲੀਮਾਨੀ ਬੋਰਡ ਦੇ ਮੈਂਬਰਾਂ ਨੇ ਕਿਹਾ ਕਿ 2027 ਦੀਆਂ ਵਿਧਾਨ ਸਭਾ ਚੋਣਾਂ ਲਈ ਪਾਰਟੀ ਵੱਲੋਂ ਯੋਗਤਾ, ਇਮਾਨਦਾਰੀ, ਲੋਕ ਸੇਵਾ ਪ੍ਰਤੀ ਵਚਨਬੱਧਤਾ ਅਤੇ ਪੰਥਕ ਸੋਚ ਨੂੰ ਮੁੱਖ ਮਾਪਦੰਡ ਬਣਾਉਂਦਿਆਂ ਯੋਗ ਅਤੇ ਮਜ਼ਬੂਤ ਉਮੀਦਵਾਰਾਂ ਨੂੰ ਅੱਗੇ ਲਿਆਂਦਾ ਜਾਵੇਗਾ। ਉਨ੍ਹਾਂ ਕਿਹਾ ਕਿ ਉਮੀਦਵਾਰਾਂ ਦੀ ਚੋਣ ਦੀ ਸਮੁੱਚੀ ਪ੍ਰਕਿਰਿਆ ਨੂੰ ਪਾਰਦਰਸ਼ੀ ਅਤੇ ਨਿਰਪੱਖ ਰੱਖਣ ਲਈ ਹਰ ਸੰਭਵ ਯਤਨ ਕੀਤਾ ਜਾਵੇਗਾ। ਅਖੀਰ ਵਿੱਚ ਬਾਪੂ ਤਰਸੇਮ ਸਿੰਘ ਜੀ ਵੱਲੋਂ ਸ੍ਰੀ ਅਕਾਲ ਤਖ਼ਤ ਸਾਹਿਬ ਦੀ ਸਰਵਉੱਚਤਾ ਅਤੇ ਪੰਥਕ ਏਕਤਾ ਨੂੰ ਮਜ਼ਬੂਤ ਕਰਨ ਦਾ ਸੰਦੇਸ਼ ਦਿੰਦਿਆਂ ਸਮੂਹ ਸੰਗਤ ਅਤੇ ਪਾਰਟੀ ਵਰਕਰਾਂ ਨੂੰ ਇਕਜੁੱਟ ਹੋ ਕੇ ਪੰਜਾਬ ਅਤੇ ਪੰਥ ਦੀ ਚੜ੍ਹਦੀ ਕਲਾ ਲਈ ਯਤਨਸ਼ੀਲ ਰਹਿਣ ਦੀ ਅਪੀਲ ਕੀਤੀ ਗਈ। ਇਸ ਮੌਕੇ ਤੇ ਸੀਨੀਅਰ ਲੀਡਰਸ਼ਿਪ ਵਿੱਚੋਂ ਭਾਈ ਅਮਰਜੀਤ ਸਿੰਘ ਵੰਨਚਿੜੀ, ਭਾਈ ਹਰਭਜਨ ਸਿੰਘ ਤੁੜ, ਭਾਈ ਰਜਿੰਦਰ ਸਿੰਘ ( ਸਪੁੱਤਰ ਸ਼ਹੀਦ ਭਾਈ ਕੇਹਰ ਸਿੰਘ ), ਭਾਈ ਪੂਰੁਰਾਜ ਸਿੰਘ, ਭਾਈ ਜਸਕਰਨ ਸਿੰਘ ਕਾਹਨਸਿੰਘ ਵਾਲਾ, ਚਾਚਾ ਸੁਖਚੈਨ ਸਿੰਘ, ਚਾਚਾ ਪਲਵਿੰਦਰ ਸਿੰਘ, ਭਾਈ ਪ੍ਰਿਥੀਪਾਲ ਸਿੰਘ, ਭਾਈ ਸ਼ਮਸ਼ੇਰ ਸਿੰਘ ਪੱਧਰੀ, ਭਾਈ ਸੁਖਦੇਵ ਕਾਦੀਆਂ, ਭਾਈ ਅਮਨਦੀਪ ਸਿੰਘ ਡੱਡੂਆਣਾਂ, ਭਾਈ ਜਸਕਰਨ ਸਿੰਘ ਰਿਆੜ, ਭਾਈ ਸੁਖਬੀਰ ਸਿੰਘ ਚੀਮਾਂ, ਭਾਈ ਗੁਰਵਿੰਦਰ ਸਿੰਘ ਝੰਡੇਰ, ਭਾਈ ਦਲਜੀਤ ਸਿੰਘ ਮਿਆਦੀਆਂ, ਭਾਈ ਸੰਦੀਪ ਸਿੰਘ ਰੁਪਾਲੋਂ, ਭਾਈ ਨਰਿੰਦਰ ਸਿੰਘ ਕਲਸੀਆਂ, ਭਾਈ ਇਕਬਾਲ ਸਿੰਘ ਸੰਧੂ, ਭਾਈ ਦਲਜੀਤ ਸਿੰਘ ਜਵੰਦਾ, ਭਾਈ ਕਰਨਵੀਰ ਸਿੰਘ, ਭਾਈ ਦਯਾ ਸਿੰਘ, ਭਾਈ ਸਰਬਜੀਤ ਸਿੰਘ ਖ਼ਾਨਪੁਰ, ਭਾਈ ਨਾਥਵਿੰਦਰ ਸਿੰਘ, ਭਾਈ ਪਰਮਜੀਤ ਸਿੰਘ ਵਣੀਏਕੇ, ਭਾਈ ਸੁਖਬੀਰ ਸਿੰਘ ਵਲਟੋਹਾ, ਭਾਈ ਹਰਕਮਲਪ੍ਰੀਤ ਸਿੰਘ ਜੰਡ, ਸ੍ਰ ਬਾਬੂ ਸਿੰਘ ਜੰਡਿਆਲਾ, ਭਾਈ ਚਰਨਜੀਤ ਸਿੰਘ ਗਾਲਿਬ, ਭਾਈ ਬਲਜੀਤ ਸਿੰਘ ਚਾਟੀਵਿੰਡ, ਮਨੀ ਸ਼ਰਮਾ ਜੀ, ਭਾਈ ਜੁਗਰਾਜ ਸਿੰਘ ਨਰਾਇਣਗੜ੍ਹ, ਭਾਈ ਸਵਰਨ ਸਿੰਘ ਗੋਲਡਨ, ਭਾਈ ਰਜਿੰਦਰ ਸਿੰਘ ਤਲਵੰਡੀ, ਭਾਈ ਅਮਨਦੀਪ ਸਿੰਘ ਨਾਰਲੀ, ਭਾਈ ਬਲਦੇਵ ਸਿੰਘ ਜੱਲੂਪੁਰ, ਭਾਈ ਅਮਰੀਕ ਸਿੰਘ ਬਿੱਟਾ, ਡਾਕਟਰ ਦਲਬੀਰ ਸਿੰਘ ਵੇਰਕਾ, ਭਾਈ ਪ੍ਰਗਟ ਮਾਹਲ, ਭਾਈ ਬਿਕਰਮਜੀਤ ਸਿੰਘ ਕੋਟਲਾ, ਭਾਈ ਦਲਜੀਤ ਸਿੰਘ ਪੱਧਰੀ, ਭਾਈ ਪ੍ਰਿਤਪਾਲ ਸਿੰਘ ਮੀਰਾਂਕੋਟ, ਭਾਈ ਮਹਿੰਦਰਪਾਲ ਸਿੰਘ ਤੁੰਗ, ਭਾਈ ਹਰਪ੍ਰੀਤ ਸਿੰਘ, ਭਾਈ ਗੁਰਜਿੰਦਰ ਸਿੰਘ ਹੈਪੀ ਖਾਪੜਖੇੜੀ, ਭਾਈ ਬਲਜਿੰਦਰ ਬਾਜਵਾ, ਡਾਕਟਰ ਅਵਤਾਰ ਸਿੰਘ, ਭਾਈ ਜਰਮਨਦੀਪ ਸਿੰਘ, ਭਾਈ ਹਰਪ੍ਰੀਤ ਸਿੰਘ, ਭਾਈ ਨਵਦੀਪ ਸਿੰਘ ਅਤੇ ਭਾਈ ਸੰਦੀਪ ਸਿੰਘ ਸਮੇਤ ਵੱਡੀ ਗਿਣਤੀ ਵਿੱਚ ਆਗੂ ਤੇ ਵਰਕਰ ਹਾਜਰ ਸਨ।

### ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਨਤਮਸਤਕ ਹੋਏ ਅਕਾਲੀ ਦਲ ਵਾਰਿਸ ਪੰਜਾਬ ਦੇ ਪਾਰਲੀਮਾਨੀ ਬੋਰਡ ਦੇ ਮੈਂਬਰ

# 'ਮੇਲਾ ਤੀਆਂ ਦਾ' ਚ ਸੱਭਿਆਚਾਰਕ ਵਿਰਸੇ ਦੀ ਹੋਈ ਪੇਸ਼ਕਾਰੀ, ਸਾਬਕਾ ਵਿਧਾਇਕ ਸਿੱਧੂ ਮੁੱਖ ਮਹਿਮਾਨ ਵਜੋਂ ਪੁੱਜੇ



ਤਲਵੰਡੀ ਸਾਬੋ/ਮੌੜ ਮੰਡੀ, 11 ਅਗਸਤ (ਗੁਰਜੰਟ ਸਿੰਘ ਨਥੇਹਾ)- ਸਾਉਣ ਦੇ ਮਹੀਨੇ ਦੌਰਾਨ ਸੂਬੇ ਭਰ 'ਚ ਸਮਾਜਿਕ ਸੰਸਥਾਵਾਂ ਵੱਲੋਂ ਪੁਰਾਣੇ ਸੱਭਿਆਚਾਰ ਦੇ ਅਨਿੱਖੜਵੇਂ ਅੰਗ ਵਜੋਂ ਜਾਣੇ ਜਾਂਦੇ ਤੀਆਂ ਦੇ ਤਿਉਹਾਰ ਨੂੰ ਮਨਾਉਣ ਲਈ ਕਰਵਾਏ ਜਾ ਰਹੇ ਸਮਾਗਮਾਂ ਦੀ ਲੜੀ ਤਹਿਤ ਮੌੜ ਮੰਡੀ ਸ਼ਹਿਰ ਵਿੱਚ ਵੀ ਇੱਕ ਸੰਸਥਾ ਵੱਲੋਂ 'ਮੇਲਾ ਤੀਆਂ ਦਾ' ਕਰਵਾਇਆ ਗਿਆ ਜਿਸ ਵਿੱਚ ਜਿੱਥੇ ਵੱਡੀ ਗਿਣਤੀ ਔਰਤਾਂ ਤੇ ਲੜਕੀਆਂ ਨੇ ਸ਼ਮੂਲੀਅਤ ਕਰਦਿਆਂ ਸੱਭਿਆਚਾਰਕ ਵੰਨਗੀਆਂ ਪੇਸ਼ ਕੀਤੀਆਂ ਉੱਥੇ ਹਲਕਾ ਮੌੜ ਚ ਕਾਂਗਰਸ ਦੀ ਨੁਮਾਇੰਦਗੀ ਕਰਦੇ ਜੀਤਮਹਿੰਦਰ ਸਿੰਘ ਸਿੱਧੂ ਸਾਬਕਾ ਵਿਧਾਇਕ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ। ਸਮਾਗਮ 'ਚ ਪੁੱਜਣ 'ਤੇ 'ਮੇਲਾ ਤੀਆਂ ਦਾ' ਦੇ ਪ੍ਰਬੰਧਕਾਂ ਨੇ ਜੀਤਮਹਿੰਦਰ ਸਿੰਘ ਸਿੱਧੂ ਨੂੰ ਜੀ ਆਇਆਂ ਆਖਿਆਂ। ਆਪਣੇ ਸੰਬੋਧਨ 'ਚ ਸਾਬਕਾ ਵਿਧਾਇਕ ਸਿੱਧੂ ਨੇ ਕਿਹਾ ਕਿ ਸਮੇਂ ਦੇ ਨਾਲ ਨਾਲ ਸੱਭਿਆਚਾਰਕ ਸਰੂਪ ਵੀ ਬਦਲਦਾ ਜਾ ਰਿਹੈ ਉਨਾਂ ਕਿਹਾ ਕਿ ਜੋ ਤਿਉਹਾਰ ਸਾਡੀਆਂ ਭੈਣਾਂ ਪਿੰਡਾਂ 'ਚ ਇਕੱਠੀਆਂ ਹੋ ਕੇ ਸਾਉਣ ਦੇ ਮਹੀਨੇ 'ਚ ਬਰਸਾਤ ਦੀ ਆਮਦ ਦੇ ਮੌਕੇ ਪਾਰੰਪਰਿਕ ਤਰੀਕੇ ਨਾਲ ਪੀਂਘਾਂ ਝੂਟਦਿਆਂ ਮਨਾਇਆ ਕਰਦੀਆਂ ਸਨ ਤੇ ਉਨਾਂ ਸਮਿਆਂ 'ਚ ਪਿੰਡਾਂ 'ਚ ਤੀਆਂ ਮੌਕੇ ਸੱਚਮੁੱਚ ਪੰਜਾਬੀ ਸੱਭਿਆਚਾਰ ਦੀ ਅਮੀਰੀ ਦੇ ਰੰਗ ਦੇਖਣ ਨੂੰ ਮਿਲਿਆ ਕਰਦੇ ਸਨ ਉਹ ਸਮੇਂ ਦੇ ਕਰਵਟ ਲੈਂਦਿਆਂ ਹੁਣ ਭਾਵੇਂ ਆਪਣਾ ਰੂਪ ਬਦਲ ਗਿਐ ਪਰ ਅਜਿਹੀਆਂ ਸੰਸਥਾਵਾਂ ਦੀ ਸ਼ਲਾਘਾ ਕਰਨੀ ਬਣਦੀ ਹੈ ਜੋ ਪੰਜਾਬੀਅਤ ਦੀ ਰੂਹ ਮੰਨੇ ਜਾਂਦੇ ਅਜਿਹੇ ਤਿਉਹਾਰਾਂ ਨੂੰ ਮਨਾ ਕੇ ਅੱਜ ਵੀ ਸੱਭਿਆਚਾਰਕ ਕਦਰਾਂ ਕੀਮਤਾਂ ਨੂੰ ਬਣਾਈ ਰੱਖਣ ਲਈ ਯਤਨਸ਼ੀਲ ਹਨ। ਉਨਾਂ ਨੇ ਮੇਲੇ ਦੇ ਆਯੋਜਕਾਂ ਨੂੰ ਸ਼ਾਨਦਾਰ ਸਮਾਗਮ ਲਈ ਵਧਾਈ ਦਿੱਤੀ ਜਦੋਂਕਿ ਮੇਲਾ ਪ੍ਰਬੰਧਕਾਂ ਵੱਲੋਂ ਜੀਤਮਹਿੰਦਰ ਸਿੰਘ ਸਿੱਧੂ ਦਾ ਸਨਮਾਨ ਵੀ ਕੀਤਾ ਗਿਆ। ਇਸ ਮੌਕੇ ਸਿੱਧੂ ਨਾਲ ਨਿੱਜੀ ਸਹਾਇਕ ਅਮਰਜੀਤ ਸਿੰਘ ਚੀਮਾ, ਰਾਜੇਸ਼ ਜੈਨ ਸਾਬਕਾ ਪ੍ਰਧਾਨ ਨਗਰ ਕੌਂਸਲ ਮੌੜ, ਨੌਜਵਾਨ ਕਾਂਗਰਸੀ ਆਗੂ ਲਖਵੀਰ ਸਿੰਘ ਨਾਜ਼ੀ ਕੌਂਸਲਰ ਆਦਿ ਵੀ ਮੌਜੂਦ ਸਨ।



# 80ਵੇਂ ਆਜ਼ਾਦੀ ਦਿਵਸ 'ਤੇ ਅੰਮ੍ਰਿਤਸਰ ਹਰਿਆਵਲ ਮੰਚ ਵੱਲੋਂ ਦੇਸ਼ ਵਾਸੀਆਂ ਨੂੰ ਵਧਾਈ; ਵਾਤਾਵਰਨ ਦੀ ਸੰਭਾਲ, ਸਮਾਜਿਕ ਬੁਰਾਈਆਂ ਮੁਕਤ ਸਮਾਜ: ਮਨਜੀਤ ਸਿੰਘ ਸੈਣੀ

**ਚੌਕ ਮਹਿਤਾ,10 ਅਗਸਤ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਅੰਮ੍ਰਿਤਸਰ ਹਰਿਆਵਲ ਮੰਚ ਦੇ ਸਰਪ੍ਰਸਤ ਸ੍ਰੀ ਕਮਲ ਡਾਲਮੀਆ, ਸਰਪ੍ਰਸਤ ਸ. ਡੀ. ਪੀ. ਸਿੰਘ, ਪ੍ਰਧਾਨ ਸ. ਦਲਜੀਤ ਸਿੰਘ ਕੋਹਲੀ, ਜਨਰਲ ਸਕੱਤਰ ਮਨਜੀਤ ਸਿੰਘ ਸੈਣੀ ,ਸੀਨੀਅਰ ਉਪ ਪ੍ਰਧਾਨ ਡਾ. ਨਿਰਮਲ ਸਿੰਘ ਆਨੰਦ , ਸ. ਅਵਤਾਰ ਸਿੰਘ ਬੂਟਰ ,ਸ ਗੁਰਮੀਤ ਭੱਟੀ ਅਤੇ ਮੰਚ ਦੇ ਹੋਰ ਅਹੁਦੇਦਾਰਾਂ ਵੱਲੋਂ ਸਮੂਹ ਦੇਸ਼ ਵਾਸੀਆਂ ਅਤੇ ਗੁਰੂ ਨਗਰੀ ਅੰਮ੍ਰਿਤਸਰ ਦੇ ਨਿਵਾਸੀਆਂ ਨੂੰ 80ਵੇਂ ਆਜ਼ਾਦੀ ਦਿਵਸ ਦੀਆਂ ਲੱਖ-ਲੱਖ ਵਧਾਈਆਂ ਦਿੱਤੀਆਂ ਗਈਆਂ। ਇਸ ਮੌਕੇ ਮੰਚ ਦੇ ਆਗੂਆਂ ਨੇ ਆਜ਼ਾਦੀ ਦੀ ਇਤਿਹਾਸਕ ਮੱਹਤਤਾ ਅਤੇ ਦੇਸ਼ ਪ੍ਰਤੀ ਹਰੇਕ ਨਾਗਰਿਕ ਦੇ ਫ਼ਰਜ਼ਾਂ 'ਤੇ ਵਿਸ਼ੇਸ਼ ਚਾਨਣਾ ਪਾਇਆ।



ਆਜ਼ਾਦੀ ਦੀ ਮਹੱਤਤਾ ਅਤੇ ਅਜ਼ੀਮ ਕੁਰਬਾਨੀਆਂ: ਇਸ ਖਾਸ ਮੌਕੇ 'ਤੇ ਮੰਚ ਦੇ ਆਗੂਆਂ ਨੇ ਸ਼ਹੀਦਾਂ ਨੂੰ ਸ਼ਰਧਾਂਜਲੀ ਭੇਟ ਕਰਦਿਆਂ ਕਿਹਾ, "ਸਾਡੇ ਮਹਾਨ ਸ਼ਹੀਦਾਂ, ਦੇਸ਼ ਭਗਤਾਂ ਅਤੇ ਪਰਵਾਨਿਆਂ ਨੇ ਆਪਣੀਆਂ ਅਜ਼ੀਮ ਕੁਰਬਾਨੀਆਂ ਨਾਲ ਸਾਨੂੰ ਆਜ਼ਾਦੀ ਦਾ ਇਹ ਅਨਮੋਲ ਤੋਹਫ਼ਾ ਬਖ਼ਸ਼ਿਆ ਹੈ। ਇਹ ਆਜ਼ਾਦੀ ਮਹਿਜ਼ ਇੱਕ ਤਾਰੀਖ਼ ਨਹੀਂ, ਸਗੋਂ ਲੱਖਾਂ ਪਰਵਾਨਿਆਂ ਦੇ ਖ਼ੂਨ, ਤਿਆਗ ਅਤੇ ਅਣਗਿਣਤ ਸੰਘਰਸ਼ਾਂ ਦੀ ਅਮਰ ਦਾਸਤਾਨ ਹੈ। ਅੱਜ ਜੇਕਰ ਅਸੀਂ ਆਜ਼ਾਦ ਫਿਜ਼ਾ ਵਿੱਚ ਸਾਹ ਲੈ ਰਹੇ ਹਾਂ, ਤਾਂ ਇਹ ਉਨ੍ਹਾਂ ਦੂਰਅੰਦੇਸ਼ੀ ਅਜ਼ਾਦੀ ਘੁਲਾਟੀਆਂ ਦੇ ਸੁਪਨਿਆਂ ਦੇ 'ਭਾਰਤ' ਦੀ ਬਦੌਲਤ ਹੈ।" ਮੰਚ ਵੱਲੋਂ ਚਲਾਈਆਂ ਜਾ ਰਹੀਆਂ ਮੁਹਿੰਮਾਂ ਅਤੇ ਸਮਾਜਿਕ ਸੰਕਲਪ: ਨੇਤਾਵਾਂ ਨੇ ਅੱਗੇ ਕਿਹਾ ਕਿ ਜਿੱਥੇ 1947 ਵਿੱਚ ਸਾਡੇ ਪੁਰਖਿਆਂ ਨੇ ਦੇਸ਼ ਨੂੰ ਰਾਜਨੀਤਿਕ ਗੁਲਾਮੀ ਤੋਂ ਮੁਕਤ ਕਰਵਾਇਆ ਸੀ, ਉੱਥੇ ਹੀ ਅੱਜ ਦੇ ਦੌਰ ਵਿੱਚ ਸਾਨੂੰ ਆਪਣੇ ਵਾਤਾਵਰਨ, ਸਮਾਜ ਅਤੇ ਆਉਣ ਵਾਲੀਆਂ ਪੀੜ੍ਹੀਆਂ ਨੂੰ ਮੌਜੂਦਾ ਗੰਭੀਰ ਸੰਕਟਾਂ ਤੋਂ ਆਜ਼ਾਦ ਕਰਵਾਉਣ ਦੀ ਸਖ਼ਤ ਲੋੜ ਹੈ। ਅੰਮ੍ਰਿਤਸਰ ਹਰਿਆਵਲ ਮੰਚ ਹੇਠ ਲਿਖੇ ਮੁੱਖ ਮੁੱਦਿਆਂ 'ਤੇ ਨਿਰੰਤਰ ਕਾਰਜਸ਼ੀਲ ਹੈ: ਜ਼ਹਿਰੀਲੇ ਪ੍ਰਦੂਸ਼ਣ ਤੋਂ ਮੁਕਤੀ: ਵੱਧ ਤੋਂ ਵੱਧ ਬੂਟੇ ਲਗਾ ਕੇ ਹਵਾ ਅਤੇ ਪਾਣੀ ਦੀ ਸ਼ੁੱਧਤਾ ਲਈ ਠੋਸ ਉਪਰਾਲੇ।

ਜ਼ੀਰੋ-ਵੇਸਟ ਅਤੇ ਸਫਾਈ ਮੁਹੱਲਾ: ਗੁਰੂ ਨਗਰੀ ਨੂੰ ਸਾਫ਼-ਸੁਥਰਾ ਬਣਾਉਣ ਲਈ 'ਜ਼ੀਰੋ-ਵੇਸਟ' ਅਤੇ ਕੂੜਾ-ਮੁਕਤ ਅਭਿਆਨ।

ਸਿੰਗਲ-ਯੂਜ਼ ਪਲਾਸਟਿਕ ਦਾ ਮੁਕੰਮਲ ਤਿਆਗ: ਪਲਾਸਟਿਕ ਦੇ ਕੋਹੜ ਨੂੰ ਠੱਲ੍ਹ ਪਾਉਣ ਲਈ ਨਾਗਰਿਕਾਂ ਵਿੱਚ ਵਿਆਪਕ ਜਾਗਰੂਕਤਾ।

ਨਸ਼ਾ-ਮੁਕਤ ਨਰੋਈ ਜਵਾਨੀ: ਨੌਜਵਾਨ ਸ਼ਕਤੀ ਨੂੰ ਨਸ਼ਿਆਂ ਦੀ ਦਲਦਲ 'ਚੋਂ ਕੱਢ ਕੇ ਖੇਡਾਂ, ਸਿੱਖਿਆ ਅਤੇ ਸਮਾਜ-ਸੇਵਾ ਨਾਲ ਜੋੜਨਾ।

ਕੁਦਰਤੀ ਸਰੋਤਾਂ ਦੀ ਸੰਭਾਲ: ਜਲ ਅਤੇ ਊਰਜਾ ਦੀ ਬਚਤ ਦੇ ਨਾਲ-ਨਾਲ ਪਰਾਲੀ ਨਾ ਸਾੜਨ ਸਬੰਧੀ ਕਿਸਾਨਾਂ ਤੇ ਆਮ ਲੋਕਾਂ ਨੂੰ ਜਾਗਰੂਕ ਕਰਨਾ। ਮੰਚ ਦੇ ਆਗੂਆਂ ਨੇ ਦੇਸ਼ ਦੇ ਰਾਜਨੇਤਾਵਾਂ ਨੂੰ ਅਪੀਲ ਕਰਦਿਆਂ ਕਿਹਾ, "ਅੱਜ ਦੀ ਰਾਜਨੀਤੀ ਨੂੰ ਸ਼ਹੀਦਾਂ ਦੀਆਂ ਕੁਰਬਾਨੀਆਂ ਦਾ ਸਤਿਕਾਰ ਕਰਦਿਆਂ ਸੋੜ੍ਹੀ ਪਾਰਟੀਬਾਜ਼ੀ ਅਤੇ ਪ੍ਰਤੀਕੂਲ ਨੀਤੀਆਂ ਤੋਂ ਉੱਪਰ ਉੱਠਣਾ ਪਵੇਗਾ। ਸਰਕਾਰਾਂ ਅਜਿਹੀਆਂ ਦੂਰਅੰਦੇਸ਼ੀ ਨੀਤੀਆਂ, ਨਿਯਮ ਅਤੇ ਕਾਨੂੰਨ ਬਣਾਉਣ ਜੋ ਹਰ ਆਮ ਨਾਗਰਿਕ ਦੇ ਜੀਵਨ ਪੱਧਰ ਨੂੰ ਉੱਚਾ ਚੁੱਕ ਸਕਣ ਅਤੇ ਪ੍ਰਮਾਤਮਾ ਵੱਲੋਂ ਬਖਸ਼ੇ ਅਨਮੋਲ ਕੁਦਰਤੀ ਸਰੋਤਾਂ ਦੀ ਪੂਰੀ ਪਾਰਦਰਸ਼ਤਾ ਨਾਲ ਸੰਭਾਲ ਕਰ ਸਕਣ।" ਅੰਮ੍ਰਿਤਸਰ ਹਰਿਆਵਲ ਮੰਚ ਨੇ ਆਮ ਜਨਤਾ ਨੂੰ ਸੱਦਾ ਦਿੰਦਿਆਂ ਕਿਹਾ, "ਆਓ, ਇਸ 80ਵੇਂ ਆਜ਼ਾਦੀ ਦਿਵਸ 'ਤੇ ਅਸੀਂ ਸਾਰੇ ਰਲ-ਮਿਲ ਕੇ ਇਹ ਸੁਚੇਤ ਪ੍ਰਣ ਕਰੀਏ ਕਿ ਆਪਣੀ ਧਰਤੀ ਮਾਂ, ਵਾਤਾਵਰਨ ਅਤੇ ਕੁਦਰਤ ਨੂੰ ਲਾਹਣਤਾਂ ਤੋਂ ਮੁਕਤ ਕਰਵਾਉਣ ਵਿੱਚ ਆਪਣਾ ਬਣਦਾ ਯੋਗਦਾਨ ਪਾਵਾਂਗੇ। ਹਰ ਨਾਗਰਿਕ ਸਾਲ ਵਿੱਚ ਘੱਟੋ-ਘੱਟ ਇੱਕ ਬੂਟਾ ਜ਼ਰੂਰ ਲਗਾਵੇ, ਪਾਣੀ ਸੰਭਾਲੇ, ਪਲਾਸਟਿਕ ਦਾ ਤਿਆਗ ਕਰੇ, ਕੂੜੇ ਦਾ ਨਿਪਟਾਰਾ ਜ਼ਿੰਮੇਵਾਰੀ ਨਾਲ ਕਰੇ ਅਤੇ ਪ੍ਰਦੂਸ਼ਣ-ਮੁਕਤ ਸਮਾਜ ਦੀ ਸਿਰਜਣਾ ਕਰੇ। ••

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

### 20 ਅਗਸਤ ਨੂੰ ਲੌਂਗੋਵਾਲ ਸੰਤਾਂ ਦੀ ਬਰਸੀ 'ਤੇ

# ਧੂਰੀ ਹਲਕੇ ਤੋਂ ਵਰਕਰ ਵੱਡੀ ਗਿਣਤੀ ਵਿੱਚ ਸ਼ਾਮਿਲ ਹੋਣਗੇ-ਸੰਘਰੇੜੀ , ਰੰਧਾਵਾ



**ਧੂਰੀ ( ਰਣਜੀਤ ਸਿੰਘ ਪੇਧਨੀ )**-ਸ੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸ, ਸੁਖਬੀਰ ਸਿੰਘ ਬਾਦਲ ਦੀ ਅਗਵਾਈ ਦੇ ਹੇਠ ਸ਼੍ਰੋਮਣੀ ਅਕਾਲੀ ਦਲ ਦੇ ਸੀਨੀਅਰ ਆਗੂ ਸੰਤ ਹਰਚੰਦ ਸਿੰਘ ਲੌਂਗੋਵਾਲ ਦੀ ਬਰਸੀ ਸ਼੍ਰੋਮਣੀ ਅਕਾਲੀ ਦਲ ਵੱਲੋਂ 20 ਅਗਸਤ ਨੂੰ ਬੜੀ ਹੀ ਸ਼ਰਧਾ ਭਾਵਨਾ ਨਾਲ ਮਨਾਈ ਜਾ ਰਹੀ ਹੈ। ਜਿਸ ਵਿੱਚ ਸੰਗਰੂਰ, ਬਰਨਾਲਾ, ਮਲੇਰਕੋਟਲਾ ਦੇ ਵਰਕਰ ਵੱਡੀ ਗਿਣਤੀ ਵਿੱਚ ਸ਼ਾਮਿਲ ਹੋ ਕੇ 2027 ਦੇ ਵਿੱਚ ਸ਼੍ਰੋਮਣੀ ਅਕਾਲੀ ਦਲ ਦੀ ਬਣਨ ਵਾਲੀ ਸਰਕਾਰ ਦਾ ਨੀਹ ਪੱਥਰ ਰੱਖਣਗੇ। ਜਿਸ ਨੂੰ ਮੁੱਖ ਰੱਖਦਿਆਂ ਹੋਇਆਂ ਸ਼੍ਰੋਮਣੀ ਅਕਾਲੀ ਦਲ ਦੇ ਜ਼ਿਲ੍ਹਾ ਪ੍ਰਧਾਨ ਤੇਜਿੰਦਰ ਸਿੰਘ ਸੰਘਰੇੜੀ ਵੱਲੋਂ ਸ਼੍ਰੋਮਣੀ ਅਕਾਲੀ ਦਲ ਦੇ ਹਲਕਾ ਇੰਚਾਰਜ ਰਣਜੀਤ ਸਿੰਘ ਰੰਧਾਵਾ ਦੀ ਅਗਵਾਈ ਦੇ ਹੇਠ ਧੂਰੀ ਗੁਰਦੁਆਰਾ ਨਾਨਕਸਰ ਸਾਹਿਬ ਵਿਖੇ ਇੱਕ ਮੀਟਿੰਗ ਰੱਖੀ ਗਈ, ਜਿਸ ਵਿੱਚ ਪਾਰਟੀ ਵਰਕਰਾਂ ਨੇ ਵੱਡੀ ਗਿਣਤੀ ਵਿੱਚ ਹਿੱਸਾ ਲਿਆ । ਇਸ ਮੌਕੇ ਮੀਟਿੰਗ ਨੂੰ ਸੰਬੋਧਨ ਕਰਦਿਆਂ ਜਿਲ੍ਹਾ ਪ੍ਰਧਾਨ ਤੇਜਿੰਦਰ ਸਿੰਘ ਸੰਘਰੇੜੀ ਅਤੇ ਹਲਕਾ ਇੰਚਾਰਜ ਰਣਜੀਤ ਸਿੰਘ ਰੰਧਾਵਾ ਨੇ ਕਿਹਾ ਕਿ ਵਿਧਾਨ ਸਭਾ ਹਲਕਾ ਧੂਰੀ ਤੋਂ ਬੱਸਾਂ ਗੱਡੀਆਂ ਦੇ ਕਾਫਲਿਆਂ ਦੇ ਰੂਪ ਵਿੱਚ 20 ਅਗਸਤ ਨੂੰ ਸ਼੍ਰੋਮਣੀ ਅਕਾਲੀ ਦਲ ਦੇ ਜੁਝਾਰੂ ਵਰਕਰ ਅਤੇ ਅਹੁਦੇਦਾਰ ਪਾਰਟੀ ਪ੍ਰਧਾਨ ਦੀ ਅਗਵਾਈ ਦੇ ਹੇਠ ਵੱਡੀ ਗਿਣਤੀ ਵਿੱਚ ਸ਼ਾਮਿਲ ਹੋਣਗੇ । ਇਸ ਮੌਕੇ ਭੁਪਿੰਦਰ ਸਿੰਘ ਭਲਵਾਨ ਮੈਂਬਰ ਐਸਜੀਪੀਸੀ, ਇਕਬਾਲ ਸਿੰਘ ਪੂਨੀਆ, ਸਹਿਰੀ ਪ੍ਰਧਾਨ ਸੰਜੀਵ ਕੁਮਾਰ ਪਿੰਟਾ, ਯੂਥ ਆਗੂ ਰਵਿ ਈਸੜਾ, ਠੇਕੇਦਾਰ ਜੱਸਾ ਧੂਰੀ, ਨਿਰਭੈ ਸਿੰਘ ਹੇੜੀਕੇ, ਗੁਰਦਿਆਲ ਸਿੰਘ ਕਾਂਝਲਾ, ਸੱਤਾ ਕਾਂਝਲਾ, ਅਮਰੀਕ ਸਿੰਘ ਬਰੜਵਾਲ, ਕਰਮਜੀਤ ਸਿੰਘ ਪੁੰਨਾਵਾਲ, ਹਰਪਾਲ ਸਿੰਘ ਧੂਰਾ, ਪਰਮਜੀਤ ਸਿੰਘ ਪੰਮਾ , ਜਗਰੂਪ ਸਿੰਘ, ਸਰਬਜੀਤ ਸਿੰਘ ਕਾਤਰੋਂ ਹਾਜਰ ਸਨ।

### ਐੱਸ ਜੀ ਐੱਨ ਇੰਟਰਨੈਸ਼ਨਲ ਸਕੂਲ ਦੀਵਾਨਾਂ ਦੇ

# ਵਿਦਿਆਰਥੀਆਂ ਨੇ ਜੋਨ ਪੱਧਰੀ ਖੇਡਾਂ ਵਿੱਚ ਪ੍ਰਾਪਤ ਕੀਤੀ ਫਸਟ ਪੁਜੀਸ਼ਨ



**ਬਰਨਾਲਾ -(ਵਰਿਆਮ ਹਠੂਰ)**-ਨਾਮਵਾਰ ਵਿੱਦਿਅਕ ਸੰਸਥਾ ਐੱਸ ਜੀ ਐੱਨ ਇੰਟਰਨੈਸ਼ਨਲ ਸਕੂਲ ਦੀਵਾਨਾ (ਬਰਨਾਲਾ) ਦੇ ਹੋਣਹਾਰ ਵਿਦਿਆਰਥੀਆਂ ਨੇ ਜੋਨ ਪੱਧਰੀ ਖੇਡਾਂ ਵਿੱਚ ਠੀਕਰੀਵਾਲ ਜੋਨ ਤੋਂ (ਖੋ-ਖੋ) ਵਿੱਚ ਲੜਕੀਆਂ ਨੇ ਫਾਸਟ ਪੁਜੀਸ਼ਨ ਹਾਸਿਲ ਕਰਕੇ ਆਪਣਾ ਅਤੇ ਆਪਣੇ ਮਾਪਿਆਂ ਦੇ ਨਾਲ ਨਾਲ ਸੰਸਥਾ ਦਾ ਨਾਂ ਵੀ ਰੌਸ਼ਨ ਕੀਤਾ ਹੈ। ਪ੍ਰੈਸ ਨਾਲ ਗੱਲਬਾਤ ਕਰਦਿਆਂ ਪ੍ਰਿੰਸੀਪਲ ਮੱਖਣ ਸਿੰਘ ਦੀਵਾਨਾ ਅਤੇ ਕੁਲਜੀਤ ਸਿੰਘ ਦੀਵਾਨਾ ਨੇ ਕਿਹਾ ਕਿ ਸਕੂਲ ਦੇ ਵਿਦਿਆਰਥੀਆਂ ਨੇ ਖੋ- ਖੋ ਅੰਡਰ 14 (ਲੜਕੀਆਂ) ਨੇ ਪਹਿਲਾ ਸਥਾਨ ਪ੍ਰਾਪਤ ਕਰਕੇ ਸਕੂਲ ਅਤੇ ਮਾਪਿਆਂ ਦਾ ਨਾਮ ਰੌਸ਼ਨ ਕੀਤਾ। ਸਾਡੇ ਸਕੂਲ ਦੇ ਮਿਹਨਤੀ ਸਟਾਫ਼ ਵੱਲੋਂ ਬੱਚਿਆਂ ਨੂੰ ਸਮੇਂ ਦੇ ਹਾਣੀ ਬਣਾਉਣ ਲਈ ਸਖ਼ਤ ਮਿਹਨਤ ਕੀਤੀ ਜਾਂਦੀ ਹੈ। ਸਮੁੱਚੇ ਸਕੂਲ ਸਟਾਫ ਵੱਲੋਂ ਜੇਤੂ ਬੱਚਿਆਂ ਨੂੰ ਬਹੁਤ ਬਹੁਤ ਮੁਬਾਰਕਾਂ ਸਾਡੀ ਹਮੇਸ਼ਾ ਕੋਸ਼ਿਸ਼ ਰਹਿੰਦੀ ਹੈ ਕਿ ਬੱਚਿਆਂ ਨੂੰ ਚੰਗੀ ਵਿਦਿਆ ਹਾਸਿਲ ਕਰਵਾਉਣ ਦੇ ਨਾਲ ਨਾਲ ਖੇਡਾਂ ਨਾਲ ਜੋੜਿਆ ਜਾਵੇ ਤਾਂ ਜੋ ਬੱਚੇ ਖੇਡ ਮੁਕਾਬਲਿਆਂ ਵਿੱਚ ਪੁਜੀਸ਼ਨਾਂ ਹਾਸਿਲ ਕਰਕੇ ਆਪਣਾ ਅਤੇ ਆਪਣੇ ਮਾਪਿਆਂ ਦੇ ਨਾਲ ਨਾਲ ਸਕੂਲ ਦਾ ਵੀ ਨਾਮ ਰੋਸ਼ਨ ਕਰਨ, ਸਾਡੇ ਸਕੂਲ ਵੱਲੋਂ ਸਮੇਂ ਸਮੇਂ ਤੇ ਵਿਦਿਆਰਥੀਆਂ ਵਿਚਕਾਰ ਵਿੱਦਿਅਕ ਕੰਪਟੀਸ਼ਨ, ਅਤੇ ਖੇਡ ਕੰਪਟੀਸ਼ਨ ਕਰਵਾ ਕੇ ਬੱਚਿਆਂ ਨੂੰ ਬਾਹਰਲੇ ਮੁਕਾਬਲਿਆਂ ਲਈ ਤਿਆਰ ਕੀਤਾ ਜਾਂਦਾ ਹੈ। ਇਸ ਮੌਕੇ ਸਕੂਲ ਪ੍ਰਿੰਸੀਪਲ ਮੱਖਣ ਸਿੰਘ ਦੀਵਾਨਾ, ਕੁਲਜੀਤ ਸਿੰਘ ਦੀਵਾਨਾ, ਮੈਡਮ ਗੁਰਪ੍ਰੀਤ ਕੌਰ, ਮੈਡਮ ਆਸ਼ੂ ਵਰਮਾ, ਰਮਨਜੀਤ ਕੌਰ, ਪ੍ਰਦੀਪ ਕੌਰ ਪਵਨਜੀਤ ਕੌਰ,ਅਮਨਜੋਤ ਕੌਰ, ਲਛਮਣੀ, ਮਨਦੀਪ ਕੌਰ, ਸੁਖਮੀਤ ਕੌਰ, ਕਮਲਜੀਤ ਕੌਰ, ਲਵਪ੍ਰੀਤ ਕੌਰ, ਹਰਪ੍ਰੀਤ ਕੌਰ, ਸੁਖਪ੍ਰੀਤ ਕੌਰ, ਅਮਨਦੀਪ ਕੌਰ, ਸਮੇਤ ਹੋਰ ਸਟਾਫ਼ ਮੈਂਬਰ ਹਾਜ਼ਰ ਸਨ।

**ਪ੍ਰਿੰਸੀਪਲ ਮੱਖਣ ਸਿੰਘ ਦੀਵਾਨਾ ਅਤੇ ਸਮੂਹ ਸਕੂਲ ਸਟਾਫ ਨੇ ਦਿੱਤੀਆਂ ਮੁਬਾਰਕਾਂ**

### ਓਐਸਡੀ ਸੁਖਵੀਰ ਸਿੰਘ ਸੁੱਖੀ ਨੇ ਅਨਾਜ ਮੰਡੀ ਵਿਖੇ

# 9 ਕਰੋੜ ਦੇ ਵਿਕਾਸ ਕਾਰਜਾਂ ਦਾ ਕੀਤਾ ਉਦਘਾਟਨ



**ਧੂਰੀ ( ਰਣਜੀਤ ਸਿੰਘ ਪੇਧਨੀ )**- ਧੂਰੀ ਦੀ ਅਨਾਜ ਮੰਡੀ ਵਿਖੇ ਪੰਜਾਬ ਦੇ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੇ ਓ.ਐਸ.ਡੀ. ਸੁਖਵੀਰ ਸਿੰਘ ਸੁੱਖੀ ਵੱਲੋਂ ਕਰੀਬ 9 ਕਰੋੜ ਰੁਪਏ ਦੀ ਲਾਗਤ ਨਾਲ ਹੋਣ ਵਾਲੇ ਵੱਖ-ਵੱਖ ਵਿਕਾਸ ਕਾਰਜਾਂ ਦੀ ਸ਼ੁਰੂਆਤ ਕੀਤੀ ਗਈ। ਇਸ ਮੌਕੇ ਪ੍ਰੈਸ ਨਾਲ ਜਾਣਕਾਰੀ ਸਾਂਝੀ ਕਰਦਿਆਂ ਓਐਸਡੀ ਸੁਖਵੀਰ ਸਿੰਘ ਸੁੱਖੀ ਨੇ ਕਿਹਾ ਕਿ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਵਿਕਾਸ ਕਾਰਜਾਂ ਲਈ ਫੰਡਾਂ ਦੀ ਕੋਈ ਕਮੀ ਨਹੀਂ ਆਉਣ ਦਿੱਤੀ ਜਾ ਰਹੀ। ਉਨ੍ਹਾਂ ਕਿਹਾ ਕਿ ਸਰਕਾਰ ਦਾ ਉਦੇਸ਼ ਸਿਰਫ਼ ਸ਼ਹਿਰਾਂ ਦਾ ਵਿਕਾਸ ਕਰਨਾ ਨਹੀਂ, ਸਗੋਂ ਪਿੰਡਾਂ ਨੂੰ ਵੀ ਆਧੁਨਿਕ ਅਤੇ ਬੁਨਿਆਦੀ ਸਹੂਲਤਾਂ ਨਾਲ ਲੈਸ ਕਰਨਾ ਹੈ। ਉਨ੍ਹਾਂ ਕਿਹਾ ਕਿ ਪਿੰਡਾਂ ਦੇ ਲੋਕਾਂ ਦੀਆਂ ਜ਼ਰੂਰਤਾਂ ਨੂੰ ਧਿਆਨ ਵਿੱਚ ਰੱਖਦਿਆਂ ਖੇਡਾਂ, ਸਿੱਖਿਆ, ਸਿਹਤ, ਪਾਣੀ, ਸਫ਼ਾਈ ਅਤੇ ਜਨਤਕ ਸਹੂਲਤਾਂ ਨਾਲ ਸਬੰਧਤ ਕੰਮਾਂ ਨੂੰ ਪਹਿਲ ਦੇ ਆਧਾਰ 'ਤੇ ਕਰਵਾਇਆ ਜਾ ਰਿਹਾ ਹੈ। ਇਸ ਮੌਕੇ ਡਾ. ਅਨਵਰ ਭਸੌੜ, ਮੈਂਬਰ ਵਕਫ਼ ਬੋਰਡ ਪੰਜਾਬ, ਜਤਿੰਦਰ ਸਿੰਘ ਸੋਨੀ ਮੰਡੇਰ ਪ੍ਰਧਾਨ ਆੜ੍ਹਤੀਆ ਐਸੋਸੀਏਸ਼ਨ, ਚੇਅਰਮੈਨ ਰਛਪਾਲ ਸਿੰਘ, ਹਰਜਿੰਦਰ ਸਿੰਘ ਕਾਂਝਲਾ, ਮੈਂਬਰ ਜ਼ਿਲ੍ਹਾ ਪ੍ਰੀਸ਼ਦ, ਵਾਇਸ ਚੇਅਰਮੈਨ ਸਤਨਾਮ ਸਿੰਘ ਢਢੋਗਲ, ਚੇਅਰਮੈਨ ਪ੍ਰਸਪਿੰਦਰ ਸੋਮਾ, ਗਗਨ ਜਵੰਦਾ ਪ੍ਰਧਾਨ ਟਰੱਕ ਯੂਨੀਅਨ ਧੂਰੀ, ਚੇਅਰਮੈਨ ਚਰਨ ਸਿੰਘ ਖੇੜੀ ਕਲਾਂ, ਭਿੰਦਾ ਵਿਰਕ, ਮਾਣਾ ਗਰੇਵਾਲ, ਚਾਹਤ ਧੂਰੀ, ਵਰਿੰਦਰ ਸਿੰਘ ਸੈਕਟਰੀ ਮਾਰਕੀਟ ਕਮੇਟੀ, ਰੂਬਲ ਬਾਜਵਾ ਸਮੇਤ ਆਮ ਆਦਮੀ ਪਾਰਟੀ ਦੀ ਸਮੁੱਚੀ ਲੀਡਰਸ਼ਿਪ, ਵਰਕਰ ਹਾਜ਼ਰ ਸਨ।

# ਕਿਸ਼ੋਰ ਸਿੱਖਿਆ ਪ੍ਰੋਗਰਾਮ ਤਹਿਤ ਇੰਟਰਨੈਸ਼ਨਲ ਯੁਵਾ ਦਿਵਸ ਮੌਕੇ ਜ਼ਿਲ੍ਹਾ ਪੱਧਰੀ ਲੇਖ ਮੁਕਾਬਲੇ ਕਰਵਾਏ





**ਚੌਂਕ ਮਹਿਤਾ 10 ਅਗਸਤ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਰਾਜ ਵਿੱਦਿਅਕ ਖੋਜ ਅਤੇ ਸਿਖਲਾਈ ਪ੍ਰੀਸ਼ਦ ਪੰਜਾਬ ਦੁਆਰਾ ਨਿਰਧਾਰਿਤ ਪ੍ਰੋਗਰਾਮਾਂ ਤਹਿਤ ਕਿਸ਼ੋਰ ਸਿੱਖਿਆ ਪ੍ਰੋਗਰਾਮ ਤਹਿਤ ਇੰਟਰਨੈਸ਼ਨਲ ਯੁਵਾ ਦਿਵਸ ਦੇ ਸੰਬੰਧ ਵਿਚ ਜ਼ਿਲ੍ਹਾ ਪੱਧਰੀ ਲੇਖ ਲਿਖਣ ਮੁਕਾਬਲੇ ਸ. ਰਜਿੰਦਰ ਸਿੰਘ ਜ਼ਿਲ੍ਹਾ ਸਿੱਖਿਆ ਅਫਸਰ (ਸੈ.ਸਿ). ਅੰਮ੍ਰਿਤਸਰ ਅਤੇ ਸ਼੍ਰੀ ਰਾਜੇਸ਼ ਖੰਨਾ ਉੱਪ ਜ਼ਿਲ੍ਹਾ ਸਿੱਖਿਆ ਅਫ਼ਸਰ (ਸੈ.ਸਿ.) ਦੇ ਦਿਸ਼ਾ- ਨਿਰਦੇਸ਼ਾ ਅਤੇ ਸ੍ਰ. ਨਰਿੰਦਰ ਸਿੰਘ ਸਟੇਟ ਰਿਸੋਰਸ ਪਰਸਨ ਕਮ ਜ਼ਿਲਾ ਕੋਆਰਡੀਨੇਟਰ ਏ.ਈ.ਪੀ. ਦੀ ਯੋਗ ਅਗਵਾਈ ਹੇਠ ਅੱਜ ਸਰਕਾਰੀ ਕੰਨਿਆ ਸੀਨੀਅਰ ਸੈਕੰਡਰੀ ਸਕੂਲ ਮਹਾਂ ਸਿੰਘ ਗੇਟ ਅੰਮ੍ਰਿਤਸਰ ਵਿਖੇ ਕਰਵਾਏ ਗਏ। ਇਹ ਮੁਕਾਬਲੇ 8 ਅਗਸਤ ਨੂੰ ਬਲਾਕ ਪੱਧਰ ਤੇ ਕਰਵਾਏ ਗਏ ਸਨ, ਜਿਸ ਵਿੱਚ 195 ਸਕੂਲਾਂ ਨੇ ਭਾਗ ਲਿਆ। ਬਲਾਕ ਤੋਂ ਪਹਿਲਾ ਸਥਾਨ ਪ੍ਰਾਪਤ ਕਰਨ ਵਾਲੇ ਵਿਦਿਆਰਥੀਆਂ ਨੇ ਜ਼ਿਲ੍ਹਾ ਪੱਧਰ 'ਤੇ ਲੇਖ ਰਚਨਾ ਮੁਕਾਬਲੇ ਵਿੱਚ ਭਾਗ ਲਿਆ। ਇਸ ਮੁਕਾਬਲੇ ਦਾ ਮੁੱਖ ਮੰਤਵ ਕਿਸ਼ੋਰ ਉਮਰ ਦੇ ਵਿਦਿਆਰਥੀਆਂ ਨੂੰ ਐੱਚ.ਆਈ.ਵੀ/ ਏਡਜ਼ ਸਬੰਧੀ ਜਾਗਰੂਕਤਾ ਪੈਦਾ ਕਰਨਾ ਹੈ। ਇਸ ਮੁਕਾਬਲੇ ਵਿੱਚ ਪਹਿਲੇ ਸਥਾਨ ਤੇ ਸਕੰਸਸਸ ਨਵਾਂ ਕੋਟ ਅੰਮ੍ਰਿਤਸਰ ਦੀ ਵਿਦਿਆਰਥਣ ਪਲਵੀ ਰਹੀ। ਪ੍ਰੋਗਰਾਮ ਵਿਚ ਵਿਸ਼ੇਸ਼ ਤੌਰ 'ਤੇ ਪਹੁੰਚੇ ਜ਼ਿਲ੍ਹਾ ਸਿੱਖਿਆ ਅਫ਼ਸਰ ਅਤੇ ਉਪ ਜ਼ਿਲਾ ਸਿੱਖਿਆ ਅਫਸਰ ਨੇ ਸਾਰੇ ਭਾਗ ਲੈਣ ਵਾਲੇ ਵਿਦਿਆਰਥੀਆਂ ਦੀ ਹੌਂਸਲਾ ਅਫ਼ਜ਼ਾਈ ਕੀਤੀ ਅਤੇ ਪਹਿਲੇ ਤਿੰਨ ਸਥਾਨ ਪ੍ਰਾਪਤ ਕਰਨ ਵਾਲੇ ਵਿਦਿਆਰਥੀਆਂ ਨੂੰ ਜੇਤੂ ਟਰਾਫੀਆਂ ਅਤੇ ਸਰਟੀਫਿਕੇਟ ਦੇ ਕੇ ਸਨਮਾਨਿਤ ਕੀਤਾ। ਇਸ ਮੌਕੇ ਸਾਰੇ ਵਿਦਿਆਰਥੀਆਂ ਅਤੇ ਅਧਿਆਪਕਾਂ ਲਈ ਰਿਫਰੈਸ਼ਮੈਂਟ ਦਾ ਪ੍ਰਬੰਧ ਵੀ ਕੀਤਾ ਗਿਆ। ਜੱਜਮੈਂਟ ਪੈਨਲ ਡਿਊਟੀ ਸ਼੍ਰੀਮਤੀ ਮਨਦੀਪ, ਸ਼੍ਰੀਮਤੀ ਮੰਜੁਲਾ ਅਤੇ ਸ. ਧਰਮ ਸਿੰਘ ਨੇ ਬਾਖੂਬੀ ਨਿਭਾਈ। ਇਸ ਮੌਕੇ ਮੁਖਤਿਆਰ ਸਿੰਘ, ਦੀਪਕ ਲੂਣਾ, ਸੁਮਨ ਅਤੇ ਵੱਖ ਵੱਖ ਸਕੂਲਾਂ ਦੇ ਗਾਈਡ ਅਧਿਆਪਕ ਅਤੇ ਸਮੂਹ ਸਟਾਫ ਹਾਜ਼ਰ ਸਨ।

# ਜਥੇਦਾਰ ਭਾਈ ਬਲਵਿੰਦਰ ਸਿੰਘ ਮਹਾਲਮ ਦਮਦਮੀ ਟਕਸਾਲ ਸੇਵਕ ਜੱਥਾ ਦੇ ਫਿਰੋਜ਼ਪੁਰ ਸ਼ਹਿਰੀ ਪ੍ਰਧਾਨ ਨਿਯੁਕਤ



ਫ਼ਿਰੋਜ਼ਪੁਰ, 11 ਅਗਸਤ (ਮਨੋਹਰ ਲਾਲ) :— ਦਮਦਮੀ ਟਕਸਾਲ ਵੱਲੋਂ ਜਥੇਬੰਦਕ ਢਾਂਚੇ ਦੇ ਵਿਸਥਾਰ ਅਤੇ ਸੇਵਾਵਾਂ ਨੂੰ ਹੋਰ ਸੁਚਾਰੂ ਬਣਾਉਣ ਲਈ ਅਹਿਮ ਨਿਯੁਕਤੀ ਕੀਤੀ ਗਈ ਹੈ। ਇਸ ਤਹਿਤ ਜਥੇਦਾਰ ਭਾਈ ਬਲਵਿੰਦਰ ਸਿੰਘ ਮਹਾਲਮ ਨੂੰ ਦਮਦਮੀ ਟਕਸਾਲ ਸੇਵਕ ਜੱਥਾ ਦਾ ਫਿਰੋਜ਼ਪੁਰ ਸ਼ਹਿਰੀ ਪ੍ਰਧਾਨ ਥਾਪਿਆ ਗਿਆ ਹੈ।

ਇਸ ਮੌਕੇ ਨਵ ਨਿਯੁਕਤ ਸ਼ਹਿਰੀ ਪ੍ਰਧਾਨ ਜਥੇਦਾਰ ਭਾਈ ਬਲਵਿੰਦਰ ਸਿੰਘ ਮਹਾਲਮ ਨੇ ਦਮਦਮੀ ਟਕਸਾਲ ਦੇ ਮੁਖੀ ਮਹਾਂਪੁਰਸ਼ ਸ਼੍ਰੀਮਾਨ ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਭਿੰਡਰਾਂਵਾਲੇ ਦਾ ਦਿਲ ਦੀਆਂ ਗਹਿਰਾਈਆਂ ਤੋਂ ਧੰਨਵਾਦ ਪ੍ਰਗਟਾਇਆ। ਇਸ ਦੇ ਨਾਲ ਹੀ ਉਨ੍ਹਾਂ ਨੇ ਜਥੇਦਾਰ ਗਿਆਨੀ ਸੁਖਦੇਵ ਸਿੰਘ ਖਾਲਸਾ ਦਾ ਵੀ ਤਹਿ ਦਿਲੋਂ ਸ਼ੁਕਰਾਨਾ ਕੀਤਾ, ਜਿਨ੍ਹਾਂ ਨੇ ਉਨ੍ਹਾਂ ਵਰਗੇ ਨਿਮਾਣੇ ਸੇਵਕ ਉੱਤੇ ਵਿਸ਼ਵਾਸ ਪ੍ਰਗਟਾਉਂਦਿਆਂ ਇਹ ਅਹਿਮ ਜ਼ਿੰਮੇਵਾਰੀ ਸੌਂਪੀ ਹੈ। ਜਥੇਦਾਰ ਭਾਈ ਬਲਵਿੰਦਰ ਸਿੰਘ ਮਹਾਲਮ ਨੇ ਦਮਦਮੀ ਟਕਸਾਲ ਦੀ ਲੀਡਰਸ਼ਿਪ ਨੂੰ ਵਿਸ਼ਵਾਸ ਦਿਵਾਉਂਦਿਆਂ ਆਖਿਆ ਮਹਾਂਪੁਰਖਾਂ ਅਤੇ ਜਥੇਬੰਦੀ ਵੱਲੋਂ ਮੈਨੂੰ ਜੋ ਸੇਵਾ ਦਿੱਤੀ ਗਈ ਹੈ, ਉਸ ਨੂੰ ਮੈਂ ਪੂਰੀ ਤਨਦੇਹੀ, ਲਗਨ ਅਤੇ ਇਮਾਨਦਾਰੀ ਨਾਲ ਨਿਭਾਵਾਂਗਾ। ਉਨ੍ਹਾਂ ਅੱਗੇ ਕਿਹਾ ਕਿ ਉਹ ਫਿਰੋਜ਼ਪੁਰ ਸ਼ਹਿਰੀ ਖੇਤਰ ਵਿੱਚ ਟਕਸਾਲ ਦੇ ਕਾਰਜਾਂ ਨੂੰ ਹੋਰ ਮਜ਼ਬੂਤ ਕਰਨ ਅਤੇ ਸੰਗਠਨ ਦਾ ਵਿਸਥਾਰ ਕਰਨ ਲਈ ਦਿਨ—ਰਾਤ ਇੱਕ ਕਰ ਦੇਣਗੇ। ਇਸ ਨਿਯੁਕਤੀ ਤੇ ਇਲਾਕੇ ਦੀਆਂ ਸਮਾਜਿਕ ਅਤੇ ਧਾਰਮਿਕ ਸ਼ਖ਼ਸੀਅਤਾਂ ਨੇ ਖੁਸ਼ੀ ਦਾ ਪ੍ਰਗਟਾਵਾ ਕਰਦਿਆਂ ਭਾਈ ਬਲਵਿੰਦਰ ਸਿੰਘ ਮਹਾਲਮ ਨੂੰ ਵਧਾਈਆਂ ਦਿੱਤੀਆਂ ਹਨ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

## ਰੈਫਰੈਂਡਮ ਨੇ ਬਦਲੇ ਦੁਨੀਆ ਦੇ ਨਕਸ਼ੇ, ਖਾਲਿਸਤਾਨ ਦੀ ਸਥਾਪਤੀ ਲਈ ਵੀ ਲੋਕ-ਰਾਇ ਦੀ

# ਆਵਾਜ਼ ਬੁਲੰਦ ਕਰਨ ਦੀ ਲੋੜ: ਭਾਈ ਤੂਰ, ਭਾਈ ਰੰਧਾਵਾ

**ਨਵੀਂ ਦਿੱਲੀ 11 ਅਗਸਤ (ਮਨਪ੍ਰੀਤ ਸਿੰਘ ਖਾਲਸਾ)**:- ਦੁਨੀਆ ਦੇ ਵੱਖ-ਵੱਖ ਹਿੱਸਿਆਂ ਵਿੱਚ ਲੋਕਾਂ ਦੀ ਰਾਇ ਜਾਣਨ ਲਈ ਰੈਫਰੈਂਡਮ ਕਰਵਾਏ ਗਏ ਹਨ ਅਤੇ ਕਈ ਮਾਮਲਿਆਂ ਵਿੱਚ ਇਨ੍ਹਾਂ ਤੋਂ ਬਾਅਦ ਰਾਜਨੀਤਿਕ ਤੇ ਸੰਵਿਧਾਨਕ ਪ੍ਰਕਿਰਿਆਵਾਂ ਰਾਹੀਂ ਨਵੇਂ ਰਾਜ ਹੋਂਦ ਵਿੱਚ ਆਏ ਹਨ। ਉਨ੍ਹਾਂ ਦੱਖਣੀ ਸੂਡਾਨ, ਪੂਰਬੀ ਤਿਮੋਰ, ਮੋਂਟੇਨੇਗਰੋ ਅਤੇ ਇਰੀਟਰੀਆ ਸਮੇਤ ਕਈ ਉਦਾਹਰਣਾਂ ਦਾ ਹਵਾਲਾ ਦਿੰਦਿਆਂ ਕਿਹਾ ਕਿ ਸਵੈ-ਨਿਰਣੇ ਦਾ ਸਵਾਲ ਕਈ ਵਾਰ ਲੋਕਾਂ ਦੀ ਰਾਇ ਜਾਣਨ ਲਈ ਰੈਫਰੈਂਡਮ ਰਾਹੀਂ ਦੁਨੀਆ ਸਾਹਮਣੇ ਆਇਆ ਹੈ। ਸਰੀ ਡੇਲਟਾ ਗੁਰਦੁਆਰਾ ਸਾਹਿਬ ਦੇ ਸਕੱਤਰ ਭਾਈ ਗੁਰਮੀਤ ਸਿੰਘ ਤੂਰ ਅਤੇ ਮੈਂਬਰ ਭਾਈ ਨਰਿੰਦਰ ਸਿੰਘ ਰੰਧਾਵਾ ਨੇ ਕਿਹਾ ਕਿ ਸਕਾਟਲੈਂਡ, ਕੈਟਾਲੋਨੀਆ ਅਤੇ ਇਰਾਕੀ ਕੁਰਦਿਸਤਾਨ ਵਿੱਚ ਵੀ ਵੱਖਰੇ ਰਾਜ ਦੀ ਮੰਗ ਨਾਲ ਸਬੰਧਤ ਰੈਫਰੈਂਡਮ ਜਾਂ ਰਾਜਨੀਤਿਕ ਮੁਹਿੰਮਾਂ ਦੇਖਣ ਨੂੰ ਮਿਲੀਆਂ ਹਨ। ਭਾਈ ਰੰਧਾਵਾ ਨੇ ਪ੍ਰਸ਼ਾਂਤ ਮਹਾਂਸਾਗਰ ਦੇ ਬੋਗਨਵਿਲੇ ਦੀ ਉਦਾਹਰਣ ਦਿੰਦਿਆਂ ਕਿਹਾ ਕਿ 2019 ਵਿੱਚ ਪਾਪੂਆ ਨਿਊ ਗਿਨੀ ਤੋਂ ਵੱਖ ਹੋਣ ਦੇ ਸਵਾਲ 'ਤੇ ਹੋਏ ਰੈਫਰੈਂਡਮ ਵਿੱਚ ਭਾਰੀ ਬਹੁਮਤ ਨੇ ਆਜ਼ਾਦੀ ਦੇ ਹੱਕ ਵਿੱਚ ਵੋਟ ਪਾਈ ਸੀ। ਉਨ੍ਹਾਂ ਕਿਹਾ ਕਿ ਬੋਗਨਵਿਲੇ ਦੇ ਮਾਮਲੇ ਵਿੱਚ ਰੈਫਰੈਂਡਮ ਤੋਂ ਬਾਅਦ ਵੀ ਸੰਵਿਧਾਨਕ ਪ੍ਰਕਿਰਿਆ ਅਤੇ ਪਾਪੂਆ ਨਿਊ ਗਿਨੀ ਸਰਕਾਰ ਨਾਲ ਗੱਲਬਾਤ ਜਾਰੀ ਰਹੀ, ਜਿਸ ਤੋਂ ਇਹ ਗੱਲ ਸਾਹਮਣੇ ਆਉਂਦੀ ਹੈ ਕਿ ਰੈਫਰੈਂਡਮ ਕਿਸੇ ਖੇਤਰ ਦੀ ਅੰਤਿਮ ਰਾਜਨੀਤਿਕ ਸਥਿਤੀ ਤੈਅ ਕਰਨ ਦੀ ਪ੍ਰਕਿਰਿਆ ਦਾ ਇੱਕ ਹਿੱਸਾ ਹੋ ਸਕਦਾ ਹੈ। ਇਸ ਮੌਕੇ ਗੁਰਦੁਆਰਾ ਭਾਈ ਗੁਰਮੀਤ ਸਿੰਘ ਤੂਰ ਨੇ ਕਿਹਾ ਕਿ ਕਿਸੇ ਵੀ ਰੈਫਰੈਂਡਮ ਦੇ ਨਤੀਜੇ ਨੂੰ ਅਮਲ ਵਿੱਚ ਲਿਆਉਣ ਲਈ ਸਬੰਧਤ ਸੰਵਿਧਾਨਕ ਪ੍ਰਬੰਧਾਂ, ਰਾਜਨੀਤਿਕ ਸਮਝੌਤਿਆਂ ਅਤੇ ਅੰਤਰਰਾਸ਼ਟਰੀ ਮਾਨਤਾ ਵਰਗੇ ਕਈ ਪੱਖ ਮਹੱਤਵਪੂਰਨ ਹੁੰਦੇ ਹਨ। ਉਨ੍ਹਾਂ ਕਿਹਾ ਕਿ ਖਾਲਿਸਤਾਨ ਦੇ ਹੱਕ ਵਿੱਚ ਰੈਫਰੈਂਡਮ ਮੁਹਿੰਮ ਨਾਲ ਜੁੜੇ ਲੋਕ ਆਪਣੇ ਸਿਆਸੀ ਭਵਿੱਖ ਬਾਰੇ ਲੋਕਾਂ ਦੀ ਰਾਇ ਦੁਨੀਆ ਸਾਹਮਣੇ ਰੱਖਣ ਦਾ ਦਾਅਵਾ ਕਰਦੇ ਹਨ ਅਤੇ ਇਸ ਮੁੱਦੇ 'ਤੇ ਸੰਵਾਦ ਤੇ ਲੋਕਤੰਤਰਿਕ ਪ੍ਰਕਿਰਿਆ ਨੂੰ ਮਹੱਤਵ ਦੇਣ ਦੀ ਗੱਲ ਕਰਦੇ ਹਨ। ਭਾਈ ਨਰਿੰਦਰ ਸਿੰਘ ਰੰਧਾਵਾ ਨੇ ਦੱਸਿਆ ਕਿ 15 ਅਗਸਤ ਨੂੰ ਵੈਨਕੂਵਰ ਸਥਿਤ ਭਾਰਤੀ ਅੰਬੈਸੀ ਦੇ ਸਾਹਮਣੇ ਵਿਰੋਧ ਪ੍ਰਗਟ ਕਰਨ ਲਈ ਕਾਰ ਰੈਲੀ ਕੀਤੀ ਜਾ ਰਹੀ ਹੈ, ਜਦਕਿ 16 ਅਗਸਤ ਨੂੰ ਇੰਡੀਆਨਾਪੋਲਿਸ ਵਿੱਚ ਰੈਫਰੈਂਡਮ ਦੇ ਅਗਲੇ ਪੜਾਅ ਦੀ ਵੋਟਿੰਗ ਹੋਣੀ ਹੈ। ਉਨ੍ਹਾਂ ਕਿਹਾ ਕਿ ਇਸ ਮੁਹਿੰਮ ਨਾਲ ਜੁੜੇ ਲੋਕ ਇਨ੍ਹਾਂ ਦੋਵਾਂ ਪ੍ਰੋਗਰਾਮਾਂ ਨੂੰ ਆਪਣੀ ਰਾਜਨੀਤਿਕ ਆਵਾਜ਼ ਲੋਕਤੰਤਰਿਕ ਢੰਗ ਨਾਲ ਪ੍ਰਗਟ ਕਰਨ ਦੇ ਮੌਕੇ ਵਜੋਂ ਦੇਖ ਰਹੇ ਹਨ। ਉਨ੍ਹਾਂ ਭਾਰਤ ਸਰਕਾਰ ਦੀਆਂ ਸਿੱਖਾਂ ਨਾਲ ਸਬੰਧਤ ਨੀਤੀਆਂ ਦੀ ਵੀ ਨਿੰਦਾ ਕੀਤੀ ਅਤੇ ਕਿਹਾ ਕਿ ਸਿੱਖਾਂ ਦੇ ਸਿਆਸੀ ਸਵਾਲਾਂ ਨੂੰ ਦਬਾਉਣ ਦੀ ਬਜਾਏ ਉਨ੍ਹਾਂ ਨਾਲ ਸੰਵਾਦ ਰਾਹੀਂ ਨਜਿੱਠਿਆ ਜਾਣਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਇਸ ਪੂਰੇ ਮੁੱਦੇ 'ਤੇ ਅੱਗੇ ਦੀ ਦਿਸ਼ਾ ਲੋਕਾਂ ਦੀ ਰਾਇ, ਸੰਵਿਧਾਨਕ ਪ੍ਰਕਿਰਿਆ ਅਤੇ ਅੰਤਰਰਾਸ਼ਟਰੀ ਪੱਧਰ 'ਤੇ ਹੋਣ ਵਾਲੇ ਵਿਚਾਰ-ਵਟਾਂਦਰੇ ਨਾਲ ਜੁੜੀ ਹੋਈ ਹੈ।



### 15 ਅਗਸਤ ਨੂੰ ਵੈਨਕੂਵਰ 'ਚ ਕਾਰ ਰੈਲੀ, 16 ਅਗਸਤ ਨੂੰ ਇੰਡੀਆਨਾ ਪੋਲਿਸ 'ਚ ਰੈਫਰੈਂਡਮ ਦਾ ਅਗਲਾ ਪੜਾਅ

## 'ਮੁੱਖ ਮੰਤਰੀ ਸਿਹਤ ਯੋਜਨਾ' ਤਹਿਤ 316.50 ਕਰੋੜ ਰੁਪਏ ਦੀ ਲਾਗਤ ਨਾਲ

# 2.44 ਲੱਖ ਕੈਸ਼ਲੈੱਸ ਇਲਾਜ ਮੁਹੱਈਆ ਕਰਵਾਇਆ : ਗੁਰਸ਼ਰਨ ਸਿੰਘ ਛੀਨਾ

**ਜੰਡਿਆਲਾ ਗੁਰੂ 11 ਅਗਸਤ (ਕੁਲਵੰਤ ਸਿੰਘ ਵਿਰਦੀ )** - ਪੰਜਾਬ ਸਰਕਾਰ ਵੱਲੋਂ ਲੋਕਾਂ ਨੂੰ ਮਿਆਰੀ ਅਤੇ ਮੁਫ਼ਤ ਸਿਹਤ ਸੇਵਾਵਾਂ ਮੁਹੱਈਆ ਕਰਵਾਉਣ ਲਈ ਲਾਗੂ ਕੀਤੀ ਗਈ 'ਮੁੱਖ ਮੰਤਰੀ ਸਿਹਤ ਯੋਜਨਾ' ਤਹਿਤ ਹੁਣ ਤੱਕ ਸਿਖਰਲੀਆਂ 10 ਮੈਡੀਕਲ ਪ੍ਰਕਿਰਿਆਵਾਂ ਅਧੀਨ 316.50 ਕਰੋੜ ਰੁਪਏ ਤੋਂ ਵੱਧ ਦੀ ਲਾਗਤ ਨਾਲ 2,44,468 ਕੈਸ਼ਲੈੱਸ ਇਲਾਜ ਮੁਹੱਈਆ ਕਰਵਾਏ ਜਾ ਚੁੱਕੇ ਹਨ। ਇਹ ਜਾਣਕਾਰੀ ਪੰਜਾਬ ਹੈਲਥ ਸਿਸਟਮਜ਼ ਕਾਰਪੋਰੇਸ਼ਨ ਦੇ ਚੇਅਰਮੈਨ ਸ੍ਰੀ ਗੁਰਸ਼ਰਨ ਸਿੰਘ ਛੀਨਾ ਨੇ ਦਿੱਤੀ ਸ੍ਰੀ ਛੀਨਾ ਨੇ ਕਿਹਾ ਕਿ ਗੰਭੀਰ ਬਿਮਾਰੀ ਸਿਰਫ਼ ਮਰੀਜ਼ ਦੀ ਸਿਹਤ ਲਈ ਹੀ ਚੁਣੌਤੀ ਨਹੀਂ ਹੁੰਦੀ, ਸਗੋਂ ਇਸ ਦਾ ਸਿੱਧਾ ਪ੍ਰਭਾਵ ਪਰਿਵਾਰ ਦੀ ਆਰਥਿਕ ਸਥਿਤੀ 'ਤੇ ਵੀ ਪੈਂਦਾ ਹੈ। ਮੁੱਖ ਮੰਤਰੀ ਸਿਹਤ ਯੋਜਨਾ ਅਜਿਹੇ ਪਰਿਵਾਰਾਂ ਨੂੰ ਮਹਿੰਗੇ ਇਲਾਜ ਦੇ ਖਰਚੇ ਦੀ ਚਿੰਤਾ ਤੋਂ ਰਾਹਤ ਦੇਣ ਵਿੱਚ ਅਹਿਮ ਭੂਮਿਕਾ ਨਿਭਾ ਰਹੀ ਹੈ ।ਉਨ੍ਹਾਂ ਦੱਸਿਆ ਕਿ ਯੋਜਨਾ ਤਹਿਤ ਕ੍ਰੌਨਿਕ ਹੀਮੋਡਾਇਲਿਸਿਸ ਸਭ ਤੋਂ ਵੱਧ ਕਰਵਾਈ ਜਾਣ ਵਾਲੀ ਪ੍ਰਕਿਰਿਆ ਹੈ ।ਹੁਣ ਤੱਕ 1,87,656 ਡਾਇਲਿਸਿਸ ਸੈਸ਼ਨ, ਜਿਨ੍ਹਾਂ ਦੀ ਲਾਗਤ 30.65 ਕਰੋੜ ਰੁਪਏ ਤੋਂ ਵੱਧ ਹੈ, ਮੁਹੱਈਆ ਕਰਵਾਏ ਜਾ ਚੁੱਕੇ ਹਨ। ਇਸ ਨਾਲ ਗੁਰਦੇ ਦੀ ਬਿਮਾਰੀ ਨਾਲ ਲੰਬੇ ਸਮੇਂ ਤੋਂ ਜੂਝ ਰਹੇ ਮਰੀਜ਼ਾਂ ਨੂੰ ਹਰ ਵਾਰ ਇਲਾਜ ਲਈ ਪੈਸਿਆਂ ਦਾ ਪ੍ਰਬੰਧ ਕਰਨ ਦੀ ਚਿੰਤਾ ਤੋਂ ਬਿਨਾਂ ਆਪਣਾ ਇਲਾਜ ਜਾਰੀ ਰੱਖਣ ਵਿੱਚ ਮਦਦ ਮਿਲੀ ਹੈ ।ਉਨ੍ਹਾਂ ਕਿਹਾ ਕਿ ਯੋਜਨਾ ਤਹਿਤ 17,698 ਗਾਲ ਬਲੈਡਰ ਦੀਆਂ ਲੈਪ੍ਰੋਸਕੋਪਿਕ ਸਰਜਰੀਆਂ ਕੀਤੀਆਂ ਗਈਆਂ ਹਨ ।ਇਸ ਤੋਂ ਇਲਾਵਾ 10,751 ਗੋਡੇ ਬਦਲਣ ਦੀਆਂ ਸਰਜਰੀਆਂ ਕੀਤੀਆਂ ਗਈਆਂ ਹਨ, ਜਿਸ ਨਾਲ ਹਜ਼ਾਰਾਂ ਬਜ਼ੁਰਗ ਮਰੀਜ਼ਾਂ ਨੂੰ ਮੁੜ ਤੁਰਨ-ਫਿਰਨ ਅਤੇ ਆਤਮਨਿਰਭਰਤਾ ਹਾਸਲ ਕਰਨ ਵਿੱਚ ਮਦਦ ਮਿਲੀ ਹੈ ।ਇਸੇ ਤਰ੍ਹਾਂ 9,317 ਕੈਸ਼ਲੈੱਸ ਸੀਜ਼ੇਰੀਅਨ ਡਿਲਿਵਰੀਆਂ ਕੀਤੀਆਂ ਗਈਆਂ ਹਨ, ਜਿਸ ਨਾਲ ਪਰਿਵਾਰਾਂ 'ਤੇ ਬੱਚੇ ਦੇ ਜਨਮ ਸਮੇਂ ਪੈਣ ਵਾਲਾ ਆਰਥਿਕ ਬੋਝ ਘਟਿਆ ਹੈ ।ਚੇਅਰਮੈਨ ਸ੍ਰੀ ਛੀਨਾ ਨੇ ਦੱਸਿਆ ਕਿ ਦਿਲ ਦੇ ਇਲਾਜ ਨੂੰ ਵੀ ਯੋਜਨਾ ਵਿੱਚ ਵਿਸ਼ੇਸ਼ ਤਰਜੀਹ ਦਿੱਤੀ ਜਾ ਰਹੀ ਹੈ। ਹੁਣ ਤੱਕ 8,734 ਮਰੀਜ਼ਾਂ ਦੀ PTCA ਦੇ ਨਾਲ ਡਾਇਗਨੌਸਟਿਕ ਐਂਜੀਓਗ੍ਰਾਫੀ ਕੀਤੀ ਗਈ ਹੈ, ਜਦਕਿ 554 ਮਰੀਜ਼ਾਂ ਦੀ ਕੋਰੋਨਰੀ ਆਰਟਰੀ ਬਾਈਪਾਸ ਗ੍ਰਾਫਟਿੰਗ (CABG) ਕੀਤੀ ਗਈ ਹੈ। ਉਨ੍ਹਾਂ ਕਿਹਾ ਕਿ ਇਸ ਨਾਲ ਆਰਥਿਕ ਕਾਰਨਾਂ ਕਰਕੇ ਜਾਨ ਬਚਾਉਣ ਵਾਲੇ ਦਿਲ ਦੇ ਇਲਾਜ ਵਿੱਚ ਦੇਰੀ ਨੂੰ ਰੋਕਣ ਵਿੱਚ ਮਦਦ ਮਿਲ ਰਹੀ ਹੈ ।ਇਸ ਤੋਂ ਇਲਾਵਾ, ਯੋਜਨਾ ਤਹਿਤ ਗੁਰਦੇ ਦੀ ਪਥਰੀ ਦੇ ਇਲਾਜ ਲਈ 5,770 PCNL ਪ੍ਰਕਿਰਿਆਵਾਂ, 2,247 ਲੋਅਰ ਯੂਰੇਟਰ ਸਰਜਰੀਆਂ, 911 ਸੀਮੈਂਟਲੈੱਸ ਟੋਟਲ ਹਿਪ ਰਿਪਲੇਸਮੈਂਟ ਸਰਜਰੀਆਂ ਅਤੇ 830 ਰੈਡੀਕਲ ਸਰਜੀਕਲ ਪ੍ਰਕਿਰਿਆਵਾਂ ਵੀ ਕਵਰ ਕੀਤੀਆਂ ਗਈਆਂ ਹਨ ।ਚੇਅਰਮੈਨ ਨੇ ਕਿਹਾ ਕਿ ਸਿਹਤ ਸੇਵਾਵਾਂ ਦੀ ਅਸਲ ਸਫਲਤਾ ਸਿਰਫ਼ ਲਾਭਪਾਤਰੀਆਂ ਦੀ ਗਿਣਤੀ ਨਾਲ ਨਹੀਂ ਮਾਪੀ ਜਾ ਸਕਦੀ, ਸਗੋਂ ਇਸ ਗੱਲ ਨਾਲ ਮਾਪੀ ਜਾਂਦੀ ਹੈ ਕਿ ਕਿੰਨੇ ਪਰਿਵਾਰਾਂ ਨੂੰ ਆਰਥਿਕ ਸੰਕਟ ਤੋਂ ਬਿਨਾਂ ਸਮੇਂ ਸਿਰ ਮਿਆਰੀ ਇਲਾਜ ਮਿਲਿਆ। ਉਨ੍ਹਾਂ ਕਿਹਾ ਕਿ 'ਮੁੱਖ ਮੰਤਰੀ ਸਿਹਤ ਯੋਜਨਾ' ਦਾ ਮੁੱਖ ਉਦੇਸ਼ ਇਹ ਯਕੀਨੀ ਬਣਾਉਣਾ ਹੈ ਕਿ ਪੈਸਿਆਂ ਦੀ ਕਮੀ ਕਿਸੇ ਵੀ ਮਰੀਜ਼ ਦੇ ਇਲਾਜ ਵਿੱਚ ਰੁਕਾਵਟ ਨਾ ਬਣੇ ।ਚੇਅਰਮੈਨ ਸ੍ਰੀ ਗੁਰਸ਼ਰਨ ਸਿੰਘ ਛੀਨਾ ਨੇ ਕਿਹਾ ਕਿ ਯੋਜਨਾ ਅਧੀਨ ਕਵਰ ਕੀਤੀਆਂ ਜਾ ਰਹੀਆਂ ਵੱਖ-ਵੱਖ ਮੈਡੀਕਲ ਪ੍ਰਕਿਰਿਆਵਾਂ ਇਹ ਦਰਸਾਉਂਦੀਆਂ ਹਨ ਕਿ ਪੰਜਾਬ ਵਿੱਚ ਅਜਿਹੀ ਸਿਹਤ ਪ੍ਰਣਾਲੀ ਨੂੰ ਮਜ਼ਬੂਤ ਕੀਤਾ ਜਾ ਰਿਹਾ ਹੈ, ਜੋ ਆਮ ਇਲਾਜ ਦੇ ਨਾਲ-ਨਾਲ ਗੰਭੀਰ ਅਤੇ ਗੁੰਝਲਦਾਰ ਬਿਮਾਰੀਆਂ ਦੇ ਮਹਿੰਗੇ ਇਲਾਜ ਲਈ ਵੀ ਲੋਕਾਂ ਨੂੰ ਸਹਾਇਤਾ ਪ੍ਰਦਾਨ ਕਰ ਸਕੇ ।ਉਨ੍ਹਾਂ ਕਿਹਾ ਕਿ ਇਸ ਯੋਜਨਾ ਨਾਲ ਗੰਭੀਰ ਬਿਮਾਰੀਆਂ ਤੋਂ ਪੀੜਤ ਮਰੀਜ਼ਾਂ ਅਤੇ ਉਨ੍ਹਾਂ ਦੇ ਪਰਿਵਾਰਾਂ ਨੂੰ ਵੱਡੀ ਰਾਹਤ ਮਿਲ ਰਹੀ ਹੈ। ਬਜ਼ੁਰਗ ਮਰੀਜ਼ ਗੋਡੇ ਬਦਲਣ ਤੋਂ ਬਾਅਦ ਮੁੜ ਤੁਰਨ-ਫਿਰਨ ਦੇ ਸਮਰੱਥ ਹੋ ਰਹੇ ਹਨ, ਗੁਰਦੇ ਦੇ ਮਰੀਜ਼ ਲਗਾਤਾਰ ਡਾਇਲਿਸਿਸ ਸੇਵਾਵਾਂ ਪ੍ਰਾਪਤ ਕਰ ਰਹੇ ਹਨ ਅਤੇ ਲੋੜਵੰਦ ਔਰਤਾਂ ਨੂੰ ਕੈਸ਼ਲੈੱਸ ਮਾਤਾ ਸਿਹਤ ਸੇਵਾਵਾਂ ਮਿਲ ਰਹੀਆਂ ਹਨ ।ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਦਾ ਉਦੇਸ਼ ਸੂਬੇ ਦੇ ਹਰੇਕ ਯੋਗ ਨਾਗਰਿਕ ਤੱਕ ਮਿਆਰੀ ਸਿਹਤ ਸੇਵਾਵਾਂ ਦੀ ਪਹੁੰਚ ਯਕੀਨੀ ਬਣਾਉਣਾ ਹੈ ਅਤੇ ਇਸ ਦਿਸ਼ਾ ਵਿੱਚ 'ਮੁੱਖ ਮੰਤਰੀ ਸਿਹਤ ਯੋਜਨਾ' ਇੱਕ ਮਹੱਤਵਪੂਰਨ ਕਦਮ ਹੈ।



### ਡਾਇਲਿਸਿਸ, ਦਿਲ ਦੇ ਇਲਾਜ, ਗੋਡੇ ਬਦਲਣ ਦੀ ਸਰਜਰੀ ਅਤੇ ਸੀਜ਼ੇਰੀਅਨ ਡਿਲਿਵਰੀ ਸਮੇਤ ਕਈ ਮਹਿੰਗੀਆਂ ਇਲਾਜ ਪ੍ਰਕਿਰਿਆਵਾਂ ਯੋਜਨਾ ਅਧੀਨ ਕਵਰ


# ਦੇਹਧਾਰੀਆਂ ਦੀ ਚਾਕਰੀ ਛੱਡ ਗੁਰੂ ਦੇ ਸ਼ਬਦ ਨਾਲ ਜੁੜਨ ਦੀ ਲੋੜ: ਭਾਈ ਬਲਦੇਵ ਸਿੰਘ ਬੀੜ ਸਾਹਿਬ ਵਾਲੇ

## ਜਦੋਂ ਪ੍ਰਤੱਖ ਗੁਰੂ ਸਾਹਿਬ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਮੌਜੂਦ ਹਨ, ਫਿਰ ਦੇਹਧਾਰੀਆਂ ਦੇ ਦਰਾਂ 'ਤੇ ਕਿਉਂ ਭਟਕ ਰਿਹਾ ਸਿੱਖ, ਆਤਮ-ਪੜਚੋਲ ਦਾ ਗੰਭੀਰ ਵਿਸ਼ਾ

ਨਵੀਂ ਦਿੱਲੀ 11 ਅਗਸਤ (ਮਨਪ੍ਰੀਤ ਸਿੰਘ ਖਾਲਸਾ):- ਸਚਖੰਡ ਸ੍ਰੀ ਦਰਬਾਰ ਸਾਹਿਬ ਦੇ ਹਜ਼ੂਰੀ ਰਾਗੀ ਭਾਈ ਬਲਦੇਵ ਸਿੰਘ ਬੀੜ ਸਾਹਿਬ ਵਾਲਿਆਂ ਨੇ ਸਿੱਖ ਪੰਥ ਅੰਦਰ ਵਧ ਰਹੇ ਵਿਅਕਤੀ-ਕੇਂਦਰਿਤ ਰੁਝਾਨ 'ਤੇ ਗੰਭੀਰ ਚਿੰਤਾ ਪ੍ਰਗਟ ਕਰਦਿਆਂ ਕਿਹਾ ਕਿ ਜਦੋਂ ਦਸਵੇਂ ਪਾਤਸ਼ਾਹ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਨੇ ਗੁਰਗੱਦੀ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਨੂੰ ਸੌਂਪ ਦਿੱਤੀ ਤਾਂ ਸਿੱਖ ਦੀ ਆਤਮਕ ਅਗਵਾਈ ਲਈ ਕਿਸੇ ਦੇਹਧਾਰੀ ਮਨੁੱਖ ਦੀ ਭਾਲ ਦੀ ਕੋਈ ਲੋੜ ਨਹੀਂ ਰਹਿੰਦੀ। ਜਦੋਂ ਗੁਰੂ ਘਰ ਵਿੱਚ ਮੌਜੂਦ ਹੈ ਤਾਂ ਸਿੱਖ ਆਪਣੀ ਆਤਮਕ ਦਿਸ਼ਾ ਲਈ ਮਨੁੱਖੀ ਦਰਾਂ ਵੱਲ ਕਿਉਂ ਭਟਕ ਰਿਹਾ ਹੈ, ਇਹ ਹਰ ਸਿੱਖ ਲਈ ਆਤਮ-ਪੜਚੋਲ ਦਾ ਵਿਸ਼ਾ ਹੈ। ਭਾਈ ਬਲਦੇਵ ਸਿੰਘ ਨੇ ਗੁਰਬਾਣੀ ਦੇ ਹਵਾਲੇ ਨਾਲ ਕਿਹਾ "ਗੁਰੁ ਪਰਮੇਸਰੁ ਏਕੋ ਜਾਣੁ", "ਬਿਨੁ ਕਰਤਾਰ ਨ ਕੀਰਤਮ ਮਾਨੋ" ਅਤੇ "ਬਾਣੀ ਗੁਰੂ ਗੁਰੂ ਹੈ ਬਾਣੀ"। ਉਨ੍ਹਾਂ ਕਿਹਾ ਕਿ ਮਨੁੱਖ ਦਾ ਸਤਿਕਾਰ ਆਪਣੀ ਥਾਂ ਹੈ ਪਰ ਕਿਸੇ ਦੇਹਧਾਰੀ ਨੂੰ ਗੁਰੂ ਦੇ ਸਥਾਨ 'ਤੇ ਬਿਠਾਉਣਾ ਗੁਰਮਤਿ ਦੀ ਸੋਚ ਨਹੀਂ। ਉਨ੍ਹਾਂ ਗੁਰੂ ਨਾਨਕ ਦੇਵ ਜੀ ਦੇ ਸ਼ਬਦ "ਅਬੇ ਤਬੇ ਕੀ ਚਾਕਰੀ ਕਿਉ ਦਰਗਹ ਪਾਵੈ॥" ਦਾ ਹਵਾਲਾ ਦਿੰਦਿਆਂ ਕਿਹਾ ਕਿ ਧਿਰ-ਧਿਰ ਦੀ ਖ਼ੁਸ਼ਾਮਦ ਅਤੇ ਵਿਅਕਤੀਗਤ ਪ੍ਰਭਾਵਾਂ ਦੇ ਪਿੱਛੇ ਤੁਰਨ ਦੀ ਥਾਂ ਗੁਰਬਾਣੀ ਨੂੰ ਆਪਣੀ ਪਰਖ ਦਾ ਮਾਪਦੰਡ ਬਣਾਉਣ ਦੀ ਲੋੜ ਹੈ। ਉਨ੍ਹਾਂ ਕਿਹਾ ਕਿ ਅੱਜ ਧਾਰਮਿਕਤਾ ਨੂੰ ਵੀ ਕਈ ਵਾਰ ਗੁਰਬਾਣੀ ਦੀ ਕਮਾਈ ਦੀ ਥਾਂ ਵੱਡੇ ਸਮਾਗਮਾਂ, ਭੀੜ, ਸੋਸ਼ਲ ਮੀਡੀਆ ਦੀ ਪ੍ਰਸਿੱਧੀ ਅਤੇ ਕਿਸੇ ਖਾਸ ਸ਼ਖ਼ਸੀਅਤ ਦੇ ਪ੍ਰਭਾਵ ਨਾਲ ਤੋਲਿਆ ਜਾਣ ਲੱਗ ਪਿਆ ਹੈ। ਜਦੋਂ ਸਿੱਖ ਗੁਰੂ ਦੇ ਸ਼ਬਦ ਤੋਂ ਦੂਰ ਹੁੰਦਾ ਹੈ ਤਾਂ ਖਾਲੀ ਥਾਂ ਕੋਈ ਨਾ ਕੋਈ ਵਿਅਕਤੀ ਜਾਂ ਆਡੰਬਰ ਘੇਰ ਲੈਂਦਾ ਹੈ। ਇਸ ਲਈ ਸਿੱਖ ਨੂੰ ਆਪਣੇ ਆਪ ਤੋਂ ਪੁੱਛਣਾ ਪਵੇਗਾ ਕਿ ਉਸ ਦੀ ਨਿਸ਼ਠਾ ਗੁਰੂ ਨਾਲ ਹੈ ਜਾਂ ਕਿਸੇ ਵਿਅਕਤੀ ਨਾਲ। ਭਾਈ ਬਲਦੇਵ ਸਿੰਘ ਨੇ ਕਿਹਾ ਕਿ ਦੇਹਧਾਰੀਆਂ ਦੀ ਭਾਲ ਛੱਡ ਕੇ ਗੁਰੂ ਦੇ ਸ਼ਬਦ ਦੀ ਭਾਲ ਅਤੇ ਮਨੁੱਖੀ ਚਾਕਰੀ ਦੀ ਥਾਂ ਗੁਰੂ ਦੀ ਦੱਸੀ ਕਾਰ ਕਮਾਉਣ ਦੀ ਲੋੜ ਹੈ। ਉਨ੍ਹਾਂ ਕਿਹਾ ਕਿ ਜਦੋਂ ਗੁਰੂ ਘਰ ਵਿੱਚ ਮੌਜੂਦ ਹੈ ਤਾਂ ਸਿੱਖ ਲਈ ਮਨੁੱਖੀ ਦਰਾਂ 'ਤੇ ਆਤਮਕ ਸਹਾਰਾ ਲੱਭਣਾ ਆਪਣੀ ਗੁਰੂ-ਪਹਿਚਾਣ ਨੂੰ ਭੁੱਲਣ ਦੇ ਬਰਾਬਰ ਹੈ। ਓਨ੍ਹਾ ਕਿਹਾ ਪੰਥ ਨੂੰ ਸਿਰਫ਼ ਇਹ ਫ਼ੈਸਲਾ ਨਹੀਂ ਕਰਨਾ ਕਿ ਕਿਸ ਦੇ ਨਾਲ ਖੜ੍ਹਨਾ ਹੈ, ਸਗੋਂ ਇਹ ਤੈਅ ਕਰਨਾ ਹੈ ਕਿ ਸਿਰ ਕਿਸ ਦੇ ਅੱਗੇ ਝੁਕਣਾ ਹੈ। ਜੇ ਗੁਰੂ ਦੇ ਘਰ ਵਿੱਚ ਮੱਥਾ ਟੇਕਣ ਤੋਂ ਬਾਅਦ ਵੀ ਸਾਡੀ ਆਤਮਕ ਤਸੱਲੀ ਕਿਸੇ ਮਨੁੱਖ ਦੀ ਇੱਕ ਨਜ਼ਰ, ਇੱਕ ਬਚਨ ਜਾਂ ਇੱਕ ਹਾਜ਼ਰੀ ਤੋਂ ਮਿਲਦੀ ਹੈ ਤਾਂ ਸਾਨੂੰ ਆਪਣੇ ਅੰਦਰ ਝਾਤੀ ਮਾਰਨ ਦੀ ਲੋੜ ਹੈ। ਗੁਰੂ ਸਾਹਿਬ ਨੇ ਸਿੱਖ ਨੂੰ ਕਿਸੇ ਚਿਹਰੇ ਦਾ ਪੈਰੋਕਾਰ ਬਣਾਉਣ ਲਈ ਨਹੀਂ, ਸ਼ਬਦ ਦਾ ਸਿੱਖ ਬਣਾਉਣ ਲਈ ਗੁਰਗੱਦੀ ਬਖ਼ਸ਼ੀ ਹੈ। ਜਿਸ ਪੰਥ ਕੋਲ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਰੂਪ ਵਿੱਚ ਸਦੀਵੀ ਗੁਰੂ ਮੌਜੂਦ ਹੈ, ਉਸ ਪੰਥ ਦਾ ਕਿਸੇ ਦੇਹਧਾਰੀ ਦੇ ਦਰ 'ਤੇ ਆਪਣੀ ਆਤਮਕ ਦਿਸ਼ਾ ਲੱਭਣ ਲਈ ਖੜ੍ਹਨਾ ਆਪਣੇ ਆਪ ਵਿੱਚ ਸਭ ਤੋਂ ਵੱਡਾ ਸਵਾਲ ਹੈ। ਅੱਜ ਲੋੜ ਕਿਸੇ ਨਵੇਂ ਚਿਹਰੇ ਦੀ ਨਹੀਂ, ਆਪਣੇ ਗੁਰੂ ਦੀ ਪਛਾਣ ਨੂੰ ਮੁੜ ਜਗਾਉਣ ਦੀ ਹੈ; ਲੋੜ ਭੀੜ ਦੇ ਪਿੱਛੇ ਤੁਰਨ ਦੀ ਨਹੀਂ, ਗੁਰਬਾਣੀ ਦੀ ਕਸੌਟੀ 'ਤੇ ਤੁਰਨ ਦੀ ਹੈ। ਜੇ ਗੁਰੂ ਸਾਡਾ ਗੁਰੂ ਹੈ ਤਾਂ ਫਿਰ ਮਨੁੱਖੀ ਦਰਾਂ ਦੀ ਚਾਕਰੀ ਕਿਉਂ ? ਜੇ ਬਾਣੀ ਸਾਡੀ ਬੇੜੀ ਹੈ ਤਾਂ ਫਿਰ ਪੱਥਰਾਂ ਦਾ ਆਸਰਾ ਕਿਉਂ.? ਉਨ੍ਹਾਂ ਅੰਤ ਵਿੱਚ ਗੁਰਬਾਣੀ ਦੀ ਪੰਕਤੀ "ਦੀਨ ਦਇਆਲ ਭਰੋਸੇ ਤੇਰੇ॥ ਸਭੁ ਪਰਵਾਰੁ ਚੜਾਇਆ ਬੇੜੇ॥" ਦਾ ਹਵਾਲਾ ਦਿੰਦਿਆਂ ਕਿਹਾ ਕਿ ਸਿੱਖ ਦਾ ਅਸਲ ਭਰੋਸਾ ਮਨੁੱਖੀ ਚਿਹਰਿਆਂ 'ਤੇ ਨਹੀਂ, ਗੁਰੂ ਦੇ ਸ਼ਬਦ ਰਾਹੀਂ ਅਕਾਲ ਪੁਰਖ 'ਤੇ ਹੋਣਾ ਚਾਹੀਦਾ ਹੈ। ਜਦੋਂ ਗੁਰੂ ਘਰ ਵਿੱਚ ਮੌਜੂਦ ਹੈ ਤਾਂ ਸਿੱਖ ਨੂੰ ਮਨੁੱਖੀ ਦਰਾਂ ਦੀ ਭਾਲ ਨਹੀਂ, ਗੁਰੂ ਦੇ ਸ਼ਬਦ ਦੀ ਬੇੜੀ ਵਿੱਚ ਸਵਾਰ ਹੋਣ ਦੀ ਲੋੜ ਹੈ।



# ਲੋਕ ਸੇਵਾ ਚ ਪਾਰਦਰਸ਼ਤਾ ਤੇ ਨਿਸ਼ਪੱਖ ਜਾਂਚ ਦੀ ਉੱਠੀ ਮੰਗ—ਇਮਾਨਦਾਰ ਸੇਵਾਦਾਰਾਂ ਨੂੰ ਮਿਲੇ ਸਨਮਾਨ, ਭ੍ਰਿਸ਼ਟਾਚਾਰ ਦੀ ਹੋਵੇ ਸੁਤੰਤਰ ਜਾਂਚ



ਫ਼ਿਰੋਜ਼ਪੁਰ, 11 ਅਗਸਤ (ਮਨੋਹਰ ਲਾਲ) :— ਸਮਾਜ ਵਿੱਚ ਬਿਨਾਂ ਕਿਸੇ ਨਿੱਜੀ ਲਾਭ ਤੋਂ ਲੋਕਾਂ ਦੀ ਸੇਵਾ ਕਰਨ ਵਾਲੇ ਇਮਾਨਦਾਰ ਵਿਅਕਤੀਆਂ ਨੂੰ ਬਹੁਤ ਵਾਰ ਬਣਦਾ ਮਾਣ ਸਨਮਾਨ ਨਹੀਂ ਮਿਲਦਾ, ਜਦਕਿ ਸਨਮਾਨ ਦੀ ਚੋਣ ਪ੍ਰਕਿਰਿਆ ਵਿੱਚ ਪਾਰਦਰਸ਼ਤਾ ਦੀ ਘਾਟ, ਸਿਫ਼ਾਰਿਸ਼ ਅਤੇ ਰਾਜਨੀਤਿਕ ਪ੍ਰਭਾਵ ਦੇ ਦੋਸ਼ ਲਗਾਤਾਰ ਸਾਹਮਣੇ ਆਉਂਦੇ ਰਹਿੰਦੇ ਹਨ। ਇਹ ਵਿਚਾਰ ਸਾਂਝੇ ਕਰਦਿਆਂ ਪੀ.ਸੀ ਕੁਮਾਰ ਨੇ ਕਿਹਾ ਕਿ ਇਸ ਸਥਿਤੀ ਨੂੰ ਧਿਆਨ ਵਿੱਚ ਰੱਖਦਿਆਂ, ਲੋਕ ਸੇਵਾ ਪ੍ਰਣਾਲੀ ਵਿੱਚ ਸੁਧਾਰ ਅਤੇ ਨਿਸ਼ਪੱਖਤਾ ਦੀ ਪੁਰਜ਼ੋਰ ਮੰਗ ਕੀਤੀ ਗਈ ਹੈ।

ਇਸ ਮੌਕੇ ਸਮਾਜ ਸੇਵੀਆਂ ਅਤੇ ਆਮ ਜਨਤਾ ਵੱਲੋਂ ਕਈ ਗੰਭੀਰ ਸਵਾਲ ਚੁੱਕੇ ਗਏ ਹਨ ਅਤੇ ਕਿਹਾ ਕਿ ਲੰਮੀ ਸੇਵਾ ਦੇ ਬਾਵਜੂਦ ਅਸਲ ਸੇਵਾਦਾਰਾਂ ਨੂੰ ਮਾਣ ਸਨਮਾਨ ਨਹੀਂ ਦਿੱਤਾ ਜਾਂਦਾ। ਉਨ੍ਹਾਂ ਅਪੀਲ ਕੀਤੀ ਕਿ ਸਨਮਾਨ ਚੁਣਨ ਦੇ ਤਰੀਕੇ ਤੇ ਸਵਾਲ ਉੱਠ ਰਹੇ ਹਨ ਅਤੇ ਸਿਫ਼ਾਰਿਸ਼ ਜਾਂ ਪੱਖਪਾਤ ਦੇ ਦੋਸ਼ ਲੱਗ ਰਹੇ ਹਨ।

ਉਨ੍ਹਾਂ ਕਿਹਾ ਕਿ ਲਿਖਤੀ ਅਰਜ਼ੀਆਂ ਅਤੇ ਆਰ.ਟੀ.ਆਈ ਵਰਗੀਆਂ ਦਰਖਾਸਤਾਂ ਤੇ ਸਮੇਂ ਸਿਰ ਕਾਰਵਾਈ ਨਹੀਂ ਹੁੰਦੀ ਅਤੇ ਸਵਾਲ ਇਹ ਵੀ ਉੱਠਦਾ ਹੈ ਕਿ ਕੀ ਸੇਵਾ ਦਾ ਮੁਲਾਂਕਣ ਇੱਕੋ ਪਾਰਦਰਸ਼ੀ ਪੈਮਾਨੇ ਨਾਲ ਹੋ ਰਿਹਾ ਹੈ, ਉਨ੍ਹਾਂ ਮੰਗ ਕੀਤੀ ਕਿ ਸਨਮਾਨ ਦਾ ਆਧਾਰ ਕੇਵਲ ਅਤੇ ਕੇਵਲ ਅਸਲ ਸੇਵਾ ਹੋਣਾ ਚਾਹੀਦਾ ਹੈ ਨਾ ਕਿ ਕੋਈ ਪ੍ਰਭਾਵ ਜਾਂ ਸਿਫ਼ਾਰਿਸ਼, ਉਨ੍ਹਾਂ ਕਿਹਾ ਕਿ ਲੋਕਾਂ ਦੀਆਂ ਸ਼ਿਕਾਇਤਾਂ, ਲਿਖਤੀ ਅਰਜ਼ੀਆਂ ਅਤੇ ਆਰ.ਟੀ.ਆਈ ਦਸਤਾਵੇਜ਼ਾਂ ਦੀ ਸਹੀ ਰਿਕਾਰਡਿੰਗ ਅਤੇ ਟ੍ਰੈਕਿੰਗ ਹੋਣੀ ਚਾਹੀਦੀ ਹੈ। ਜੇਕਰ ਇਹ ਕਿਹਾ ਜਾਂਦਾ ਹੈ ਕਿ ਫ਼ਾਈਲ ਨਹੀਂ ਪਹੁੰਚੀ ਤਾਂ ਇਸ ਦੀ ਵੀ ਇੱਕ ਸੁਤੰਤਰ ਜਾਂਚ ਹੋਣੀ ਚਾਹੀਦੀ ਹੈ। ਸਵਾਲ ਇਹ ਨਹੀਂ ਕਿ ਸ਼ਿਕਾਇਤ ਕੌਣ ਕਰ ਰਿਹਾ ਹੈ ਸਗੋਂ ਇਹ ਹੈ ਕਿ ਦਸਤਾਵੇਜ਼ ਕੀ ਕਹਿੰਦੇ ਹਨ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

### ਬੰਦੀ ਸਿੰਘਾਂ ਦੀ ਰਿਹਾਈ ਲਈ ਕੌਮੀ ਇਨਸਾਫ ਮੋਰਚੇ ਵੱਲੋਂ ਉਲੀਕੇ ਗਏ

# 15 ਅਗਸਤ ਵਾਲੇ ਪ੍ਰੋਗਰਾਮ ਵਿੱਚ ਹੋਵਾਂਗੇ ਸ਼ਾਮਲ- ਗਿਆਨੀ ਹਰਪ੍ਰੀਤ ਸਿੰਘ





**ਅੰਮ੍ਰਿਤਸਰ, 11 ਅਗਸਤ (ਆਵਾਜ਼ਿ ਕੌਮ ਬਿਊਰੋ)-** ਅੱਜ ਸ਼੍ਰੋਮਣੀ ਅਕਾਲੀ ਦਲ ਪੁਨਰ-ਸੁਰਜੀਤ ਵੱਲੋਂ ਆਪਣੀ ਪਹਿਲੀ ਵਰ੍ਹੇਗੰਢ ਨੂੰ ਅਰਦਾਸ ਦਿਵਸ ਵਜੋਂ ਮਨਾਇਆ ਗਿਆ। ਸਮੁਚੀ ਲੀਡਰਸ਼ਿਪ ਨੇ ਗਿਆਨੀ ਹਰਪ੍ਰੀਤ ਸਿੰਘ ਦੀ ਅਗਵਾਈ ਹੇਠ ਸ੍ਰੀ ਅਕਾਲ ਤਖਤ ਸਾਹਿਬ ’ਤੇ ਪੰਥ, ਪੰਜਾਬ ਅਤੇ ਪਾਰਟੀ ਦੀ ਚੜ੍ਹਦੀ ਕਲਾ ਲਈ ਅਰਦਾਸ ਕੀਤੀ ਅਤੇ ਮੀਰੀ ਪੀਰੀ ਦੇ ਮਾਲਕ ਬੰਦੀਛੋੜ ਸਾਹਿਬ ਸ੍ਰੀ ਗੁਰੂ ਹਰਿਗੋਬਿੰਦ ਪਾਤਸ਼ਾਹ ਜੀ ਤੋਂ ਬੰਦੀ ਸਿੰਘਾਂ ਦੀ ਰਿਹਾਈ ਲਈ ਮੰਗ ਕੀਤੀ ਗਈ। ਇਸ ਮੌਕੇ ਗਿਆਨੀ ਹਰਪ੍ਰੀਤ ਸਿੰਘ ਨੇ ਕਿਹਾ ਕਿ ਪੰਥ ਦੀ ਖੇਤਰੀ ਪਾਰਟੀ ਵਜੋਂ 1920 ਨੂੰ ਹੋਂਦ ਵਿੱਚ ਆਇਆ ਅਕਾਲੀ ਦਲ ਸ੍ਰੀ ਅਕਾਲ ਤਖਤ ਸਾਹਿਬ ਦੇ ਆਦੇਸ਼ ਅਨੁਸਾਰ ਪਿਛਲੇ ਸਾਲ 11 ਅਗਸਤ ਨੂੰ ਪੁਨਰ ਸੁਰਜੀਤ ਕੀਤਾ ਗਿਆ ਸੀ, ਜੋ ਸ੍ਰੀ ਅਕਾਲ ਤਖਤ ਸਾਹਿਬ ਦੀ ਛਤਰ ਛਾਇਆ ਹੇਠ ਪੰਥਕ ਭਾਵਨਾ ਮੁਤਾਬਕ ਕੰਮ ਕਰ ਰਿਹਾ ਹੈ।

**☛ ਪੰਥ, ਪੰਜਾਬ, ਪਾਰਟੀ ਦੀ ਚੜ੍ਹਦੀ ਕਲਾ ਅਤੇ ਬੰਦੀ ਸਿੰਘਾਂ ਦੀ ਰਿਹਾਈ ਲਈ ਸ਼੍ਰੋਮਣੀ ਅਕਾਲੀ ਦਲ ਪੁਨਰ-ਸੁਰਜੀਤ ਵਲੋਂ ਕੀਤੀ ਗਈ ਅਰਦਾਸ ☛ 20 ਅਗਸਤ ਨੂੰ ਸੰਤ ਲੌਂਗੋਵਾਲ ਜੀ ਦੀ ਬਰਸੀ ਤੇ ਹੋਵੇਗਾ ਲੌਂਗੋਵਾਲ ਵਿਖੇ ਸਮਾਗਮ**



ਇਸਦੀ ਪਹਿਲੀ ਵਰ੍ਹੇਗੰਢ ਮੌਕੇ ਕੀਤੀ ਗਈ ਅਰਦਾਸ ਬੰਦੀ ਸਿੰਘਾਂ ਦੀ ਰਿਹਾਈ ਨੂੰ ਸਮਰਪਿਤ ਕੀਤੀ ਗਈ ਹੈ। ਕਿਉਂ ਕਿ ਬੰਦੀ ਸਿੰਘ ਆਪਣੀ ਕੈਦ ਨਾਲੋਂ ਦੁਗਣੀ ਸਜਾ ਭੁਗਤ ਕੇ ਵੀ ਜੇਲਾਂ ਵਿੱਚ ਬੈਠੇ ਹਨ। ਭਾਈ ਬਲਵੰਤ ਸਿੰਘ ਰਾਜੋਆਣਾ ਪਿਛਲੇ 31 ਸਾਲ ਤੋਂ ਜੇਲ੍ਹ ਵਿੱਚ ਹਨ ਅਤੇ 2007 ਵਿੱਚ ਉਹਨਾਂ ਨੂੰ ਸੁਣਾਈ ਗਈ ਫਾਂਸੀ ਦੀ ਸਜਾ ਤੋਂ ਲੈਕੇ ਹੁਣ ਤੱਕ ਫਾਂਸੀ ਚੱਕੀ ਵਿੱਚ ਬੰਦ ਹਨ। ਇਸਤੋਂ ਇਲਾਵਾ ਭਾਈ ਜਗਤਾਰ ਸਿੰਘ ਹਵਾਰਾ ਦੇ ਮਾਤਾ ਜੀ ਆਪਣੀ ਉਮਰ ਦੇ ਆਖਰੀ ਪੜਾਅ ਵਿਚ ਹਨ ਪਰ ਉਹਨਾਂ ਨੂੰ ਮਿਲਣ ਵਾਸਤੇ ਭਾਈ ਹਵਾਰਾ ਨੂੰ ਪੈਰੋਲ ਤੱਕ ਨਹੀ ਦਿੱਤੀ ਜਾ ਰਹੀ। ਇਸ ਲਈ ਜਦੋਂ ਸਰਕਾਰਾਂ ਨੇ ਸਾਡੀ ਗੱਲ ਸੁਣਨੀ ਬੰਦ ਕਰ ਦਿੱਤੀ ਹੈ ਤਾਂ ਅਸੀਂ ਬੰਦੀਛੋੜ ਗੁਰੂ ਹਰਿਗੋਬਿੰਦ ਸਾਹਿਬ ਜੀ ਅੱਗੇ ਅਰਦਾਸ ਕੀਤੀ ਹੈ ਕਿ ਸਾਡੇ ਸਿੰਘਾਂ ਦੀ ਬੰਦ ਖਲਾਸੀ ਕਰੋ ਕਿ ਉਹ ਪੰਥ ਵਿੱਚ ਖੁਲ੍ਹੇਆਮ ਵਿਚਰ ਸਕਣ। ਗਿਆਨੀ ਹਰਪ੍ਰੀਤ ਸਿੰਘ ਨੇ ਐਲਾਨ ਕੀਤਾ ਕਿ ਕੌਮੀ ਇਨਸਾਫ ਮੋਰਚੇ ਵੱਲੋਂ 15 ਅਗਸਤ ਨੂੰ ਉਲੀਕੇ ਗਏ ਰਾਜਪਾਲ ਦੇ ਘਿਰਾਓ ਵਾਲੇ ਪ੍ਰੋਗਰਾਮ ਵਿੱਚ ਸਾਡੀ ਜਥੇਬੰਦੀ ਵੱਧ ਚੜ੍ਹ ਕੇ ਭਾਗ ਲਵੇਗੀ। ਇਸਤੋਂ ਬਾਦ ਪਾਰਟੀ ਦਫਤਰ ਵਿੱਚ ਸਾਰੇ ਅਹੁਦੇਦਾਰਾਂ ਦੀ ਮੀਟਿੰਗ ਨੂੰ ਸੰਬੋਧਨ ਕਰਦਿਆਂ ਗਿਆਨੀ ਹਰਪ੍ਰੀਤ ਸਿੰਘ ਨੇ ਇਕ ਸਾਲ ਤੋਂ ਪਾਰਟੀ ਸੰਗਠਨ ਦੀ ਮਜਬੂਤੀ ਲਈ ਤਨਦੇਹੀ ਨਾਲ ਕੰਮ ਕਰਨ ਵਾਲੇ ਵਰਕਰਾਂ ਅਤੇ ਆਗੂਆਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਉਹਨਾਂ ਨੂੰ ਪੰਥ ਦੀ ਇਸ ਖੇਤਰੀ ਪਾਰਟੀ ਲਈ ਹੋਰ ਵੀ ਚੰਗੀ ਤਰਾਂ ਕੰਮ ਕਰਨਾ ਚਾਹੀਦਾ ਹੈ ਤਾਂ ਜੋ ਸ੍ਰੀ ਅਕਾਲ ਤਖਤ ਸਾਹਿਬ ਦੇ ਆਦੇਸ਼ ਨਾਲ ਪੁਨਰ ਸੁਰਜੀਤ ਹੋਇਆ ਅਕਾਲੀ ਦਲ ਪਹਿਲਾਂ ਵਾਂਗ ਲੋਕਾਂ ਦੀ ਹਰਮਨ ਪਿਆਰੀ ਜਥੇਬੰਦੀ ਬਣਿਆ ਰਹੇ। ਮੀਟਿੰਗ ਵਿੱਚ 20 ਅਗਸਤ ਨੂੰ ਆ ਰਹੀ ਸੰਤ ਹਰਚੰਦ ਸਿੰਘ ਲੌਂਗੋਵਾਲ ਦੀ ਬਰਸੀ ਨੂੰ ਵਿਸ਼ਾਲ ਰੂਪ ਵਿੱਚ ਮਨਾਉਣ ਦਾ ਫੈਸਲਾ ਕੀਤਾ ਗਿਆ। ਜਿਸ ਲਈ ਪਰਮਿੰਦਰ ਸਿੰਘ ਢੀਂਡਸਾ ਗੋਬਿੰਦ ਸਿੰਘ ਲੌਂਗੋਵਾਲ ਅਤੇ ਸਾਰੇ ਜਿਲਾ ਸੰਗਰੂਰ ਦੇ ਆਗੂ ਲਗਾਤਾਰ ਮੀਟਿੰਗਾਂ ਕਰ ਰਹੇ ਹਨ ਅਤੇ ਵਰਕਰਾਂ ਨੂੰ ਦਿਨ ਰਾਤ ਮਿਹਨਤ ਕਰਨ ਲਈ ਕਿਹਾ ਗਿਆ। ਅੱਜ ਦੀ ਇਸ ਮੀਟਿੰਗ ਵਿੱਚ ਗਿਆਨੀ ਹਰਪ੍ਰੀਤ ਸਿੰਘ ਤੋਂ ਇਲਾਵਾ ਬੀਬੀ ਜਗੀਰ ਕੌਰ, ਸ ਗੁਰਪ੍ਰਤਾਪ ਸਿੰਘ ਵਡਾਲਾ, ਸ ਸੁੱਚਾ ਸਿੰਘ ਛੋਟੇਪੁਰ, ਸ ਪਰਮਿੰਦਰ ਸਿੰਘ ਢੀਂਡਸਾ, ਭਾਈ ਮਨਜੀਤ ਸਿੰਘ, ਸ ਗੋਬਿੰਦ ਸਿੰਘ ਲੌਂਗੋਵਾਲ, ਸ ਗੁਰਜੀਤ ਸਿੰਘ ਤਲਵੰਡੀ, ਸ ਅਜੈਪਾਲ ਸਿੰਘ ਮੀਰਾਂਕੋਟ, ਸ ਕਰਨੈਲ ਸਿੰਘ ਪੀਰਮੁਹੰਮਦ, ਸ ਭੁਪਿੰਦਰ ਸਿੰਘ ਸ਼ੇਖੂਪੁਰ, ਸ ਜਸਵੰਤ ਸਿੰਘ ਪੁੜੈਣ, ਸ ਰਾਮਪਾਲ ਸਿੰਘ ਬਹਿਣੀਵਾਲ, ਸ ਭਜਨ ਸਿੰਘ ਸ਼ੇਰਗਿੱਲ, ਸ ਦਵਿੰਦਰ ਸਿੰਘ ਸੋਢੀ, ਸ ਚਰਨਜੀਤ ਸਿੰਘ ਮਾਵੀ, ਸ ਤਾਰਾ ਸਿੰਘ ਘੁੜਿਆਣੀ, ਸ ਅਰਵਿੰਦਰ ਸਿੰਘ ਪੈਂਟਾ, ਸ ਦਰਸ਼ਨ ਸਿੰਘ ਕੰਸਾਲਾ, ਸ ਹਰਜਿੰਦਰ ਸਿੰਘ ਰਾਮਗੜ੍ਹ ਸੰਧਵਾਂ, ਬੀਬੀ ਹਰਜੀਤ ਕੌਰ ਤਲਵੰਡੀ, ਬੀਬੀ ਸਿਮਰਜੀਤ ਕੌਰ ਸਿੱਧੂ, ਬੀਬੀ ਮਨਿੰਦਰ ਕੌਰ ਮੋਨਾ ਮੋਹਾਲੀ, ਸ ਸਰਬਜੀਤ ਸਿੰਘ ਕਾਦੀਮਾਜਰਾ, ਸ ਗੁਰਲਾਲ ਸਿੰਘ ਫਾਜ਼ਿਲਕਾ, ਐਡਵੋਕੇਟ ਰਾਵਿੰਦਰ ਸਿੰਘ ਸ਼ਾਹਪੁਰ, ਸ ਜਸਪਾਲ ਸਿੰਘ ਫ਼ਿਰੋਜ਼ਪੁਰ, ਸ ਮਧੁਪਾਲ ਸਿੰਘ ਗੋਗਾ, ਸ ਜਗਤਾਰ ਸਿੰਘ, ਸ ਸਵਿੰਦਰ ਸਿੰਘ ਦੋਬਲੀਆਂ, ਸ ਜਗਜੀਤ ਸਿੰਘ ਮੋਹਾਲੀ, ਦਫਤਰ ਸਕੱਤਰ ਸ ਜਗਜੀਤ ਸਿੰਘ ਕੋਹਲੀ, ਮੀਡੀਆ ਇੰਚਾਰਜ ਸ ਤੇਜਿੰਦਰ ਸਿੰਘ ਪੰਨੂੰ, ਸ ਦਲਜਿੰਦਰਬੀਰ ਸਿੰਘ ਵਿਰਕ, ਸ ਮਨਿੰਦਰ ਸਿੰਘ ਧੁੰਨਾ, ਸ ਹਰਜਿੰਦਰ ਸਿੰਘ ਵਿਰਕ, ਸ ਗੁਰਜਿੰਦਰ ਸਿੰਘ ਭੁੱਲਰ, ਸ ਅਮਨਦੀਪ ਸਿੰਘ, ਸ ਬਲਦੇਵ ਸਿੰਘ ਬਟਾਲਾ, ਸ ਮਨਜੀਤ ਸਿੰਘ ਦਸੂਹਾ, ਸ ਸੁਖਵੰਤ ਸਿੰਘ ਰੌਲੀ, ਸ ਅਮਰਜੀਤ ਸਿੰਘ ਕਿਸ਼ਨਪੁਰਾ, ਸ ਗੁਰਮੀਤ ਸਿੰਘ ਮਕੜੌਨਾ, ਸ ਮਨਦੀਪ ਸਿੰਘ ਤਰਖਾਣਮਾਜਰਾ, ਸ ਰਣਧੀਰ ਸਿੰਘ ਰੱਖੜਾ, ਸ ਰਵਿੰਦਰ ਸਿੰਘ ਬਿੰਦਾ, ਸ ਰਾਮਪਾਲ ਸਿੰਘ ਬਹਿਣੀਵਾਲ, ਸ ਰਿਪੁਦਮਨ ਸਿੰਘ ਢਿੱਲੋਂ, ਸ ਤਰਨਜੀਤ ਸਿੰਘ ਦੁੱਗਲ, ਸ ਰਵਿੰਦਰ ਸਿੰਘ ਰੰਮੀ ਢਿੱਲੋਂ, ਸ ਮਨਜੀਤ ਸਿੰਘ ਬੱਪੀਆਣਾ, ਸ ਸੁਖਮਨਦੀਪ ਸਿੰਘ ਢਿੱਲੋਂ, ਸ ਭੋਲਾ ਸਿੰਘ ਗਿੱਲਪੱਤੀ, ਸ ਰਾਜਿੰਦਰ ਸਿੰਘ ਰਾਜਾ, ਸ ਗੁਰਜਿੰਦਰ ਸਿੰਘ ਟਾਹਲੀਵਾਲਾ, ਸ ਰਣਜੀਤ ਸਿੰਘ ਔਲਖ, ਡਾ.ਮੁਖਤਿਆਰ ਸਿੰਘ, ਸ ਅਮਰਿੰਦਰ ਸਿੰਘ ਮੰਡੀਆਂ, ਸ ਪ੍ਰੀਤਮ ਸਿੰਘ ਕੁੱਸਾ, ਸ ਸੁਰਿੰਦਰ ਸਿੰਘ ਬੱਸੀ, ਸ ਜੋਰਾ ਸਿੰਘ ਭੁੱਲਰ (ਚੱਪੜਚਿੜੀ) ਆਦਿ ਆਗੂ ਹਾਜਿਰ ਸਨ। ਪ੍ਰੈੱਸ ਨੂੰ ਇਹ ਬਿਆਨ ਮੀਡੀਆ ਇੰਚਾਰਜ ਸ ਤੇਜਿੰਦਰ ਸਿੰਘ ਪੰਨੂੰ ਵੱਲੋਂ ਜਾਰੀ ਕੀਤਾ ਗਿਆ।ਜਸਪ੍ਰੀਤ ਸਿੰਘ (ਹਰਮੀਤਪਾਲ ਸਿੰਘ ਘੁੰਮਣ ਅੰਮ੍ਰਿਤਪਾਲ ਸਿੰਘ (ਭੁਪਿੰਦਰ ਸਿੰਘ ਘੁੰਮਣ (ਚਰਨਜੀਤ ਸਿੰਘ ਮਾਵੀ ਗੁਰਸੇਵਕ ਸਿੰਘ ਮਨਿਆਣਾ ਐਡ. ਰਵਿੰਦਰ ਸਿੰਘ ਸ਼ਾਹਪੁਰ ਮਲਕੀਤ ਸਿੰਘ ਹੁੰਦਲ ਦਵਿੰਦਰ ਸਿੰਘ ਸੰਤ ਸਿਪਾਹੀ ਆਦਿ ਹਜਾਰ ਸਨ।

# ਸੀ.ਆਈ.ਟੀ.ਯੂ, ਆਂਗਣਵਾੜੀ ਵਰਕਰ, ਹੈਲਪਰ ਵੱਲੋਂ ਜੇਲ੍ਹ ਭਰੋ ਅੰਦੋਲਨ ਦੀ ਕਾਲ ਦੇ ਪ੍ਰੋਗਰਾਮ ਅਨੁਸਾਰ ਕੀਤਾ ਗਿਆ ਰੋਹ ਭਰਪੂਰ ਮੁਜ਼ਾਹਰਾ—ਜਸਪਾਲ ਕੌਰ, ਕਾਂਤਾ ਰਾਣੀ



**ਫ਼ਿਰੋਜ਼ਪੁਰ, 11 ਅਗਸਤ (ਮਨੋਹਰ ਲਾਲ) :—** ਅੱਜ ਫਿਰੋਜ਼ਪੁਰ ਵਿਖੇ ਆਂਗਣਵਾੜੀ ਵਰਕਰ ਹੈਲਪਰ ਅਤੇ ਸੀ.ਆਈ.ਟੀ.ਯੂ, ਮੁਲਾਜ਼ਮ ਭਾਰਤਰੀ ਜਥੇਬੰਦੀ ਅਤੇ ਕਿਸਾਨ ਮਜ਼ਦੂਰ ਜਥੇਬੰਦੀਆਂ ਨੇ ਸਾਰਾਗੜ੍ਹੀ ਗੁਰਦੁਆਰਾ ਸਾਹਿਬ ਵਿਖੇ ਇੱਕਤਰ ਹੋ ਕੇ ਡੀ.ਸੀ ਦਫ਼ਤਰ ਵੱਲੋਂ ਸੈਂਕੜੇ ਇਸਤਰੀ ਮੁਲਾਜ਼ਮਾਂ ਦੀ ਗਿਣਤੀ ਨੇ ਰੋਸ ਮਾਰਚ ਕਰਕੇ ਡੀ.ਸੀ ਫਿਰੋਜ਼ਪੁਰ ਨੂੰ ਮੰਗ ਪੱਤਰ ਦਿੱਤਾ। ਗੱਲਬਾਤ ਕਰਦਿਆਂ ਕਾਂਤਾ ਰਾਣੀ ਨੇ ਦੱਸਿਆ ਕਿ ਸਰਕਾਰ ਨੇ ਸੱਤਾਂ ਵਿੱਚ ਆਉਣ ਤੋਂ ਪਹਿਲਾਂ ਆਂਗਣਵਾੜੀ ਅਤੇ ਹੈਲਪਰਾ ਨਾਲ਼ ਜੋ ਵਾਅਦੇ ਕੀਤੇ ਸਨ ਜਿਵੇਂ ਕਿ ਆਂਗਣਵਾੜੀ ਵਰਕਰਾਂ ਅਤੇ ਹੈਲਪਰਾ ਦੇ ਮਾਨ ਭੱਤੇ ਵਿੱਚ ਦੁਗਣਾ ਵਾਧਾ ਕਰਨਾ, ਆਂਗਣਵਾੜੀ ਵਰਕਰਾ ਨੂੰ ਗਰੇਡ 3 ਅਤੇ ਹੈਲਪਰਾ ਨੂੰ ਗਰੇਡ 4 ਦਾ ਦਰਜਾ ਦੇ ਕੇ ਰੈਗੂਲਰ ਕਰਨਾ, ਪੇ ਕਮਿਸ਼ਨ ਦੇ ਘੇਰੇ ਵਿੱਚ ਲਿਆਉਣਾ, ਹੈਲਪਰਾਂ ਅਤੇ ਸੁਪਰਵਾਈਜ਼ਰਾਂ ਦੀਆਂ ਅਸਾਮੀਆਂ ਨੂੰ ਰੈਗੂਲਰ ਤੌਰ ਤੇ ਭਰਨਾਂ, 2022 ਦੇ ਮਾਨਯੋਗ ਸੁਪਰੀਮ ਕੋਰਟ ਵੱਲੋਂ ਗਰੈਚੁਇਟੀ ਸਬੰਧੀ ਦਿੱਤੇ ਫੈਸਲੇ ਨੂੰ ਲਾਗੂ ਕਰਨਾ ਆਦਿ ਮੰਗਾਂ ਮੰਨਣ ਤੋਂ ਭੱਜ ਰਹੀ ਹੈ। ਮੁਲਾਜ਼ਮ ਆਗੂ ਰਵਿੰਦਰ ਲੂਥਰਾ ਨੇ ਦੱਸਿਆ ਕਿ ਸਰਕਾਰ ਕੱਚੇ ਮੁਲਾਜ਼ਮਾਂ ਨੂੰ ਰੈਗੂਲਰ ਕਰਨਾ, ਪੁਰਾਣੀ ਪੈਨਸ਼ਨ ਸਕੀਮ ਬਹਾਲ ਕਰਨਾ, ਡੀ.ਏ ਦੀਆਂ ਕਿਸ਼ਤਾਂ ਅਤੇ ਬਕਾਇਆ ਰਾਸ਼ੀ ਜਾਰੀ ਕਰਨਾ, ਵੱਖ—ਵੱਖ ਵਿਭਾਗਾਂ ਵਿਚ ਖ਼ਾਲੀ ਪਈਆ ਅਸਾਮੀਆਂ ਨੂੰ ਰੈਗੂਲਰ ਤੌਰ ਤੇ ਭਰਨਾਂ, ਜੁਲਾਈ 2020 ਦਾ ਪੱਤਰ ਰੱਦ ਕਰਨਾ ਆਦਿ ਮੰਗਾਂ ਮੰਨਣ ਤੋਂ ਵੀ ਭੱਜ ਰਹੀ ਹੈ। ਕਿਸਾਨ ਆਗੂ ਹੰਸਾਂ ਸਿੰਘ ਨੇ ਦੱਸਿਆ ਕਿ ਕਿਸਾਨਾਂ ਨੂੰ ਐਮ.ਐਸ.ਪੀ ਦੇਣਾ, ਯੂ.ਐਸ.ਏ ਨਾਲ਼ ਕੀਤੀ ਐਫਟੀਏ ਨੂੰ ਰੱਦ ਕਰਨਾ, ਬਿਜਲੀ ਬਿੱਲ 2025 ਨੂੰ ਰੱਦ ਕਰਨਾ ਆਦਿ ਮੰਗਾਂ ਮੰਨਣ ਤੋਂ ਵੀ ਭੱਜ ਰਹੀ ਹੈ। ਇਸ ਰੈਲੀ ਨੂੰ ਰਮਨ ਅੱਤਰੀ, ਕੁਲਦੀਪ ਸਿੰਘ ਖੁੰਗਰ, ਪਵਨ ਮਨਚੰਦਾ, ਦਵਿੰਦਰ ਸਿੰਘ ਟੀਟੂ, ਰਾਕੇਸ਼ ਕੰਬੋਜ, ਹਰਪ੍ਰੀਤ ਸਿੰਘ, ਕੁਲਦੀਪ ਰਾਏ, ਰਜਨੀ, ਵੀਰਪਾਲ ਕੌਰ, ਬਲਜੀਤ ਕੌਰ, ਕੰਜਨ ਕੌਰ, ਰਾਜਿੰਦਰ ਕੌਰ, ਕੁਲਜੀਤ ਕੌਰ, ਨਰਿੰਦਰ ਕੌਰ, ਗੁਰਮੀਤ ਕੌਰ, ਕਰਮਜੀਤ ਕੌਰ, ਬਲਵੀਰ ਕੌਰ, ਰਾਜ ਪਾਲ ਕੌਰ, ਪਰਮਜੀਤ ਕੌਰ, ਬਲਦੇਵ ਕੌਰ, ਦਰਸ਼ਨਾ, ਜਸਬੀਰ ਕੌਰ, ਗੁਰਮੀਤ ਕੌਰ ਤੇ ਬਲਜੀਤ ਕੌਰ ਨੇ ਸਰਕਾਰ ਨੂੰ ਚੇਤਾਵਨੀ ਦਿੱਤੀ ਕਿ ਜੇਕਰ ਉਪਰੋਕਤ ਮੰਗਾਂ ਦਾ ਨਿਪਟਾਰਾ ਨਾ ਕੀਤਾ ਗਿਆ ਤਾਂ ਆਉਣ ਵਾਲੀਆਂ 2027 ਦੀਆਂ ਵਿਧਾਨ ਸਭਾ ਚੋਣਾਂ ਵਿੱਚ ਇਸ ਦਾ ਖਮਿਆਜ਼ਾ ਭੁਗਤਨਾ ਪਵੇਗਾ।

# ਮੁੱਖ ਮੰਤਰੀ ਵੱਲੋਂ ਜਗਤਾਰ ਸਿੰਘ ਹਵਾਰਾ ਦੀ ਪੈਰੋਲ ਦੀ ਲਿਖੀ ਚਿੱਠੀ ਦੀ ਹਰ ਪਾਸੇ ਸ਼ਲਾਘ—ਏਕਨੂਰ ਖਾਲਸਾ ਫੌਜ



**ਫ਼ਿਰੋਜ਼ਪੁਰ, 11 ਅਗਸਤ (ਮਨੋਹਰ ਲਾਲ) :—** ਪਿਛਲੇ ਲੰਬੇ ਸਮੇਂ ਤੋਂ ਦੇਸ਼ ਦੀਆਂ ਵੱਖ—ਵੱਖ ਜੇਲ੍ਹਾਂ ਵਿਚ ਬੰਦ ਸਿੱਖ ਨੌਜਵਾਨ ਜਿਨ੍ਹਾਂ ਦੀ ਹੁਣ ਤਾਂ ਉਮਰ ਵੀ ਲੰਘ ਚੁੱਕੀ ਹੈ ਅਤੇ ਆਪਣੀ ਸਜਾ ਤੋਂ ਵੱਧ ਸਜਾ ਜੇਲ੍ਹਾਂ ਵਿਚ ਕੱਟ ਰਹੇ ਹਨ, ਪਰ ਰਿਹਾਈ ਤਾਂ ਕੀ ਕਰਨੀ ਸੀ, ਬਹੁਤ ਸਾਰੇ ਸਿੰਘਾਂ ਨੂੰ ਤਾਂ ਪੈਰੋਲ ਵੀ ਨਹੀਂ ਦਿੱਤੀ ਗਈ, ਜਿਨ੍ਹਾਂ ਵਿਚ ਭਾਈ ਸਮਸ਼ੇਰ ਸਿੰਘ, ਗੁਰਮੀਤ ਸਿੰਘ, ਜਗਤਾਰ ਸਿੰਘ, ਭਾਈ ਪਰਮਜੀਤ ਸਿੰਘ ਭਿਓਰਾ, ਭਾਈ ਜਗਤਾਰ ਸਿੰਘ ਹਵਾਰਾ ਜਿਨ੍ਹਾਂ ਨੂੰ ਸਿੱਖ ਕੌਮ ਨੇ ਸਰਬੱਤ ਖਾਲਸਾ ਵਿਚ ਸ੍ਰੀ ਅਕਾਲ ਤਖਤ ਸਾਹਿਬ ਦਾ ਜਥੇਦਾਰ ਨਿਯੁਕਤ ਕਰ ਦਿੱਤਾ ਸੀ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਜ਼ਿਲ੍ਹਾ ਫ਼ਿਰੋਜ਼ਪੁਰ ਦੇ ਏਕਨੂਰ ਖਾਲਸਾ ਫੌਜ਼ ਦੇ ਪ੍ਰਧਾਨ ਭਾਈ ਲਖਬੀਰ ਸਿੰਘ ਨੇ ਕਿਹਾ ਕਿ ਆਪਣੇ ਆਪ ਨੂੰ ਸਿੱਖ ਕੌਮ ਦੇ ਠੇਕੇਦਾਰ ਅਖਵਾਉਣ ਵਾਲੇ ਜ਼ੋ ਕਿ 10 ਸਾਲ ਭਾਜਪਾ ਨਾਲ ਘਿਓ ਖਿਚੜੀ ਹੋਣ ਵਾਲੇ ਕੁਰਸੀ ਦਾ ਨਿੱਘ ਮਾਨਣ ਵਾਲਿਆਂ ਨੇ ਸਜਾਵਾਂ ਪੂਰੀਆਂ ਕਰ ਚੁੱਕੇ ਬੰਦੀ ਸਿੰਘਾਂ ਬਾਰੇ ਕੁਝ ਨਹੀਂ ਸੋਚਿਆ, 10 ਸਾਲ ਕੈਪਟਨ ਸਰਕਾਰ ਰਹੀ, ਉਨ੍ਹਾਂ ਵੀ ਆਪਣੇ ਘਰ ਭਰੇ, ਹੁਣ ਪਹਿਲੀ ਵਾਰ ਸੱਤਾ ਵਿਚ ਆਈ ਆਮ ਆਦਮੀ ਪਾਰਟੀ ਨੇ ਪੰਜਾਬ ਦੀ ਜਨਤਾ ਬਾਰੇ ਸੋਚਿਆ ਤੇ ਸਭ ਤੋਂ ਵੱਡਾ ਫੈਸਲਾ ਜ਼ੋ ਪਹਿਲਾਂ ਵਾਲੀਆਂ ਸਰਕਾਰਾਂ ਨਹੀਂ ਲੈ ਸਕੀਆਂ, ਸਰਦਾਰ ਭਗਵੰਤ ਸਿੰਘ ਮਾਨ ਮੁੱਖ ਮੰਤਰੀ ਪੰਜਾਬ ਨੇ ਲਿਆ। ਉਨ੍ਹਾਂ ਪੰਜਾਬ ਦੇ ਰਾਜਪਾਲ ਨੂੰ ਪੱਤਰ ਲਿਖ ਕੇ ਲੰਮੇ ਸਮੇਂ ਤੋਂ ਬੰਦ ਭਾਈ ਜਗਤਾਰ ਸਿੰਘ ਹਵਾਰਾ ਨੂੰ ਪੈਰੋਲ ਦੇਣ ਦੀ ਮੰਗ ਕੀਤੀ ਹੈ ਤਾਂ ਕਿ ਆਪਣੀ ਬਜੁਰਗ ਮਾਤਾ ਨੂੰ ਮਿਲ ਸਕੇ, ਕਿਉਂਕਿ ਭਾਈ ਜਗਤਾਰ ਸਿੰਘ ਹਵਾਰਾ ਨੂੰ ਆਪਣੀ ਮਾਤਾ ਨੂੰ ਮਿਲਿਆ 32 ਸਾਲ ਹੋ ਗਏ ਹਨ। ਇਸ ਉਪਰਾਲੇ ਦਾ ਸਮੂਹ ਸਿੱਖ ਸੰਗਤਾਂ ਨੇ ਵੱਧ ਚੜ੍ਹ ਕੇ ਸਵਾਗਤ ਕੀਤਾ ਹੈ। ਅੱਗੇ ਗੱਲ ਕਰਦਿਆਂ ਸੀ.ਆਗੂ ਭਾਈ ਹਿੰਮਤ ਸਿੰਘ ਖਾਲਸਾ ਨੇ ਕਿਹਾ ਕਿ ਕੁਝ ਲੋਕਾਂ ਨੂੰ ਮੁੱਖ ਮੰਤਰੀ ਸਰਦਾਰ ਭਗਵੰਤ ਸਿੰਘ ਮਾਨ ਦਾ ਇਹ ਫੈਸਲਾ ਚੁੱਭ ਰਿਹਾ ਹੈ ਕਿ ਇਸ ਤਰ੍ਹਾਂ ਨਹੀਂ ਹੋ ਸਕਦਾ, ਪੈਰੋਲ ਨਹੀਂ ਮਿਲ ਸਕਦੀ, ਇਹ ਵੋਟਾਂ ਦਾ ਸਟੰਟ ਦੱਸ ਰਹੇ ਹਨ, ਅਸੀਂ ਵਿਰੋਧ ਕਰਨ ਵਾਲਿਆਂ ਨੂੰ ਪੁੱਛਦੇ ਹਾਂ ਹੁਣ ਤੱਕ ਸੱਤਾ ਦਾ ਨਿੱਘ ਮਾਨਣ ਵਾਲਿਓ ਤੁਹਾਨੂੰ ਕਿੰਨੇ ਮੌਕੇ ਦਿੱਤੇ ਪੰਜਾਬ ਦੀ ਜਨਤਾ ਨੇ ਸਰਕਾਰਾਂ ਬਣਾਉਣ ਦੇ ਤੁਸੀਂ ਵੀ ਇਹ ਸਟੰਟ ਕਰ ਲੈਂਦੇ ਸਭ ਨੂੰ ਰਾਜਨੀਤੀ ਤੋਂ ਉਪਰ ਉਠ ਕੇ ਚੰਗੇ ਕੰਮ ਦਾ ਸਵਾਗਤ ਕਰਨਾ ਬਣਦਾ ਹੈ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ ’ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

### ਯੂਕੇ ਦੇ ਐੱਮਪੀ ਅਤੇ ਸੰਸਦ ਦੀ ਡਿਫੈਂਸ ਕਮੇਟੀ ਦੇ ਚੇਅਰਮੈਨ ਤਨਮਨਜੀਤ ਸਿੰਘ ਢੇਸੀ ਅਤੇ

# ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਵਿਚਕਾਰ ਪੰਜਾਬ ਵਿਧਾਨ ਸਭਾ ਵਿਖੇ ਅਹਿਮ ਮੁਲਾਕਾਤ

**ਚੰਡੀਗੜ੍ਹ, 11 ਅਗਸਤ (ਆਵਾਜ਼ਿ ਕੌਮ ਬਿਊਰੋ)**-ਯੂਕੇ ਦੇ ਐੱਮਪੀ ਅਤੇ ਸੰਸਦ ਦੀ ਡਿਫੈਂਸ ਕਮੇਟੀ ਦੇ ਚੇਅਰਮੈਨ ਤਨਮਨਜੀਤ ਸਿੰਘ ਢੇਸੀ ਅਤੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਵਿਚਕਾਰ ਪੰਜਾਬ ਵਿਧਾਨ ਸਭਾ ਵਿਖੇ ਅਹਿਮ ਮੁਲਾਕਾਤ ਹੋਈ। ਇਸ ਬੈਠਕ ਦੌਰਾਨ ਮੁੱਖ ਤੌਰ ’ਤੇ ਪ੍ਰਵਾਸੀ ਭਾਰਤੀਆਂ ਐਨਆਰਆਈ ਦੇ ਮੁੱਦਿਆਂ, ਪੰਜਾਬ ਦੇ ਵਿਕਾਸ ਅਤੇ ਅੰਤਰਰਾਸ਼ਟਰੀ ਸੰਪਰਕ ਨੂੰ ਵਧਾਉਣ ’ਤੇ ਵਿਸਥਾਰਪੂਰਵਕ ਚਰਚਾ ਕੀਤੀ ਗਈ। ਇਹ ਮੁਲਾਕਾਤ ਪੰਜਾਬ ਵਿਧਾਨ ਸਭਾ ਦੇ ਸੈਸ਼ਨ ਦੌਰਾਨ ਤਨਮਨਜੀਤ ਸਿੰਘ ਢੇਸੀ ਨੂੰ ਵਿਸ਼ੇਸ਼ ਤੌਰ ਤੇ ਸੈਸ਼ਨ ਵਿੱਚ ਬੁਲਾਇਆ ਗਿਆ, ਜਿਸ ਵਿੱਚ ਮੁੱਖ ਮੰਤਰੀ ਭਗਵੰਤ ਮਾਨ ਨੇ ਉਹਨਾਂ ਦਾ ਵਿਸ਼ੇਸ਼ ਸਨਮਾਨ ਕੀਤਾ ਅਤੇ ਉਹਨਾਂ ਦੀ ਆਪਣੇ ਭਾਸ਼ਣ ਦੌਰਾਨ ਬੋਲਦਿਆਂ ਪ੍ਰਸ਼ੰਸਾ ਕੀਤੀ।



* ਐਨ.ਆਰ.ਆਈ. ਮੁੱਦੇ ਅਤੇ ਜ਼ਮੀਨੀ ਵਿਵਾਦ: ਐਮ.ਪੀ. ਢੇਸੀ ਨੇ ਪ੍ਰਵਾਸੀ ਭਾਰਤੀਆਂ ਨੂੰ ਆਉਂਦੀਆਂ ਮੁਸ਼ਕਲਾਂ—ਖਾਸ ਕਰਕੇ ਜ਼ਮੀਨੀ/ਜਾਇਦਾਦ ਦੇ ਵਿਵਾਦਾਂ ਨੂੰ ਸਮਾਂ-ਬੱਧ ਤਰੀਕੇ ਨਾਲ ਨਿਪਟਾਉਣ ਦੀ ਮੰਗ ਕੀਤੀ।

* ਏਵੀਏਸ਼ਨ ਹੱਬ ਅਤੇ ਸਿੱਧੀਆਂ ਉਡਾਣਾਂ: ਉਨ੍ਹਾਂ ਪ੍ਰਸਤਾਵ ਦਿੱਤਾ ਕਿ ਪੰਜਾਬ (ਅੰਮ੍ਰਿਤਸਰ ਅਤੇ ਚੰਡੀਗੜ੍ਹ) ਨੂੰ ਪੂਰੇ ਉੱਤਰੀ ਭਾਰਤ ਲਈ ਇੱਕ ਵੱਡਾ ਏਵੀਏਸ਼ਨ ਹੱਬ ਵਿਕਸਤ ਕੀਤਾ ਜਾਵੇ। ਲੰਡਨ, ਬਰਮਿੰਘਮ ਅਤੇ ਹੋਰ ਵਿਦੇਸ਼ੀ ਸ਼ਹਿਰਾਂ ਤੋਂ ਸਿੱਧੀਆਂ ਉਡਾਣਾਂ ਵਧਾਉਣ ’ਤੇ ਜ਼ੋਰ ਦਿੱਤਾ ਗਿਆ।

* ਨਿਵੇਸ਼ ਅਤੇ ਵਪਾਰ: ਪ੍ਰਵਾਸੀ ਪੰਜਾਬੀਆਂ ਦੇ ਨਿਵੇਸ਼ ਨੂੰ ਉਤਸ਼ਾਹਿਤ ਕਰਨ ਅਤੇ ਕਾਰਗੋ/ਵਪਾਰਕ ਸੇਵਾਵਾਂ ਨੂੰ ਮਜ਼ਬੂਤ ਕਰਨ ਬਾਰੇ ਗੱਲਬਾਤ ਹੋਈ।

* ਸੁਰੱਖਿਆ ਅਤੇ ਫਿਰੌਤੀਆਂ ਦੀ ਸਮੱਸਿਆ: ਢੇਸੀ ਨੇ ਕਾਰੋਬਾਰੀਆਂ ਅਤੇ ਖੇਡ ਪ੍ਰਮੋਟਰਾਂ ਨੂੰ ਮਿਲ ਰਹੀਆਂ ਧਮਕੀਆਂ/ਰੰਗਦਾਰੀਆਂ ਦੇ ਮੁੱਦੇ ’ਤੇ ਚਿੰਤਾ ਜਤਾਉਂਦੇ ਹੋਏ ਭਾਰਤ, ਯੂ.ਕੇ., ਕੈਨੇਡਾ, ਆਸਟ੍ਰੇਲੀਆ ਅਤੇ ਅਮਰੀਕਾ ਵਰਗੇ ਦੇਸ਼ਾਂ ਦੀਆਂ ਸਰਕਾਰਾਂ ਵਿਚਕਾਰ ਤਾਲਮੇਲ ਨਾਲ ਕਾਰਵਾਈ ਕਰਨ ਦੀ ਅਪੀਲ ਕੀਤੀ।

* ਧਾਰਮਿਕ ਯਾਤਰਾ: ਸ੍ਰੀ ਕਰਤਾਰਪੁਰ ਸਾਹਿਬ ਲਾਂਘੇ ਦੀ ਪੂਰੀ ਵਰਤੋਂ ਕਰਨ ਅਤੇ ਖੇਤਰੀ ਸ਼ਾਂਤੀ ਬਣਾਏ ਰੱਖਣ ਬਾਰੇ ਵੀ ਵਿਚਾਰ ਸਾਂਝੇ ਕੀਤੇ ਗਏ। ਇਸ ਮੌਕੇ ਉਹਨਾਂ ਦੇ ਨਾਲ ਉਹਨਾਂ ਦੇ ਚਾਚਾ ਜੀ ਅਤੇ ਮੈਂਬਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਪਰਮਜੀਤ ਸਿੰਘ ਰਾਏਪੁਰ ਮੌਜੂਦ ਸਨ।

### ਹਰਭਜਨ ਸਿੰਘ ਨੂੰ ਨਿਸ਼ਾਨਾ ਬਣਾਉਣ ਦੀ ਬਜਾਏ ਮਾਨ ਸਰਕਾਰ ਉਨ੍ਹਾਂ ਮਾਵਾਂ ਦੀ ਪੀੜ ਦਾ ਜਵਾਬ ਦੇਵੇ, ਜਿਨ੍ਹਾਂ ਦੇ ਪੁੱਤ ਨਸ਼ਿਆਂ ਨੇ ਖੋਹ ਲਏ

# ਨਸ਼ਿਆਂ ’ਤੇ ‘ਪ੍ਰਚਾਰ ਜੰਗ’ ਨਹੀਂ, ਪੰਜਾਬ ਨੂੰ ਚਾਹੀਦੇ ਨੇ ਜ਼ਮੀਨੀ ਨਤੀਜੇ: ਪ੍ਰੋ. ਸਰਚਾਂਦ ਸਿੰਘ ਖਿਆਲਾ



**ਅੰਮ੍ਰਿਤਸਰ, 11 ਅਗਸਤ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਭਾਜਪਾ ਦੇ ਬੁਲਾਰੇ ਪ੍ਰੋ. ਸਰਚਾਂਦ ਸਿੰਘ ਖਿਆਲਾ ਨੇ ਭਾਜਪਾ ਦੇ ਮੈਂਬਰ ਪਾਰਲੀਮੈਂਟ ਹਰਭਜਨ ਸਿੰਘ ਵੱਲੋਂ ਨਸ਼ਿਆਂ ਦੀ ਲਪੇਟ ਵਿੱਚ ਆਏ ਨੌਜਵਾਨਾਂ ਦੀ ਵੀਡੀਓ ਸੋਸ਼ਲ ਮੀਡੀਆ ’ਤੇ ਸਾਂਝੀ ਕਰਨ ਨੂੰ ਲੈ ਕੇ ਆਮ ਆਦਮੀ ਪਾਰਟੀ (ਆਪ) ਵੱਲੋਂ ਕੀਤੀ ਜਾ ਰਹੀ ਆਲੋਚਨਾ ਦੀ ਸਖ਼ਤ ਨਿਖੇਧੀ ਕੀਤੀ ਹੈ। ਉਨ੍ਹਾਂ ਕਿਹਾ ਕਿ ਨਸ਼ਿਆਂ ਦੀ ਭਿਆਨਕ ਹਕੀਕਤ ਨੂੰ ਸਾਹਮਣੇ ਲਿਆਉਣ ਵਾਲਿਆਂ ਨੂੰ ਨਿਸ਼ਾਨਾ ਬਣਾਉਣ ਦੀ ਬਜਾਏ ਭਗਵੰਤ ਮਾਨ ਸਰਕਾਰ ਨੂੰ ਉਨ੍ਹਾਂ ਮਾਵਾਂ ਦੇ ਦਰਦਨਾਕ ਸਵਾਲਾਂ ਦਾ ਜਵਾਬ ਦੇਣਾ ਚਾਹੀਦਾ ਹੈ, ਜਿਨ੍ਹਾਂ ਦੇ ਪੁੱਤ ਨਸ਼ਿਆਂ ਦੀ ਲਤ ਕਾਰਨ ਬਰਬਾਦ ਹੋ ਗਏ ਹਨ। ਪ੍ਰੋ. ਖਿਆਲਾ ਨੇ ਕਿਹਾ ਕਿ ਪੰਜਾਬ ਦੀ ਨਸ਼ਿਆਂ ਦੀ ਸਮੱਸਿਆ ਵੀਡੀਓ ਹਟਾਉਣ, ਅਸਹਿਜ ਸਵਾਲਾਂ ਨੂੰ ਦਬਾਉਣ ਜਾਂ ਵੱਡੇ-ਵੱਡੇ ਪ੍ਰਚਾਰ ਅਭਿਆਨ ਚਲਾਉਣ ਨਾਲ ਖ਼ਤਮ ਨਹੀਂ ਹੋ ਸਕਦੀ। ਉਨ੍ਹਾਂ ਸਵਾਲ ਕੀਤਾ, “ਜੇ ਮਾਨ ਸਰਕਾਰ ਦਾ ਦਾਅਵਾ ਹੈ ਕਿ ਨਸ਼ਿਆਂ ਖ਼ਿਲਾਫ਼ ਉਸ ਦੀ ਜੰਗ ਸਫ਼ਲ ਹੋ ਰਹੀ ਹੈ ਤਾਂ ਫਿਰ ਪੰਜਾਬ ਦੀਆਂ ਗਲੀਆਂ, ਮੁਹੱਲਿਆਂ ਅਤੇ ਪਿੰਡਾਂ ਵਿੱਚ ਨਸ਼ੇ ਦੀ ਪਹੁੰਚ ਦੀਆਂ ਖ਼ਬਰਾਂ ਲਗਾਤਾਰ ਕਿਉਂ ਸਾਹਮਣੇ ਆ ਰਹੀਆਂ ਹਨ?” ਉਨ੍ਹਾਂ ਕਿਹਾ ਕਿ ਨਸ਼ੇ ਦੀ ਓਵਰਡੋਜ਼ ਕਾਰਨ ਹੋ ਰਹੀਆਂ ਮੌਤਾਂ ਦੀਆਂ ਖ਼ਬਰਾਂ ਲਗਾਤਾਰ ਸਾਹਮਣੇ ਆ ਰਹੀਆਂ ਹਨ। ਸੋਸ਼ਲ ਮੀਡੀਆ ’ਤੇ ਨਸ਼ੇ ਦੇ ਪ੍ਰਭਾਵ ਹੇਠ ਨੌਜਵਾਨਾਂ ਅਤੇ ਮੁਟਿਆਰਾਂ ਦੇ ਡਿੱਗਣ-ਢਹਿਣ ਦੀਆਂ ਪਰੇਸ਼ਾਨ ਕਰਨ ਵਾਲੀਆਂ ਵੀਡੀਓਜ਼ ਵੀ ਦੇਖਣ ਨੂੰ ਮਿਲਦੀਆਂ ਹਨ। ਉਨ੍ਹਾਂ ਕਿਹਾ ਕਿ ਕਈ ਮੌਕਿਆਂ ’ਤੇ ਪੁਲਿਸ ਮੁਲਾਜ਼ਮਾਂ ਦੇ ਵੀ ਨਸ਼ੇ ਦੀ ਹਾਲਤ ਵਿੱਚ ਹੋਣ ਦਾ ਦਾਅਵਾ ਕਰਨ ਵਾਲੀਆਂ ਵੀਡੀਓਜ਼ ਸਾਹਮਣੇ ਆਈਆਂ ਹਨ। ਪ੍ਰੋ. ਖਿਆਲਾ ਨੇ ਕਿਹਾ ਕਿ ਨਾਰਕੋਟਿਕ ਡਰੱਗਜ਼ ਐਂਡ ਸਾਈਕੋਟ੍ਰੋਪਿਕ ਸਬਸਟੈਂਸਿਜ਼ ਐਕਟ ਨਾਲ ਸਬੰਧਤ ਮਾਮਲਿਆਂ ਦੀ ਜਾਂਚ ਅਤੇ ਅਦਾਲਤੀ ਪੈਰਵਾਈ ਨੂੰ ਲੈ ਕੇ ਪੰਜਾਬ ਸਰਕਾਰ ਅਤੇ ਪੁਲਿਸ ਨੂੰ ਪੰਜਾਬ ਅਤੇ ਹਰਿਆਣਾ ਹਾਈਕੋਰਟ ਵੱਲੋਂ ਕਈ ਮੌਕਿਆਂ ’ਤੇ ਫਟਕਾਰ ਮਿਲ ਚੁਕੀ ਹੈ। ਉਨ੍ਹਾਂ ਕਿਹਾ ਕਿ ਜਾਂਚ ਵਿੱਚ ਕਮੀਆਂ, ਅਦਾਲਤੀ ਪੈਰਵਾਈ ਵਿੱਚ ਲਾਪਰਵਾਹੀ ਅਤੇ ਬੇਕਸੂਰ ਲੋਕਾਂ ਨੂੰ NDPS ਮਾਮਲਿਆਂ ਵਿੱਚ ਫਸਾਏ ਜਾਣ ਦੇ ਦੋਸ਼ਾਂ ਅਤੇ ਅਦਾਲਤੀ ਪੈਰਵਾਈ ਦੀਆਂ ਖਾਮੀਆਂ ਕਾਰਨ ਕੇਸ ਕਮਜ਼ੋਰ ਪੈਂਦੇ ਹਨ ਜਾਂ ਮੁਲਜ਼ਮ ਬਰੀ ਹੁੰਦੇ ਹਨ ਤਾਂ ਜਵਾਬਦੇਹੀ ਤੈਅ ਹੋਣੀ ਚਾਹੀਦੀ ਹੈ।” ਪ੍ਰੋ. ਖਿਆਲਾ ਨੇ ਕਿਹਾ ਕਿ ਜੇ ਕਿਸੇ ਪੁਲਿਸ ਅਧਿਕਾਰੀ ਜਾਂ ਕਰਮਚਾਰੀ ’ਤੇ ਨਸ਼ਾ ਤਸਕਰਾਂ ਨੂੰ ਸੁਰੱਖਿਆ ਦੇਣ ਜਾਂ ਬੇਕਸੂਰ ਲੋਕਾਂ ਨੂੰ ਝੂਠੇ ਮਾਮਲਿਆਂ ਵਿੱਚ ਫਸਾਉਣ ਦੇ ਦੋਸ਼ ਸਾਹਮਣੇ ਆਉਂਦੇ ਹਨ ਤਾਂ ਸਰਕਾਰ ਨੂੰ ਨਿਰਪੱਖ ਜਾਂਚ ਕਰਵਾ ਕੇ ਜ਼ਿੰਮੇਵਾਰੀ ਤੈਅ ਕਰਨੀ ਚਾਹੀਦੀ ਹੈ। ਪੰਜਾਬ ਵਿਧਾਨ ਸਭਾ ਦੀ ਇੱਕ ਕਮੇਟੀ ਨਾਲ ਸਬੰਧਤ ਹਾਲੀਆ ਰਿਪੋਰਟ ਦਾ ਹਵਾਲਾ ਦਿੰਦਿਆਂ ਪ੍ਰੋ. ਖਿਆਲਾ ਨੇ ਕਿਹਾ ਕਿ ਰਿਪੋਰਟ ਵਿੱਚ 65 ਫ਼ੀਸਦੀ ਨੌਜਵਾਨਾਂ ਦੇ ਨਸ਼ਿਆਂ ਦੀ ਲਪੇਟ ਵਿੱਚ ਹੋਣ ਸਬੰਧੀ ਦਰਸਾਇਆ ਗਿਆ ਅੰਕੜਾ, ਜੇਕਰ ਰਿਪੋਰਟ ਵਿੱਚ ਇਸੇ ਰੂਪ ਵਿੱਚ ਦਰਜ ਹੈ, ਤਾਂ ਇਹ ਸੂਬਾ ਸਰਕਾਰ ਲਈ ਬੇਹੱਦ ਗੰਭੀਰ ਚਿੰਤਾ ਦਾ ਵਿਸ਼ਾ ਹੋਣਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਪੰਜਾਬ ਦੀ ਨਸ਼ਾ ਮੁਕਤੀ ਅਤੇ ਸਿਹਤ ਪ੍ਰਣਾਲੀ ਬਾਰੇ ਸਾਹਮਣੇ ਆਏ ਤੱਥ ਸਰਕਾਰ ਦੇ ‘ਨਸ਼ਿਆਂ ਖ਼ਿਲਾਫ਼ ਜੰਗ’ ਵਾਲੇ ਪ੍ਰਚਾਰ ਅਤੇ ਜ਼ਮੀਨੀ ਹਕੀਕਤ ਵਿਚਕਾਰ ਗੰਭੀਰ ਫ਼ਰਕ ਨੂੰ ਉਜਾਗਰ ਕਰਦੇ ਹਨ। ਉਨ੍ਹਾਂ ਕਿਹਾ, “ਸਰਕਾਰ ਨੂੰ ਇਸ ਅੰਕੜੇ ਦਾ ਆਧਾਰ ਸਪੱਸ਼ਟ ਕਰਨਾ ਚਾਹੀਦਾ ਹੈ ਅਤੇ ਇਹ ਦੱਸਣਾ ਚਾਹੀਦਾ ਹੈ ਕਿ ਇਸ ਸੰਕਟ ਨਾਲ ਨਜਿੱਠਣ ਲਈ ਉਸ ਦੀ ਲੰਬੇ ਸਮੇਂ ਦੀ ਰਣਨੀਤੀ ਕੀ ਹੈ। ਪੰਜਾਬ ਇੰਨੇ ਗੰਭੀਰ ਸਮਾਜਿਕ ਅਤੇ ਜਨਤਕ ਸਿਹਤ ਸੰਕਟ ਨੂੰ ਸਿਰਫ਼ ਸਿਆਸੀ ਪ੍ਰਚਾਰ ਦਾ ਵਿਸ਼ਾ ਬਣਾ ਕੇ ਨਹੀਂ ਛੱਡ ਸਕਦਾ।” ਪ੍ਰੋ. ਖਿਆਲਾ ਨੇ ਯਾਦ ਕਰਵਾਇਆ ਕਿ ਚੋਣ ਪ੍ਰਚਾਰ ਦੌਰਾਨ ‘ਆਪ’ ਆਗੂ ਅਰਵਿੰਦ ਕੇਜਰੀਵਾਲ ਨੇ ਪੰਜਾਬ ਵਿੱਚ ਤਿੰਨ ਮਹੀਨਿਆਂ ਦੇ ਅੰਦਰ ਨਸ਼ਾ ਖ਼ਤਮ ਕਰਨ ਦਾ ਵਾਅਦਾ ਕੀਤਾ ਸੀ। ਉਨ੍ਹਾਂ ਇਹ ਵੀ ਦਾਅਵਾ ਕੀਤਾ ਸੀ ਕਿ ਨਸ਼ਿਆਂ ਦੇ ਕਾਰੋਬਾਰ ਵਿੱਚ ਸਿਆਸਤਦਾਨਾਂ ਦੀ ਸ਼ਮੂਲੀਅਤ ਬਾਰੇ ਉਨ੍ਹਾਂ ਨੂੰ ਜਾਣਕਾਰੀ ਹੈ। ਉਨ੍ਹਾਂ ਕਿਹਾ ਕਿ ਅੱਜ ਮਾਨ ਸਰਕਾਰ ਵੱਲੋਂ 90 ਹਜ਼ਾਰ ਤੋਂ ਵੱਧ ਨਸ਼ਾ ਤਸਕਰਾਂ ਦੀਆਂ ਗ੍ਰਿਫ਼ਤਾਰੀਆਂ ਦਾ ਵਿਆਪਕ ਪ੍ਰਚਾਰ ਕੀਤਾ ਜਾ ਰਿਹਾ ਹੈ, ਪਰ ਪੰਜਾਬ ਦੀ ਜਨਤਾ ਸਿਰਫ਼ ਗ੍ਰਿਫ਼ਤਾਰੀਆਂ ਦੇ ਅੰਕੜਿਆਂ ਤੋਂ ਅੱਗੇ ਦੇ ਜਵਾਬ ਚਾਹੁੰਦੀ ਹੈ। ਉਨ੍ਹਾਂ ਸਵਾਲ ਕੀਤਾ, “ਨਸ਼ਿਆਂ ਦੇ ਕਾਰੋਬਾਰ ਦੇ ਪਿੱਛੇ ਕੰਮ ਕਰ ਰਹੇ ਵੱਡੇ ਵਿੱਤੀ ਨੈੱਟਵਰਕ ਕਿੱਥੇ ਹਨ? ਡਰੱਗ ਮਨੀ ਦੀ ਮਨੀ ਟਰੇਲ ਦੀ ਜਾਂਚ ਕਿੱਥੋਂ ਤੱਕ ਪਹੁੰਚੀ ਹੈ? ਕਿੰਨੇ ਵੱਡੇ ਵਿੱਤੀ ਸੰਚਾਲਕਾਂ ਅਤੇ ਮੁੱਖ ਸਰਗਨਿਆਂ ਖ਼ਿਲਾਫ਼ ਕਾਰਵਾਈ ਹੋਈ ਹੈ? ਅਤੇ ਜੇ ‘ਆਪ’ ਲੀਡਰਸ਼ਿਪ ਨੂੰ ਨਸ਼ਿਆਂ ਦੇ ਕਾਰੋਬਾਰ ਵਿੱਚ ਸਿਆਸੀ ਸ਼ਮੂਲੀਅਤ ਬਾਰੇ ਜਾਣਕਾਰੀ ਸੀ ਤਾਂ ਅਜਿਹੇ ਸਿਆਸੀ ਵਿਅਕਤੀਆਂ ਖ਼ਿਲਾਫ਼ ਕੀ ਕਾਰਵਾਈ ਕੀਤੀ ਗਈ?” ਪ੍ਰੋ. ਖਿਆਲਾ ਨੇ ਕਿਹਾ ਕਿ ਨਸ਼ਿਆਂ ਖ਼ਿਲਾਫ਼ ਮੁਹਿੰਮ ਦੀ ਸਫ਼ਲਤਾ ਨੂੰ ਸਿਰਫ਼ ਗ੍ਰਿਫ਼ਤਾਰੀਆਂ ਦੀ ਗਿਣਤੀ ਜਾਂ ਸਰਕਾਰੀ ਇਸ਼ਤਿਹਾਰਾਂ ਨਾਲ ਨਹੀਂ ਮਾਪਿਆ ਜਾ ਸਕਦਾ। ਉਨ੍ਹਾਂ ਕਿਹਾ, “ਪੰਜਾਬ ਨੂੰ ਮਾਪਣਯੋਗ ਨਤੀਜੇ ਚਾਹੀਦੇ ਹਨ—ਨਸ਼ਿਆਂ ਦੀ ਸਪਲਾਈ ਚੇਨ ਦਾ ਟੁੱਟਣਾ, ਵਿੱਤੀ ਨੈੱਟਵਰਕਾਂ ਦਾ ਖ਼ਾਤਮਾ, ਨਸ਼ੇ ਦੀ ਲਤ ਅਤੇ ਓਵਰਡੋਜ਼ ਨਾਲ ਹੋਣ ਵਾਲੀਆਂ ਮੌਤਾਂ ਵਿੱਚ ਕਮੀ, ਤਸਕਰਾਂ ਨੂੰ ਕਾਨੂੰਨ ਅਨੁਸਾਰ ਸਜ਼ਾ ਅਤੇ ਨਸ਼ਿਆਂ ਤੋਂ ਉੱਭਰ ਚੁੱਕੇ ਨੌਜਵਾਨਾਂ ਦਾ ਪੁਨਰਵਾਸ ਤੇ ਰੁਜ਼ਗਾਰ।” ਪ੍ਰੋ. ਖਿਆਲਾ ਨੇ ਭਗਵੰਤ ਮਾਨ ਸਰਕਾਰ ਨੂੰ ਨਸ਼ਿਆਂ ਖ਼ਿਲਾਫ਼ ਮੁਹਿੰਮ ਸਬੰਧੀ ਸਿੱਧੇ ਸਵਾਲ ਪੁੱਛੇ ਹਨ ਕਿ ਅਰਵਿੰਦ ਕੇਜਰੀਵਾਲ ਦੇ ਤਿੰਨ ਮਹੀਨਿਆਂ ਵਿੱਚ ਨਸ਼ਾ ਖ਼ਤਮ ਕਰਨ ਦੇ ਵਾਅਦੇ ਦਾ ਕੀ ਹੋਇਆ? ਨਸ਼ਾ ਛੁਡਾਉਣ ਵਾਲੀਆਂ ਦਵਾਈਆਂ ਦੀ ਖਪਤ ਵਿੱਚ ਵਾਧੇ ਦੀਆਂ ਰਿਪੋਰਟਾਂ ’ਤੇ ਸਰਕਾਰ ਦਾ ਕੀ ਜਵਾਬ ਹੈ? ਨਸ਼ਿਆਂ ਦੇ ਕਾਰੋਬਾਰ ਨਾਲ ਜੁੜੇ ਕਿੰਨੇ ਵੱਡੇ ਵਿੱਤੀ ਨੈੱਟਵਰਕ ਅਸਲ ਵਿੱਚ ਤੋੜੇ ਗਏ ਹਨ? ਨਸ਼ਿਆਂ ਨਾਲ ਸਬੰਧਤ ਮਾਮਲਿਆਂ ਵਿੱਚ ਕਾਨੂੰਨੀ ਤੌਰ ’ਤੇ ਕੁੱਲ ਕਿੰਨੀ ਜਾਇਦਾਦ ਜ਼ਬਤ ਜਾਂ ਅਟੈਚ ਕੀਤੀ ਗਈ ਹੈ ਅਤੇ ਇਸ ਦੇ ਪਿੱਛੇ ਮੌਜੂਦ ਵੱਡੇ ਵਿੱਤੀ ਲਾਭਪਾਤਰੀਆਂ ਦੀ ਕਿੰਨੀ ਪਛਾਣ ਹੋਈ ਹੈ? ਨਸ਼ਿਆਂ ਤੋਂ ਉੱਭਰ ਚੁੱਕੇ ਨੌਜਵਾਨਾਂ ਦੇ ਪੁਨਰਵਾਸ, ਹੁਨਰ ਵਿਕਾਸ ਅਤੇ ਰੁਜ਼ਗਾਰ ਲਈ ਸਰਕਾਰ ਦਾ ਲੰਬੇ ਸਮੇਂ ਦਾ ਮਾਡਲ ਕੀ ਹੈ? ਉਨ੍ਹਾਂ ਇਹ ਵੀ ਪੁੱਛਿਆ ਕਿ ਕੀ ਪੰਜਾਬ ਸਰਕਾਰ ਨਸ਼ਿਆਂ ਖ਼ਿਲਾਫ਼ ਆਪਣੀ ਕਥਿਤ ਸਫ਼ਲਤਾ ਦਾ ਕਿਸੇ ਸੁਤੰਤਰ ਏਜੰਸੀ ਤੋਂ ਪ੍ਰਦਰਸ਼ਨ ਆਡਿਟ ਕਰਵਾਉਣ ਲਈ ਤਿਆਰ ਹੈ? ਪ੍ਰੋ. ਖਿਆਲਾ ਨੇ ਕਿਹਾ ਕਿ ਪੰਜਾਬ ਵਿੱਚ ਨਸ਼ਿਆਂ ਦੇ ਨੈੱਟਵਰਕ ਨੂੰ ਸਿਰਫ਼ ਛੋਟੇ ਪੱਧਰ ਦੇ ਤਸਕਰਾਂ ਦੀਆਂ ਗ੍ਰਿਫ਼ਤਾਰੀਆਂ ਨਾਲ ਨਹੀਂ ਤੋੜਿਆ ਜਾ ਸਕਦਾ। ਸੂਬੇ ਨੂੰ ਵਿਆਪਕ ਡਰੱਗ-ਟੈਰਰ ਗਠਜੋੜ ਅਤੇ ਸਰਹੱਦ ਪਾਰੋਂ ਚੱਲ ਰਹੇ ਨੈੱਟਵਰਕਾਂ ਨੂੰ ਤੋੜਨ ’ਤੇ ਧਿਆਨ ਦੇਣਾ ਹੋਵੇਗਾ। ਉਨ੍ਹਾਂ ਪੰਜਾਬ ਪੁਲਿਸ ਅਤੇ ਕੇਂਦਰੀ ਜਾਂਚ ਤੇ ਸੁਰੱਖਿਆ ਏਜੰਸੀਆਂ ਵਿਚਕਾਰ ਬਿਹਤਰ ਤਾਲਮੇਲ, ਡਰੱਗ ਮਨੀ ਦੀ ਮਨੀ ਟਰੇਲ ਦੀ ਵਿਵਸਥਿਤ ਜਾਂਚ, ਹਵਾਲਾ ਅਤੇ ਹੋਰ ਵਿੱਤੀ ਚੈਨਲਾਂ ਖ਼ਿਲਾਫ਼ ਕਾਰਵਾਈ ਅਤੇ ਪੰਜਾਬ ਦੀ ਅੰਤਰਰਾਸ਼ਟਰੀ ਸਰਹੱਦ ’ਤੇ ਸੁਰੱਖਿਆ ਪ੍ਰਬੰਧਾਂ ਨੂੰ ਹੋਰ ਮਜ਼ਬੂਤ ਕਰਨ ਦੀ ਲੋੜ ’ਤੇ ਜ਼ੋਰ ਦਿੱਤਾ। ਉਨ੍ਹਾਂ ਕਿਹਾ, “ਨਸ਼ਾ ਪੰਜਾਬ ਲਈ ਸਿਰਫ਼ ਕਾਨੂੰਨ-ਵਿਵਸਥਾ ਦਾ ਮੁੱਦਾ ਨਹੀਂ ਹੈ; ਇਹ ਸੂਬੇ ਦੇ ਸਮਾਜਿਕ ਤਾਣੇ-ਬਾਣੇ, ਨੌਜਵਾਨਾਂ ਦੀ ਸੁਰੱਖਿਆ ਅਤੇ ਕੌਮੀ ਸੁਰੱਖਿਆ ਲਈ ਵੀ ਗੰਭੀਰ ਚੁਣੌਤੀ ਹੈ। ਨਸ਼ਿਆਂ ਦੇ ਕਾਰੋਬਾਰ ਨੂੰ ਸਹਾਰਾ ਦੇਣ ਵਾਲੇ ਵਿੱਤੀ ਅਤੇ ਲੌਜਿਸਟਿਕ ਨੈੱਟਵਰਕ ਨੂੰ ਪੂਰੀ ਤਰ੍ਹਾਂ ਤੋੜਨਾ ਹੋਵੇਗਾ।” ਪ੍ਰੋ. ਖਿਆਲਾ ਨੇ ਕਿਹਾ ਕਿ ਭਾਜਪਾ ਅਤੇ ਕੇਂਦਰ ਸਰਕਾਰ ਪੰਜਾਬ ਦੀਆਂ ਸਰਹੱਦਾਂ, ਸੁਰੱਖਿਆ ਅਤੇ ਨੌਜਵਾਨਾਂ ਦੀ ਰੱਖਿਆ ਲਈ ਪਹਿਲਾਂ ਵੀ ਮਜ਼ਬੂਤੀ ਨਾਲ ਖੜ੍ਹੇ ਰਹੇ ਹਨ ਅਤੇ ਅੱਗੇ ਵੀ ਪੰਜਾਬ ਦੇ ਨਾਲ ਡਟ ਕੇ ਖੜ੍ਹੇ ਰਹਿਣਗੇ। ਉਨ੍ਹਾਂ ਕਿਹਾ, “ਪੰਜਾਬ ਨੂੰ ਨਾਅਰੇ ਨਹੀਂ, ਨਤੀਜੇ ਚਾਹੀਦੇ ਹਨ; ਪ੍ਰਚਾਰ ਨਹੀਂ, ਜਵਾਬਦੇਹੀ ਚਾਹੀਦੀ ਹੈ; ਅਤੇ ਥੋੜ੍ਹੇ ਸਮੇਂ ਦੀ ਸਿਆਸੀ ਮੁਹਿੰਮ ਦੀ ਬਜਾਏ ਇੱਕ ਨਿਰੰਤਰ ਅਤੇ ਪ੍ਰਭਾਵਸ਼ਾਲੀ ਰਣਨੀਤੀ ਚਾਹੀਦੀ ਹੈ। ਮਾਨ ਸਰਕਾਰ ਨੂੰ ਨਸ਼ਿਆਂ ਦੇ ਸੰਕਟ ਨੂੰ ਪੀ.ਆਰ. ਅਭਿਆਸ ਵਜੋਂ ਪੇਸ਼ ਕਰਨਾ ਬੰਦ ਕਰਕੇ ਪੰਜਾਬ ਦੀਆਂ ਮਾਵਾਂ, ਪਰਿਵਾਰਾਂ ਅਤੇ ਨੌਜਵਾਨਾਂ ਵੱਲੋਂ ਪੁੱਛੇ ਜਾ ਰਹੇ ਸਵਾਲਾਂ ਦੇ ਜਵਾਬ ਦੇਣੇ ਚਾਹੀਦੇ ਹਨ।”

# ਮਾਲਵਾ ਜੋਨ ਦੇ ਲੋਕਾਂ ਦਾ ਅਧਿਕਾਰ ਸੰਘਰਸ਼ ਪਾਰਟੀ ਵਿੱਚ ਸ਼ਾਮਿਲ ਹੋਣ ਦਾ ਸਿਲਸਿਲਾ ਨਿਰੰਤਰ ਜਾਰੀ—ਇੰਜ ਸੁਰਿੰਦਰ ਸਿੰਘ ਭਿੰਡਰ




**ਫ਼ਿਰੋਜ਼ਪੁਰ, 11 ਅਗਸਤ (ਮਨੋਹਰ ਲਾਲ)** :— ਅਧਿਕਾਰ ਸੰਘਰਸ਼ ਪਾਰਟੀ ਦੇ ਪੰਜਾਬ ਪ੍ਰਧਾਨ ਤੇ ਪ੍ਰਮੁੱਖ ਸਲਾਹਕਾਰ ਇੰਜ. ਸੁਰਿੰਦਰ ਸਿੰਘ ਭਿੰਡਰ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਵਿਧਾਨ ਸਭਾ ਹਲਕਾ ਗੁਰੂਹਰਸਹਾਏ ਦੇ ਪਿੰਡ ਭੂਰੇ ਖੁਰਦ ਵਿਖੇ ਪਾਰਟੀ ਦੀ ਮੀਟਿੰਗ ਦਾ ਆਯੋਜਨ ਕੀਤਾ ਗਿਆ। ਇਸ ਮੀਟਿੰਗ ਨੂੰ ਸੰਬੋਧਨ ਕਰਦਿਆਂ ਇੰਜ. ਭਿੰਡਰ ਨੇ ਪਿੰਡ ਵਾਸੀਆਂ ਨੂੰ ਪਾਰਟੀ ਦੀ ਵਿਚਾਰਧਾਰਾ, ਵਰਕਿੰਗ ਅਤੇ ਸੋਚ ਤੋਂ ਜਾਣੂੰ ਕਰਵਾਉਂਦਿਆਂ ਕਿਹਾ ਕਿ ਪਾਰਟੀ ਵਿਧਾਨ ਸਭਾ ਦੀਆਂ ਜਨਰਲ ਚੋਣਾਂ ਵਿੱਚ ਸਾਰੀਆਂ ਸੀਟਾਂ ਤੋਂ ਮਜ਼ਬੂਤ ਉਮੀਦਵਾਰ ਖੜ੍ਹੇ ਕਰੇਗੀ। ਮੀਟਿੰਗ ਵਿੱਚ ਬੋਲਦਿਆਂ ਉਨਾਂ ਕਿਹਾ ਕਿ ਅਧਿਕਾਰ ਸੰਘਰਸ਼ ਪਾਰਟੀ ਦੀ 2027 ਵਿੱਚ ਸਰਕਾਰ ਬਣਨ ਤੇ ਲੈਂਡ ਸੀਲਿੰਗ ਸੁਧਾਰ ਐਕਟ 1972 ਲਾਗੂ ਕਰਕੇ ਲੋੜਵੰਦ ਬੇਜ਼ਮੀਨੇ ਲੋਕਾਂ ਨੂੰ ਮਾਲਕੀ ਜ਼ਮੀਨ ਅਲਾਟ ਕੀਤੀ ਜਾਵੇਗੀ, ਗਰੀਬ ਲੋਕਾਂ ਦੇ ਸਮਾਜਿਕ ਕੰਮਾਂ, ਮੀਟਿੰਗਾਂ, ਵਿਆਹ ਸ਼ਾਦੀਆਂ ਅਤੇ ਮਰਗ ਵਗੈਰਾ ਦੇ ਭੋਗਾਂ ਲਈ ਕਮਿਊਨਿਟੀ ਸੈਂਟਰ ਧਰਮਸ਼ਾਲਾ ਪਿੰਡਾਂ ਅਤੇ ਕਸਬਿਆਂ ਦੇ ਨਜ਼ਦੀਕ ਸਥਾਪਤ ਕੀਤੀਆਂ ਜਾਣਗੀਆਂ ਜੋ ਕਿ ਵਾਤਾਵਰਨ ਅਨਕੂਲ ਹੋਣਗੀਆਂ, ਇਹ ਕਮਿਊਨਿਟੀ ਸੈਂਟਰ ਗਰੀਬ ਲੋਕਾਂ ਦੀ ਲੋੜਾਂ ਨੂੰ ਪੂਰਾ ਕਰਨ ਹਿੱਤ ਮੁਫ਼ਤ ਉਪਲਬਧ ਕਰਵਾਈਆਂ ਜਾਣਗੀਆਂ ਤਾਂ ਕਿ ਉਹ ਆਪਣੇ ਸਮਾਜਿਕ ਕੰਮਾਂ ਨੂੰ ਸੁਖਾਲਿਆ ਨਿਪਟਾ ਸਕਣ। ਪੰਜਾਬ ਪ੍ਰਧਾਨ ਇੰਜ ਭਿੰਡਰ ਨੇ ਕਿਹਾ ਕਿ ਆਰਥਿਕ ਤੌਰ ਤੇ ਪਛੜੇ ਹਰ ਵਰਗ ਦੇ ਲੋਕਾਂ ਨੂੰ ਤਿੰਨ ਕਿਲੋਵਾਟ ਲੋਡ ਤੱਕ ਘਰੇਲੂ ਬਿਜਲੀ ਮੁਫ਼ਤ ਵਿੱਚ ਮੁਹੱਈਆ ਕਰਵਾਈ ਜਾਵੇਗੀ। ਹਲਕਾ ਇੰਚਾਰਜ ਜ਼ੀਰਾ ਮਿਸ ਚੰਦਨਪ੍ਰੀਤ ਕੌਰ ਅਲਕਾ ਨੇ ਮੀਟਿੰਗ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਆਰਥਿਕ ਤੌਰ ਤੇ ਪਛੜੇ ਵਰਗਾਂ ਦੇ ਪਰਿਵਾਰਾਂ ਦੀਆਂ ਲੜਕੀਆਂ ਦੇ ਵਿਆਹ ਲਈ ਸ਼ਗਨ ਸਕੀਮ ਤਹਿਤ ਇੱਕ ਲੱਖ ਇਕਵੰਜਾ ਹਜ਼ਾਰ ਰੁਪਏ ਦੀ ਰਾਸ਼ੀ ਵਿਆਹ ਤੋਂ ਇਕ ਮਹੀਨਾ ਪਹਿਲਾਂ ਸਬੰਧਿਤ ਲੜਕੀ ਦੇ ਵਿਆਹ ਦੇ ਖਾਤੇ ਵਿੱਚ ਆਨਲਾਈਨ ਜਮਾ ਕਰਵਾ ਦਿੱਤੀ ਜਾਵੇਗੀ, ਗਰੀਬ ਵਿਦਿਆਰਥੀਆਂ ਨੂੰ ਸਮੇਂ ਸਿਰ ਵਜ਼ੀਫਾ ਰਾਸ਼ੀ ਤਕਸੀਮ ਕੀਤੀ ਜਾਵੇਗੀ। ਸੀਨੀਅਰ ਪਾਰਟੀ ਆਗੂ ਕਿੰਦਰ ਕੋਰ ਗਿੱਲ ਨੇ ਕਿਹਾ ਕਿ ਗਰੀਬ ਪਰਿਵਾਰਾਂ ਨੂੰ ਸਿਹਤ ਅਤੇ ਸਿੱਖਿਆ ਸੇਵਾਵਾਂ ਬਿਲਕੁਲ ਮੁਫਤ ਉਪਲਬਧ ਕਰਵਾਈਆਂ ਜਾਣਗੀਆਂ। ਉਨਾਂ ਕਿਹਾ ਕਿ ਬਜ਼ੁਰਗਾਂ, ਵਿਧਵਾਵਾਂ ਅਤੇ ਅੰਗਹੀਣਾਂ ਨੂੰ 5100 ਰੁਪਏ ਪ੍ਰਤੀ ਮਹੀਨਾ ਪੈਨਸ਼ਨ ਦਿੱਤੀ ਜਾਵੇਗੀ। ਅਧਿਕਾਰ ਸੰਘਰਸ਼ ਪਾਰਟੀ ਵਿਚ ਸ਼ਾਮਿਲ ਹੋਣ ਵਾਲੇ ਸਾਰੇ ਸਤਿਕਾਰਯੋਗ ਸਾਥੀਆਂ ਨੂੰ ਪੰਜਾਬ ਪ੍ਰਧਾਨ ਨੇ ਮੁਬਾਰਕਾਂ ਦਿੱਤੀਆਂ ਅਤੇ ਕਿਹਾ ਕਿ ਸਭ ਨੂੰ ਪਾਰਟੀ ਵਿੱਚ ਯੋਗ ਸਨਮਾਨ ਤੇ ਸਤਿਕਾਰ ਦਿੱਤਾ ਜਾਵੇਗਾ। ਇਸ ਮੌਕੇ ਮੀਟਿੰਗ ਵਿੱਚ ਭੋਲਾ ਸਿੰਘ ਗਿੱਲ, ਬਾਪੂ ਨਿਰੰਜਣ ਸਿੰਘ, ਸਰਪੰਚ ਮੰਗਲ ਸਿੰਘ ਝੋਕ, ਮੁਖਤਿਆਰ ਸਿੰਘ, ਧਰਮ ਸਿੰਘ, ਨੀਰਜ, ਸੁਨੀਤਾ ਮਮਤਾ, ਵਿਸ਼ਾਲ, ਸਾਰਜ, ਨੀਨਾ, ਰਾਹੁਲ, ਦਰਸ਼ਨਾਂ ਕੌਰ, ਸਿਮਰਜੀਤ ਕੌਰ ਅਤੇ ਮਧੂਬਾਲਾ ਹਾਜ਼ਰ ਸਨ।

# ਤਪ ਅਸਥਾਨ ਗੁਰਦੁਆਰਾ ਬਾਬਾ ਹੁੰਦਾਲ ਸਾਹਿਬ ਵਿਖੇ 20 ਸਾਲ ਬਾਅਦ ਸਰੋਵਰ ਦੀ ਸੇਵਾ ਅੰਤਿਮ ਪੜਾਅ ਤੇ ਪਹੁੰਚੀ :- ਬਾਬਾ ਪਰਮਾਨੰਦ



**ਜੰਡਿਆਲਾ ਗੁਰੂ 11 ਅਗਸਤ ( ਕੁਲਵੰਤ ਸਿੰਘ ਵਿਰਦੀ )**:ਤਪ ਅਸਥਾਨ ਗੁਰਦੁਆਰਾ ਬਾਬਾ ਹੰਦਾਲ ਜੀ ਵਿਖੇ ਸਰੋਵਰ ਸਾਹਿਬ ਦੀ ਸੇਵਾ ਪਿਛਲੇ ਕੁਝ ਦਿਨਾਂ ਤੋਂ ਸ਼ਰਧਾ ਭਾਵਨਾ ਨਾਲ ਨਿਰੰਤਰ ਜਾਰੀ ਹੈ ਅਤੇ ਹੁਣ ਆਪਣੇ ਅੰਤਿਮ ਪੜਾਅ ਦੇ ਨੇੜੇ ਹੈ। ਉਕਤ ਸ਼ਬਦਾਂ ਦਾ ਪ੍ਰਗਟਾਵਾ ਕਰਦੇ ਹੋਏ ਤਪ ਅਸਥਾਨ ਦੇ ਮੁੱਖ ਸੇਵਾਦਾਰ ਸੰਤ ਬਾਬਾ ਪਰਮਾਨੰਦ ਜੀ ਨੇ ਦੱਸਿਆ ਕਿ ਸਰੋਵਰ ਸਾਹਿਬ ਦੀ ਸੇਵਾ ਲੰਬੇ ਸਮੇਂ ਤੋਂ ਚੱਲ ਰਹੀ ਹੈ ਅਤੇ ਹੁਣ ਆਪਣੇ ਸਮਾਪਤੀ ਦੇ ਨੇੜੇ ਹੈ। ਉਨ੍ਹਾਂ ਦੱਸਿਆ ਕਿ ਉਨ੍ਹਾਂ ਨੇ ਸਰੋਵਰ ਸਾਹਿਬ ਦੀ ਸੇਵਾ ਲਗਭਗ 20 ਸਾਲ ਪਹਿਲਾਂ ਕਰਵਾਈ ਸੀ, ਜਦੋਂ ਕਿ ਸੰਤ ਬਾਬਾ ਸੰਤੋਖ ਮੁਨੀ ਜੀ ਨੇ ਵੀ ਇਸ ਤੋਂ 50 ਸਾਲ ਪਹਿਲਾਂ ਵੱਡੇ ਪੱਧਰ ’ਤੇ ਸੇਵਾ ਕੀਤੀ ਸੀ। ਉਨ੍ਹਾਂ ਦੱਸਿਆ ਕਿ ਹਿੰਦੂ-ਸਿੱਖ ਭਾਈਚਾਰਾ, ਵੱਖ ਵੱਖ ਪਿੰਡਾਂ ਦੀਆਂ ਪੰਚਾਇਤਾਂ, ਸ਼ਹਿਰ ਨਿਵਾਸੀਆਂ ਅਤੇ ਦੂਰ-ਦੁਰਾਡੇ ਥਾਵਾਂ ਤੋਂ ਸ਼ਰਧਾਲੂਆਂ ਦੇ ਨਾਲ-ਨਾਲ, ਸਰੋਵਰ ਦੀ ਸੇਵਾ ਵਿੱਚ ਪੂਰੀ ਸ਼ਰਧਾ ਨਾਲ ਯੋਗਦਾਨ ਪਾ ਰਹੇ ਹਨ। ਉਨ੍ਹਾਂ ਦੱਸਿਆ ਕਿ ਇਹ ਸੇਵਾ ਹਰ ਰੋਜ਼ ਸਵੇਰੇ 5:30 ਵਜੇ ਸ਼ੁਰੂ ਹੁੰਦੀ ਹੈ ਅਤੇ ਦੁਪਹਿਰ 2:30 ਵਜੇ ਤੋਂ 3:00 ਵਜੇ ਤੱਕ ਜਾਰੀ ਰਹਿੰਦੀ ਹੈ। ਸੰਗਤ ਬਿਨਾਂ ਕਿਸੇ ਭੇਦਭਾਵ ਦੇ ਸੇਵਾ ਵਿੱਚ ਹਿੱਸਾ ਲੈਂਦੀ ਹੈ ਅਤੇ ਇਸ ਪਵਿੱਤਰ ਕਾਰਜ ਨੂੰ ਪੂਰਾ ਕਰਨ ਵਿੱਚ ਯੋਗਦਾਨ ਪਾ ਰਹੀ ਹੈ। ਮੁੱਖ ਸੇਵਾਦਾਰ ਸੰਤ ਬਾਬਾ ਪਰਮਾਨੰਦ ਜੀ ਨੇ ਸਮੂਹ ਸੰਗਤਾਂ, ਪੰਚਾਇਤਾਂ, ਸ਼ਹਿਰ ਵਾਸੀਆਂ ਅਤੇ ਇਲਾਕਾ ਨਿਵਾਸੀਆਂ ਦਾ ਧੰਨਵਾਦ ਅਤੇ ਸ਼ੁਭਕਾਮਨਾਵਾਂ ਪ੍ਰਗਟ ਕਰਦਿਆਂ ਕਿਹਾ ਕਿ ਗੁਰਦੁਆਰਾ ਬਾਬਾ ਹੰਦਾਲ ਜੀ ਦੀ ਪਵਿੱਤਰ ਧਰਤੀ ’ਤੇ ਸੇਵਾ ਕਰਨ ਵਾਲੀ ਹਰ ਸੰਗਤ ਨੂੰ ਸ਼੍ਰੀ ਗੁਰੂ ਗ੍ਰੰਥ ਸਾਹਿਬ ਜੀ ਅਤੇ ਸ਼੍ਰੀ ਬਾਬਾ ਹੰਦਾਲ ਸਾਹਿਬ ਜੀ ਦੀਆਂ ਬੇਅੰਤ ਅਸੀਸਾਂ ਪ੍ਰਾਪਤ ਹੋਣ। ਉਨ੍ਹਾਂ ਕਿਹਾ ਕਿ ਇਸ ਪਵਿੱਤਰ ਸੇਵਾ ਵਿੱਚ ਹਿੱਸਾ ਲੈਣਾ ਇੱਕ ਵੱਡਾ ਸਨਮਾਨ ਹੈ ਅਤੇ ਗੁਰੂ ਸਾਹਿਬ ਦੀ ਕਿਰਪਾ ਨਾਲ ਸੰਗਤ ਦੇ ਦੁੱਖ ਦੂਰ ਹੁੰਦੇ ਹਨ ਅਤੇ ਖੁਸ਼ੀ ਪ੍ਰਾਪਤ ਹੁੰਦੀ ਹੈ। ਉਨ੍ਹਾਂ ਪੱਤਰਕਾਰ ਭਾਈਚਾਰੇ ਦਾ ਵੀ ਧੰਨਵਾਦ ਕਰਦਿਆਂ ਕਿਹਾ ਕਿ ਧਾਰਮਿਕ ਅਤੇ ਸੇਵਾ ਗਤੀਵਿਧੀਆਂ ਬਾਰੇ ਜਾਣਕਾਰੀ ਸੰਗਤ ਤੱਕ ਪਹੁੰਚਾਉਣ ਵਿੱਚ ਮੀਡੀਆ ਵੱਲੋਂ ਨਿਭਾਈ ਗਈ ਭੂਮਿਕਾ ਸ਼ਲਾਘਾਯੋਗ ਹੈ।

ਅਕਾਲੀ ਦਲ ਵਾਰਿਸ ਪੰਜਾਬ ਦੇ ਦੀ

# ਸੀਨੀਅਰ ਲੀਡਰਸ਼ਿਪ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਨਤਮਸਤਕ

## ਪਾਰਟੀ ਵੱਲੋਂ ਗਠਿਤ ਪਾਰਲੀਮੈਂਟਰੀ ਬੋਰਡ ਦੇ ਮੈਂਬਰ ਵੀ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਹਜ਼ੂਰੀ ਵਿੱਚ ਹਾਜ਼ਰ ਹੋਏ ਅਤੇ ਪਾਰਟੀ ਦੇ ਉਮੀਦਵਾਰਾਂ ਦੀ ਚੋਣ ਸਬੰਧੀ ਅਹਿਮ ਵਚਨ ਲਿਆ











ਆਵਾਜ਼ਿ ਕੌਮ AWAZE QAUM International Newspaper & WEB TV



**ਅੰਮ੍ਰਿਤਸਰ, 11 ਅਗਸਤ (ਆਵਾਜ਼ਿ ਕੌਮ ਬਿਊਰੋ)**-ਅਕਾਲੀ ਦਲ ਵਾਰਿਸ ਪੰਜਾਬ ਦੇ ਦੀ ਸੀਨੀਅਰ ਲੀਡਰਸ਼ਿਪ ਵੱਲੋਂ ਅੱਜ ਸ੍ਰੀ ਅਕਾਲ ਤਖ਼ਤ ਸਾਹਿਬ ਅਤੇ ਸ੍ਰੀ ਦਰਬਾਰ ਸਾਹਿਬ ਵਿਖੇ ਨਤਮਸਤਕ ਹੋ ਕੇ ਅਰਦਾਸ ਕੀਤੀ ਗਈ। ਇਸ ਮੌਕੇ ਪਾਰਟੀ ਵੱਲੋਂ ਗਠਿਤ ਪਾਰਲੀਮੈਂਟਰੀ ਬੋਰਡ ਦੇ ਮੈਂਬਰ ਵੀ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਹਜ਼ੂਰੀ ਵਿੱਚ ਹਾਜ਼ਰ ਹੋਏ ਅਤੇ ਪਾਰਟੀ ਦੇ ਉਮੀਦਵਾਰਾਂ ਦੀ ਚੋਣ ਸਬੰਧੀ ਅਹਿਮ ਵਚਨ ਲਿਆ। ਪਾਰਟੀ ਵੱਲੋਂ ਦਿੱਤੀ ਜਾਣਕਾਰੀ ਅਨੁਸਾਰ ਪਾਰਲੀਮੈਂਟਰੀ ਬੋਰਡ ਵਿੱਚ ਸਰਦਾਰ ਕਾਬਲ ਸਿੰਘ ਨੂੰ ਕੋਆਰਡੀਨੇਟਰ, ਜਦਕਿ ਸਰਦਾਰ ਸੁਖਵਿੰਦਰ ਸਿੰਘ ਅਗਵਾਨ, ਸਰਦਾਰ ਬਾਬੂ ਸਿੰਘ, ਸਰਦਾਰ ਸੁਖਪ੍ਰੀਤ ਸਿੰਘ ਉਦੋਕੇ ਅਤੇ ਸਰਦਾਰ ਪ੍ਰਗਟ ਸਿੰਘ ਨੂੰ ਮੈਂਬਰ ਬਣਾਇਆ ਗਿਆ ਹੈ। ਇਸ ਮੌਕੇ ਬੋਰਡ ਦੇ ਮੈਂਬਰਾਂ ਨੇ ਵਚਨ ਲਿਆ ਕਿ ਪਾਰਟੀ ਵੱਲੋਂ ਚੁਣੇ ਜਾਣ ਵਾਲੇ ਉਮੀਦਵਾਰ ਬੇਦਾਗ, ਇਮਾਨਦਾਰ ਅਤੇ ਲੋਕਾਂ ਪ੍ਰਤੀ ਜਵਾਬਦੇਹ ਹੋਣਗੇ। ਉਨ੍ਹਾਂ ਕਿਹਾ ਕਿ ਉਮੀਦਵਾਰਾਂ ਦੀ ਚੋਣ ਨਿੱਜੀ ਲਾਭ ਜਾਂ ਸਵਾਰਥ ਤੋਂ ਉੱਪਰ ਉੱਠ ਕੇ ਕੀਤੀ ਜਾਵੇਗੀ, ਤਾਂ ਜੋ ਪੰਜਾਬ ਅਤੇ ਪੰਥ ਦੀ ਚੜ੍ਹਦੀ ਕਲਾ ਲਈ ਇਮਾਨਦਾਰੀ ਨਾਲ ਕੰਮ ਕਰਨ ਵਾਲੇ ਵਿਅਕਤੀਆਂ ਨੂੰ ਮੌਕਾ ਦਿੱਤਾ ਜਾ ਸਕੇ। ਪਾਰਟੀ ਅਨੁਸਾਰ ਪਾਰਲੀਮੈਂਟਰੀ ਬੋਰਡ ਵੱਲੋਂ ਇਹ ਵੀ ਵਚਨ ਲਿਆ ਗਿਆ ਕਿ ਅਜਿਹੇ ਉਮੀਦਵਾਰਾਂ ਨੂੰ ਤਰਜੀਹ ਦਿੱਤੀ ਜਾਵੇਗੀ ਜੋ ਪੰਜਾਬ ਅਤੇ ਪੰਥ ਦੇ ਲੋਕਾਂ ਦੀ ਆਵਾਜ਼ ਨੂੰ ਸੁਣਨ ਅਤੇ ਲੋਕਾਂ ਦੇ ਮਸਲਿਆਂ ਲਈ ਡਟ ਕੇ ਖੜ੍ਹੇ ਰਹਿਣ। ਇਸ ਮੌਕੇ ਪਾਰਟੀ ਆਗੂਆਂ ਵੱਲੋਂ ਪੰਜਾਬ ਅਤੇ ਪੰਥ ਦੀ ਬਿਹਤਰੀ ਲਈ ਇਮਾਨਦਾਰੀ, ਜਵਾਬਦੇਹੀ ਅਤੇ ਲੋਕ-ਪੱਖੀ ਸਿਆਸਤ ਨੂੰ ਤਰਜੀਹ ਦੇਣ ਦਾ ਸੰਕਲਪ ਪ੍ਰਗਟਾਇਆ ਗਿਆ।



ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :

+447458381111 +447976210161 +919729091243

### ਅਕਾਲ ਅਕੈਡਮੀ ਭੜਾਣਾਂ ਦੇ ਵਿਦਿਆਰਥੀਆਂ ਨੇ

# ਪੀ.ਏ.ਯੂ. ਕ੍ਰਿਸ਼ੀ ਵਿਗਿਆਨ ਕੇਂਦਰ, ਫ਼ਿਰੋਜ਼ਪੁਰ ਦਾ ਕੀਤਾ ਵਿਦਿਅਕ ਦੌਰਾ




**ਨਵੀਂ ਦਿੱਲੀ 11 ਅਗਸਤ (ਮਨਪ੍ਰੀਤ ਸਿੰਘ ਖਾਲਸਾ)**:- ਅਕਾਲ ਅਕੈਡਮੀ ਭੜਾਣਾਂ ਦੇ ਵਿਦਿਆਰਥੀਆਂ ਵੱਲੋਂ ਪੰਜਾਬ ਐਗਰੀਕਲਚਰਲ ਯੂਨੀਵਰਸਿਟੀ (ਪੀ.ਏ.ਯੂ.) ਦੇ ਕ੍ਰਿਸ਼ੀ ਵਿਗਿਆਨ ਕੇਂਦਰ, ਫ਼ਿਰੋਜ਼ਪੁਰ ਦਾ ਵਿਦਿਅਕ ਦੌਰਾ ਕੀਤਾ ਗਿਆ। ਇਸ ਦੌਰੇ ਦੌਰਾਨ ਸਕੂਲ ਦੇ ਸਾਇੰਸ ਅਧਿਆਪਕ ਗੁਰਲਾਲ ਸਿੰਘ ਵੀ ਵਿਦਿਆਰਥੀਆਂ ਦੇ ਨਾਲ ਮੌਜੂਦ ਰਹੇ। ਕ੍ਰਿਸ਼ੀ ਵਿਗਿਆਨ ਕੇਂਦਰ ਵਿਖੇ ਡਾ. ਗੁਰਮੇਲ ਸਿੰਘ ਅਤੇ ਉਨ੍ਹਾਂ ਦੀ ਟੀਮ ਵੱਲੋਂ ਵਿਦਿਆਰਥੀਆਂ ਨੂੰ ਖੇਤੀਬਾੜੀ ਦੇ ਆਧੁਨਿਕ ਢੰਗ-ਤਰੀਕਿਆਂ, ਮਿੱਟੀ ਪਰਖ, ਜੈਵਿਕ ਖੇਤੀ, ਫ਼ਸਲਾਂ ਦੀ ਸਾਂਭ-ਸੰਭਾਲ ਅਤੇ ਨਵੀਆਂ ਖੇਤੀਬਾੜੀ ਤਕਨੀਕਾਂ ਸਬੰਧੀ ਵਿਸਥਾਰਪੂਰਵਕ ਜਾਣਕਾਰੀ ਦਿੱਤੀ ਗਈ। ਮਾਹਿਰਾਂ ਨੇ ਵਿਦਿਆਰਥੀਆਂ ਨੂੰ ਪ੍ਰਯੋਗਸ਼ਾਲਾਵਾਂ ਅਤੇ ਖੇਤੀਬਾੜੀ ਫ਼ਾਰਮ ਦਾ ਦੌਰਾ ਵੀ ਕਰਵਾਇਆ, ਜਿਸ ਰਾਹੀਂ ਉਨ੍ਹਾਂ ਨੂੰ ਖੇਤੀ ਵਿਗਿਆਨ ਦੇ ਵੱਖ-ਵੱਖ ਪੱਖਾਂ ਨੂੰ ਵਿਹਾਰਕ ਤੌਰ 'ਤੇ ਸਮਝਣ ਦਾ ਮੌਕਾ ਮਿਲਿਆ। ਇਸ ਵਿਦਿਅਕ ਦੌਰੇ ਦਾ ਮੁੱਖ ਉਦੇਸ਼ ਵਿਦਿਆਰਥੀਆਂ ਨੂੰ ਖੇਤੀਬਾੜੀ ਦੇ ਆਧੁਨਿਕ ਰੂਪ ਅਤੇ ਇਸ ਖੇਤਰ ਵਿੱਚ ਹੋ ਰਹੀਆਂ ਵਿਗਿਆਨਕ ਤਰੱਕੀਆਂ ਤੋਂ ਜਾਣੂ ਕਰਵਾਉਣਾ ਅਤੇ ਉਨ੍ਹਾਂ ਵਿੱਚ ਵਿਗਿਆਨਕ ਸੋਚ ਨੂੰ ਉਤਸ਼ਾਹਿਤ ਕਰਨਾ ਸੀ। ਦੌਰੇ ਦੌਰਾਨ ਵਿਦਿਆਰਥੀਆਂ ਨੇ ਖੇਤੀਬਾੜੀ ਨਾਲ ਸਬੰਧਤ ਵੱਖ-ਵੱਖ ਪਹਿਲੂਆਂ ਬਾਰੇ ਜਾਣਕਾਰੀ ਹਾਸਲ ਕੀਤੀ ਅਤੇ ਮਾਹਿਰਾਂ ਨਾਲ ਆਪਣੇ ਸਵਾਲ ਸਾਂਝੇ ਕਰਕੇ ਉਨ੍ਹਾਂ ਦੇ ਜਵਾਬ ਵੀ ਪ੍ਰਾਪਤ ਕੀਤੇ। ਵਿਦਿਆਰਥੀਆਂ ਨੇ ਇਸ ਦੌਰੇ ਨੂੰ ਬੇਹੱਦ ਗਿਆਨਵਰਧਕ ਅਤੇ ਲਾਹੇਵੰਦ ਦੱਸਦਿਆਂ ਡਾ. ਗੁਰਮੇਲ ਸਿੰਘ ਅਤੇ ਕ੍ਰਿਸ਼ੀ ਵਿਗਿਆਨ ਕੇਂਦਰ ਦੀ ਸਮੂਹ ਟੀਮ ਦਾ ਇਸ ਜਾਣਕਾਰੀਪੂਰਵਕ ਅਤੇ ਵਿਹਾਰਕ ਸਿੱਖਿਆ ਪ੍ਰਦਾਨ ਕਰਨ ਲਈ ਧੰਨਵਾਦ ਕੀਤਾ। ਇਹ ਦੌਰਾ ਵਿਦਿਆਰਥੀਆਂ ਲਈ ਕਲਾਸਰੂਮ ਸਿੱਖਿਆ ਨੂੰ ਅਸਲ ਜੀਵਨ ਦੇ ਅਨੁਭਵ ਨਾਲ ਜੋੜਨ ਵਾਲਾ ਇੱਕ ਮਹੱਤਵਪੂਰਨ ਅਨੁਭਵ ਸਾਬਤ ਹੋਇਆ।

### ਮਨਵਿੰਦਰ ਸਿੰਘ ਬਿੱਨਰ ਦੇ ਪਿਤਾ ਕੈਪਟਨ ਹਰਦੇਵ ਸਿੰਘ ਬਿੱਨਰ ਨੂੰ

# ਵੱਖ-ਵੱਖ ਆਗੂਆਂ ਵੱਲੋਂ ਨੇ ਕੀਤੀ ਸਰਧਾਂਜਲੀ ਭੇਂਟ



**ਧੂਰੀ (ਰਣਜੀਤ ਸਿੰਘ ਪੇਧਨੀ)**-ਸਾਬਕਾ ਕੌਂਸਲਰ ਅਤੇ ਅਕਾਲੀ ਆਗੂ ਮਨਵਿੰਦਰ ਸਿੰਘ ਬਿੱਨਰ ਨੂੰ ਉਸ ਸਮੇਂ ਭਾਰੀ ਸਦਮਾ ਲੱਗਾ ਜਦੋਂ ਉਨ੍ਹਾਂ ਦੇ ਸਤਿਕਾਰਯੋਗ ਪਿਤਾ ਸੇਵਾਮੁਕਤ ਆਨਰੇਰੀ ਕੈਪਟਨ ਹਰਦੇਵ ਸਿੰਘ ਬਿੱਨਰ ਪਿਛਲੇ ਦਿਨੀ ਪਰਿਵਾਰ ਨੂੰ ਸਦੀਵੀ ਵਿਛੋੜਾ ਦੇ ਗਏ ਸਨ। ਪਰਿਵਾਰ ਵੱਲੋਂ ਉਹਨਾਂ ਦੇ ਨਮਿੱਤ ਆਪਣੇ ਗ੍ਰਹਿ ਵਿਖੇ ਸ੍ਰੀ ਸਹਿਜ ਪਾਠ ਆਰੰਭ ਕਰਵਾਏ ਗਏ ਸ੍ਰੀ ਸਹਿਜ ਪਾਠ ਸਾਹਿਬ ਦੇ ਭੋਗ ਰਾਗੀ ਸਿੰਘਾਂ ਵੱਲੋਂ ਗੁਰਦੁਆਰਾ ਨਾਨਕਸਰ ਵਿਖੇ ਕੀਰਤਨ ਦੁਆਰਾ ਸੰਗਤਾਂ ਨੂੰ ਧੰਨ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਨਾਲ ਜੋੜਨਾ ਕੀਤਾ । ਪਰਿਵਾਰ ਨਾਲ ਦੁੱਖ ਸਾਂਝਾ ਅਤੇ ਸਰਧਾਂਜਲੀ ਭੇਂਟ ਕਰਨ ਵਾਲਿਆਂ ਵਿੱਚ ਹਰਦੇਵ ਸਿੰਘ ਬਿੱਨਰ ਨੂੰ ਸਰਧਾਂਜਲੀ ਭੇਂਟ ਕਰਨ ਵਾਲਿਆਂ ਵਿੱਚ ਭਾਈ ਗੋਬਿੰਦ ਸਿੰਘ ਲੋਂਗੋਵਾਲ ਸਾਬਕਾ ਪ੍ਰਧਾਨ ਐਸਜੀਪੀਸੀ, ਸ,ਹਰੀ ਸਿੰਘ ਪ੍ਰੀਤ ਨਾਭਾ, ਇਕਬਾਲ ਸਿੰਘ ਝੂੰਦਾ ਸਾਬਕਾ ਵਿਧਾਇਕ, ਦਲਵੀਰ ਸਿੰਘ ਗੋਲਡੀ ਖੰਗੂੜਾ ਸਾਬਕਾ ਵਿਧਾਇਕ, ਬੀਜੇਪੀ ਦੇ ਸੀਨੀਅਰ ਆਗੂ ਪ੍ਰੋ ਓਂਕਾਰ ਸਿੰਘ, ਸਾਬਕਾ ਵਿਧਾਇਕ ਬਾਬੂ ਪ੍ਰਕਾਸ਼ ਚੰਦ ਗਰਗ, ਹਲਕਾ ਇੰਚਾਰਜ ਰਣਜੀਤ ਸਿੰਘ ਰੰਧਾਵਾ, ਆਪ ਆਗੂ ਸਤਿੰਦਰ ਸਿੰਘ ਚੱਠਾ, ਆਪ ਆਗੂ ਹਰਜਿੰਦਰ ਸਿੰਘ ਕਾਂਝਲਾ, ਭੁਪਿੰਦਰ ਸਿੰਘ ਭਲਵਾਨ ਮੈਂਬਰ ਐਸਜੀਪੀਸੀ, ਵਾਰਿਸ ਪੰਜਾਬ ਦੇ ਚਮਨਦੀਪ ਸਿੰਘ ਮਿਲਖੀ, ਸਰਪੰਚ ਹਰਦੀਪ ਸਿੰਘ ਦੌਲਤਪੁਰ, ਜਤਿੰਦਰ ਸਿੰਘ ਸੋਨੀ ਮੰਡੇਰ, ਸਰਪੰਚ ਦਵਿੰਦਰ ਸਿੰਘ ਧੂਰਾ, ਕਾਗਰਸੀ ਆਗੂ ਗੁਰਪਿਆਰ ਧੂਰਾ, ਪਰਮਜੀਤ ਸਿੰਘ ਪੰਮਾ ਬਾਠ, ਜਗਰੂਪ ਸਿੰਘ ਲੱਡਾ, ਸੁਖਵਿੰਦਰ ਸਿੰਘ ਈਸੀ, ਸਵਰਨਜੀਤ ਸਿੰਘ ਹਰਚੰਦਪੁਰਾ, ਬੀਬੀ ਜਸਵਿੰਦਰ ਕੌਰ ਖਾਲਸਾ, ਇੰਦਰਜੀਤ ਸਿੰਘ ਘਨੌਰੀ, ਇੰਦਰਪਾਲ ਸਿੰਘ ਕਹੇਰੂ, ਸਾਬਕਾ ਸਰਪੰਚ ਰਵੀ ਕਹੇਰੂ, ਪੱਪੂ ਜੌਲੀ ਐਮਸੀ, ਸੁਖਦੇਵ ਸਿੰਘ ਘਨੌਰ, ਗਿੱਪੀ ਬੁਗਰਾ, ਜਸਵਿੰਦਰ ਸਿੰਘ ਦੀਦਾਰਗੜ੍ਹ, ਗਮਦੂਰ ਸਿੰਘ ਜਵੰਧਾ, ਹਰਦੇਵ ਸਿੰਘ ਜਵੰਧਾ, ਹਾਕਮ ਸਿੰਘ ਢਢੋਗਲ, ਪਰਮਜੀਤ ਸਿੰਘ ਭਿੰਦੀ, ਕਾਲਾ ਕਾਂਝਲਾ, ਗਿਪੀ ਬੁਗਰਾ ਕੁਲਵਿੰਦਰ ਸਿੰਘ ਢਢੋਗਲ ਧਰਮਿੰਦਰ ਸਿੰਘ ਕੌਲਸੇੜੀ ਹਾਜ਼ਰ ਸਨ।

# ਗੁਰਦੁਆਰਾ ਸ੍ਰੀ ਪੰਜੋਖੜਾ ਸਾਹਿਬ ਦੀ ਮਰਿਆਦਾ ਭੰਗ ਕਰਨ ਅਤੇ ਸੰਗਤ 'ਤੇ ਗੱਡੀ ਚੜ੍ਹਾਉਣ ਦੀ ਕੋਸ਼ਿਸ਼ ਕਰਨ ਵਾਲੇ ਗੁਰਸਿਮਰਨ ਮੰਡ ਨੂੰ ਤੁਰੰਤ ਕੀਤਾ ਜਾਵੇ ਗ੍ਰਿਫ਼ਤਾਰ: ਪ੍ਰਿੰ. ਪਰਵਿੰਦਰ ਸਿੰਘ ਖਾਲਸਾ



ਨਵੀਂ ਦਿੱਲੀ, 11 ਅਗਸਤ (ਮਨਪ੍ਰੀਤ ਸਿੰਘ ਖਾਲਸਾ): ਗੁਰੂ ਹਰਕ੍ਰਿਸ਼ਨ ਸਾਹਿਬ ਜੀ ਨਾਲ ਸਬੰਧਤ ਇਤਿਹਾਸਕ ਗੁਰਦੁਆਰਾ ਸ੍ਰੀ ਪੰਜੋਖੜਾ ਸਾਹਿਬ, ਅੰਬਾਲਾ ਵਿਖੇ ਵਾਪਰੀ ਘਟਨਾ ਨੂੰ ਲੈ ਕੇ ਸ਼੍ਰੋਮਣੀ ਗੁਰਮਤਿ ਚੇਤਨਾ ਲਹਿਰ ਨੇ ਸਖ਼ਤ ਰੋਸ ਪ੍ਰਗਟ ਕਰਦਿਆਂ ਗੁਰਸਿਮਰਨ ਮੰਡ ਅਤੇ ਉਸਦੇ ਪੁੱਤਰ ਨੂੰ ਤੁਰੰਤ ਗ੍ਰਿਫ਼ਤਾਰ ਕਰਨ ਦੀ ਮੰਗ ਕੀਤੀ ਹੈ। ਪ੍ਰਿੰਸੀਪਲ ਪਰਵਿੰਦਰ ਸਿੰਘ ਖਾਲਸਾ ਨੇ ਦੋਸ਼ ਲਾਇਆ ਕਿ ਮੰਡ ਵੱਲੋਂ ਮਨਾਹੀ ਵਾਲੀ ਥਾਂ 'ਤੇ ਜਬਰੀ ਗੱਡੀ ਲਿਜਾ ਕੇ ਗੁਰਦੁਆਰਾ ਸਾਹਿਬ ਦੀ ਮਰਿਆਦਾ ਭੰਗ ਕੀਤੀ ਗਈ ਅਤੇ ਸੇਵਾਦਾਰਾਂ ਵੱਲੋਂ ਰੋਕਣ 'ਤੇ ਬਦਤਮੀਜ਼ੀ ਕੀਤੀ ਗਈ। ਉਨ੍ਹਾਂ ਅਨੁਸਾਰ ਭੀੜ ਵਿੱਚੋਂ ਗੱਡੀ ਕੱਢਣ ਦੀ ਕੋਸ਼ਿਸ਼ ਦੌਰਾਨ ਸੰਗਤ ਨੂੰ ਕੁਚਲਣ ਦੀ ਕੋਸ਼ਿਸ਼ ਕੀਤੀ ਗਈ, ਜਿਸ ਵਿੱਚ ਇੱਕ ਨੌਜਵਾਨ ਜ਼ਖ਼ਮੀ ਹੋਇਆ। ਉਨ੍ਹਾਂ ਕਿਹਾ ਕਿ ਘਟਨਾ ਤੋਂ ਬਾਅਦ ਭੜਕੀ ਸੰਗਤ ਵੱਲੋਂ ਮੰਡ ਦੀ ਕੁਟਮਾਰ ਕੀਤੀ ਗਈ, ਜਦਕਿ ਪੁਲਿਸ ਵੱਲੋਂ ਕੁਝ ਨੌਜਵਾਨਾਂ ਨੂੰ ਹਿਰਾਸਤ ਵਿੱਚ ਲਿਆ ਗਿਆ। ਬੇਗੁਨਾਹ ਨੌਜਵਾਨਾਂ ਦੀ ਰਿਹਾਈ ਲਈ ਸਿੱਖ ਸੰਗਤਾਂ ਵੱਲੋਂ ਸ੍ਰੀ ਪੰਜੋਖੜਾ ਸਾਹਿਬ ਥਾਣੇ ਦੇ ਸਾਹਮਣੇ ਮੋਰਚਾ ਲਾਇਆ ਗਿਆ, ਜਿਸ ਦੀ ਅਗਵਾਈ ਹਰਿਆਣਾ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਜਥੇਦਾਰ ਜਗਦੀਸ਼ ਸਿੰਘ ਝੀਂਡਾ ਨੇ ਕੀਤੀ। ਮੋਰਚੇ ਤੋਂ ਬਾਅਦ ਪੁਲਿਸ ਵੱਲੋਂ ਹਿਰਾਸਤ ਵਿੱਚ ਲਏ ਨੌਜਵਾਨਾਂ ਨੂੰ ਰਿਹਾ ਕਰ ਦਿੱਤਾ ਗਿਆ। ਪ੍ਰਿੰਸੀਪਲ ਪਰਵਿੰਦਰ ਸਿੰਘ ਖਾਲਸਾ ਨੇ ਦੱਸਿਆ ਕਿ ਸ਼੍ਰੋਮਣੀ ਗੁਰਮਤਿ ਚੇਤਨਾ ਲਹਿਰ ਵੱਲੋਂ ਡੀ.ਜੀ.ਪੀ. ਹਰਿਆਣਾ ਅਤੇ ਹਰਿਆਣਾ ਸਰਕਾਰ ਨੂੰ ਸ਼ਿਕਾਇਤ ਦੇ ਕੇ ਮੰਗ ਕੀਤੀ ਗਈ ਹੈ ਕਿ ਗੁਰਸਿਮਰਨ ਮੰਡ ਅਤੇ ਉਸਦੇ ਪੁੱਤਰ ਵਿਰੁੱਧ ਕਾਨੂੰਨ ਅਨੁਸਾਰ ਤੁਰੰਤ ਕਾਰਵਾਈ ਕੀਤੀ ਜਾਵੇ ਅਤੇ ਕਥਿਤ ਘਟਨਾ ਸਬੰਧੀ ਸਾਰੇ ਤੱਥਾਂ ਦੀ ਨਿਰਪੱਖ ਜਾਂਚ ਕਰਵਾਈ ਜਾਵੇ। ਉਨ੍ਹਾਂ ਚੇਤਾਵਨੀ ਦਿੱਤੀ ਕਿ ਜੇਕਰ ਪ੍ਰਸ਼ਾਸਨ ਨੇ ਕਾਰਵਾਈ ਨਾ ਕੀਤੀ ਤਾਂ ਸਿੱਖ ਸੰਗਤ ਵੱਲੋਂ ਸੰਘਰਸ਼ ਦਾ ਰਾਹ ਅਖ਼ਤਿਆਰ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਗੁਰਦੁਆਰਾ ਸਾਹਿਬਾਨ ਦੀ ਮਰਿਆਦਾ ਅਤੇ ਸੰਗਤ ਦੀ ਸੁਰੱਖਿਆ ਨਾਲ ਖਿਲਵਾੜ ਕਿਸੇ ਵੀ ਕੀਮਤ 'ਤੇ ਬਰਦਾਸ਼ਤ ਨਹੀਂ ਕੀਤਾ ਜਾਵੇਗਾ।

# ਸ਼੍ਰੋਮਣੀ ਅਕਾਲੀ ਦਲ ਪ੍ਰਧਾਨ ਸੁਖਬੀਰ ਸਿੰਘ ਬਾਦਲ ਵੱਲੋਂ ਸੁਖਵਿੰਦਰ ਸਿੰਘ ਪਾਰਸ ਮਲਹੋਤਰਾ ਨੂੰ ਪਾਰਟੀ ਦਾ ਸੰਯੁਕਤ ਸਕੱਤਰ ਥਾਪਿਆ ਗਿਆ



**ਜੰਡਿਆਲਾ ਗੁਰੂ 11 ਅਗਸਤ ( ਕੁਲਵੰਤ ਸਿੰਘ ਵਿਰਦੀ )**-ਆਉਣ ਵਾਲੀਆਂ 2027 ਦੀਆਂ ਚੋਣਾਂ ਲਈ ਸ਼੍ਰੋਮਣੀ ਅਕਾਲੀ ਦਲ ਬਾਦਲ ਵੱਲੋਂ ਲਗਾਤਾਰ ਸਰਗਰਮੀਆਂ ਤੇਜ਼ ਕੀਤੀਆਂ ਜਾ ਰਹੀਆਂ ਹਨ । ਜਿੱਥੇ ਸ਼੍ਰੋਮਣੀ ਅਕਾਲੀ ਦਲ ਵੱਲੋਂ ਪਹਿਲਾਂ 40 ਦੇ ਕਰੀਬ ਵੱਡੀਆਂ ਰੈਲੀਆਂ ਕੀਤੀਆਂ ਗਈਆਂ ਸਨ ਅਤੇ ਹੁਣ ਫਿਰ 15 ਦੇ ਕਰੀਬ ਰੈਲੀਆਂ ਕਰਕੇ ਵਰਕਰਾਂ ਨੂੰ ਲਾਮਬੰਧ ਕੀਤਾ ਜਾ ਰਿਹਾ ਹੈ । ਇਸੇ ਲੜੀ ਦੇ ਤਹਿਤ ਅਕਾਲੀ ਦਲ ਦੇ ਜਥੇਬੰਦਕ ਢਾਂਚੇ ਨੂੰ ਮਜਬੂਤ ਕਰਨ ਲਈ ਵੱਖ ਵੱਖ ਆਗੂਆਂ ਨੂੰ ਅਹੁਦੇ ਵੀ ਵੰਡੇ ਜਾ ਰਹੇ ਹਨ । ਸ਼੍ਰੋਮਣੀ ਅਕਾਲੀ ਦਲ ਬਾਦਲ ਦੇ ਪ੍ਰਧਾਨ ਸਰਦਾਰ ਸੁਖਬੀਰ ਸਿੰਘ ਬਾਦਲ ਵੱਲੋਂ ਸੁਖਵਿੰਦਰ ਸਿੰਘ ਪਾਰਸ ਮਲਹੋਤਰਾ ਨੂੰ ਪਾਰਟੀ ਦਾ ਸੰਯੁਕਤ ਸਕੱਤਰ ਥਾਪਿਆ ਗਿਆ ਹੈ। ਇਸ ਮੌਕੇ ਪੱਤਰਕਾਰਾਂ ਨਾਲ ਗੱਲਬਾਤ ਕਰਦੇ ਹੋਏ ਪਾਰਸ ਮਲਹੋਤਰਾ ਨੇ ਕਿਹਾ ਕਿ ਪਾਰਟੀ ਨੇ ਮੈਨੂੰ ਇੱਕ ਪ੍ਰਮੁੱਖ ਅਹੁਦਾ ਦੇਕੇ ਮੈਨੂੰ ਅਤੇ ਮਲਹੋਤਰਾ ਪਰਿਵਾਰ ਨੂੰ ਜੋ ਮਾਨ ਸਨਮਾਨ ਬਖਸ਼ਿਆ ਹੈ ਮੈਂ ਉਸ ਲਈ ਪਾਰਟੀ ਹਾਈਕਮਾਂਡ ਦਾ ਤਹਿ ਦਿਲੋਂ ਧੰਨਵਾਦੀ ਰਹਾਂਗਾ ਅਤੇ ਪਾਰਟੀ ਨੂੰ ਮਜਬੂਤ ਕਰਨ ਲਈ ਬੂਥ ਪੱਧਰ ਤੇ ਕੰਮ ਕਰਕੇ ਪਾਰਟੀ ਨੂੰ ਬੁਲੰਦੀਆਂ ਤੇ ਪਹੁੰਚਾਇਆ ਜਾਵੇਗਾ । ਪਾਰਸ ਮਲਹੋਤਰਾ ਪਿਛਲੇ ਲੰਮੇ ਸਮੇਂ ਤੋਂ ਸ਼੍ਰੋਮਣੀ ਅਕਾਲੀ ਦਲ ਨਾਲ ਜੁੜੇ ਹੋਏ ਹਨ ਅਤੇ ਇੱਕ ਮਨਪਸੰਦ ਯੂਥ ਆਗੂ ਸ਼੍ਰੋਮਣੀ ਅਕਾਲੀ ਦਲ ਦੇ ਗਿਣੇ ਜਾਂਦੇ ਹਨ । ਇਸ ਮੌਕੇ ਪਾਰਸ ਮਲਹੋਤਰਾ ਨੂੰ ਵੱਖ ਵੱਖ ਇਲਾਕਿਆਂ ਤੋਂ ਚਾਹੁਣ ਵਾਲਿਆਂ ਵਲੋਂ ਵਧਾਈਆਂ ਦਿੱਤੀਆਂ ਗਈਆਂ ।

# ਕਰਤਾਰਪੁਰ ਲਾਂਘਾ ਸੁਰੱਖਿਆ ਕਾਰਨਾਂ ਕਰਕੇ ਬੰਦ ਤਾਂ ਅਮਰਨਾਥ ਯਾਤਰਾ ਕਿਉਂ ਜਾਰੀ.?—ਸਿਮਰਨਜੀਤ ਸਿੰਘ ਮਾਨ

## ਸੁਰੱਖਿਆ ਦੇ ਨਾਂ 'ਤੇ ਸਿੱਖਾਂ ਨਾਲ ਵਿਤਕਰਾ ਬੰਦ ਹੋਵੇ; ਧਾਰਾ 14 ਤਹਿਤ ਸਭ ਧਰਮਾਂ ਨਾਲ ਬਰਾਬਰੀ ਦਾ ਵਿਹਾਰ ਕਰਨ ਦੀ ਕੀਤੀ ਮੰਗ



ਨਵੀਂ ਦਿੱਲੀ 11 ਅਗਸਤ (ਮਨਪ੍ਰੀਤ ਸਿੰਘ ਖਾਲਸਾ):- ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਦੇ ਪ੍ਰਧਾਨ ਸ. ਸਿਮਰਨਜੀਤ ਸਿੰਘ ਮਾਨ ਨੇ ਸ੍ਰੀ ਕਰਤਾਰਪੁਰ ਸਾਹਿਬ ਲਾਂਘਾ ਸੁਰੱਖਿਆ ਕਾਰਨਾਂ ਕਰਕੇ ਬੰਦ ਕਰਨ ਅਤੇ ਜੰਮੂ-ਕਸ਼ਮੀਰ ਵਿੱਚ ਅਮਰਨਾਥ ਯਾਤਰਾ ਜਾਰੀ ਰੱਖਣ ਦੀ ਨੀਤੀ 'ਤੇ ਸਵਾਲ ਉਠਾਉਂਦਿਆਂ ਕਿਹਾ ਕਿ ਜੇਕਰ ਸੁਰੱਖਿਆ ਸ੍ਰੀ ਕਰਤਾਰਪੁਰ ਸਾਹਿਬ ਲਾਂਘਾ ਬੰਦ ਕਰਨ ਦਾ ਆਧਾਰ ਹੈ ਤਾਂ ਇਸੇ ਮਾਪਦੰਡ ਤਹਿਤ ਅਮਰਨਾਥ ਯਾਤਰਾ ਨੂੰ ਵੀ ਰੋਕਿਆ ਜਾਣਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਜਦੋਂ ਤੱਕ ਦੋਵਾਂ ਖੇਤਰਾਂ ਦੇ ਹਾਲਾਤ ਸੁਖਾਵੇਂ ਨਹੀਂ ਹੁੰਦੇ, ਉਦੋਂ ਤੱਕ ਸੁਰੱਖਿਆ ਦੇ ਨਾਂ 'ਤੇ ਵੱਖ-ਵੱਖ ਨੀਤੀਆਂ ਅਪਣਾਉਣਾ ਵਿਤਕਰੇ ਅਤੇ ਬੇਇਨਸਾਫ਼ੀ ਨੂੰ ਜਨਮ ਦਿੰਦਾ ਹੈ। ਉਨ੍ਹਾਂ ਕਿਹਾ ਕਿ ਗੋਲੀ ਕਿਸੇ ਵਿਅਕਤੀ ਦਾ ਧਰਮ ਦੇਖ ਕੇ ਨਹੀਂ ਚੱਲਦੀ, ਇਸ ਲਈ ਸੁਰੱਖਿਆ ਦਾ ਮਾਪਦੰਡ ਵੀ ਹਿੰਦੂ, ਸਿੱਖ ਜਾਂ ਮੁਸਲਮਾਨ ਦੇ ਆਧਾਰ 'ਤੇ ਵੱਖਰਾ ਨਹੀਂ ਹੋਣਾ ਚਾਹੀਦਾ। ਸ. ਮਾਨ ਨੇ ਕਿਹਾ ਕਿ ਭਾਰਤੀ ਸੰਵਿਧਾਨ ਦੀ ਧਾਰਾ 14 ਸਭਨਾਂ ਲਈ ਕਾਨੂੰਨ ਅੱਗੇ ਬਰਾਬਰੀ ਦਾ ਸਿਧਾਂਤ ਪੇਸ਼ ਕਰਦੀ ਹੈ, ਇਸ ਲਈ ਸਰਕਾਰ ਨੂੰ ਹਿੰਦੂਆਂ, ਸਿੱਖਾਂ ਅਤੇ ਮੁਸਲਮਾਨਾਂ ਨਾਲ ਇੱਕੋ ਜਿਹਾ ਵਿਹਾਰ ਕਰਨਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਜੇਕਰ ਸੁਰੱਖਿਆ ਹਾਲਾਤਾਂ ਕਾਰਨ ਸ੍ਰੀ ਕਰਤਾਰਪੁਰ ਸਾਹਿਬ ਲਾਂਘੇ ਨੂੰ ਬੰਦ ਕੀਤਾ ਗਿਆ ਹੈ ਤਾਂ ਅਮਰਨਾਥ ਯਾਤਰਾ ਸਬੰਧੀ ਵੀ ਉਸੇ ਤਰ੍ਹਾਂ ਦਾ ਫ਼ੈਸਲਾ ਹੋਣਾ ਚਾਹੀਦਾ ਹੈ। ਉਨ੍ਹਾਂ ਇਹ ਵੀ ਸਵਾਲ ਕੀਤਾ ਕਿ ਜਦੋਂ ਚੀਨ ਨਾਲ ਸਿਪਕਲੀ (ਹਿਮਾਚਲ ਪ੍ਰਦੇਸ਼) ਰਾਹੀਂ ਕੌਮਾਂਤਰੀ ਵਪਾਰ ਖੁੱਲ੍ਹੇ ਤੌਰ 'ਤੇ ਚੱਲ ਸਕਦਾ ਹੈ ਤਾਂ ਵਾਹਗਾ, ਅਟਾਰੀ, ਸੁਲੇਮਾਨਕੀ ਅਤੇ ਹੁਸੈਨੀਵਾਲਾ ਸਰਹੱਦਾਂ ਨੂੰ ਪੰਜਾਬ ਦੇ ਵਪਾਰ ਲਈ ਕਿਉਂ ਨਹੀਂ ਖੋਲ੍ਹਿਆ ਜਾ ਰਿਹਾ ? ਉਨ੍ਹਾਂ ਮੰਗ ਕੀਤੀ ਕਿ ਸਰਹੱਦੀ ਆਵਾਜਾਈ ਅਤੇ ਵਪਾਰ ਸਬੰਧੀ ਵੀ ਇੱਕਸਾਰ ਤੇ ਤਰਕਸੰਗਤ ਨੀਤੀ ਅਪਣਾਈ ਜਾਵੇ। ਉਨ੍ਹਾਂ ਕਿਹਾ ਕਿ ਸਿੱਖ ਕੌਮ ਦੀ ਆਪਣੀ ਵਿਲੱਖਣ ਤੇ ਅਣਖੀਲੀ ਪਛਾਣ ਹੈ ਅਤੇ ਇਸ ਪਛਾਣ ਨੂੰ ਕਿਸੇ ਵੀ ਤਰ੍ਹਾਂ ਦੇ ਜਬਰੀ ਪ੍ਰੋਗਰਾਮਾਂ ਜਾਂ ਵਿਚਾਰਧਾਰਕ ਦਬਾਅ ਰਾਹੀਂ ਕਮਜ਼ੋਰ ਕਰਨ ਦੀ ਕੋਸ਼ਿਸ਼ ਨੂੰ ਸਿੱਖ ਕੌਮ ਪ੍ਰਵਾਨ ਨਹੀਂ ਕਰੇਗੀ। ਸ. ਮਾਨ ਨੇ ਕਿਹਾ ਕਿ 'ਵੰਦੇ ਮਾਤਰਮ', 'ਜਨ-ਗਨ-ਮਨ' ਅਤੇ ਤਿਰੰਗੇ ਨਾਲ ਸਬੰਧਤ ਕਿਸੇ ਵੀ ਜਬਰੀ ਥੋਪੇ ਜਾਣ ਵਾਲੇ ਪ੍ਰੋਗਰਾਮ ਨੂੰ ਸਿੱਖਾਂ ਦੀ ਵਿਲੱਖਣ ਹਸਤੀ ਦੇ ਸੰਦਰਭ ਵਿੱਚ ਨਹੀਂ ਦੇਖਿਆ ਜਾ ਸਕਦਾ ਅਤੇ ਸਿੱਖ ਆਪਣੀ ਆਜ਼ਾਦ ਤੇ ਵਿਲੱਖਣ ਪਛਾਣ ਨੂੰ ਹਰ ਕੀਮਤ 'ਤੇ ਕਾਇਮ ਰੱਖਣਗੇ। ਉਨ੍ਹਾਂ ਸਮੁੱਚੇ ਪੰਜਾਬੀਆਂ ਅਤੇ ਸਿੱਖ ਕੌਮ ਨੂੰ ਅਪੀਲ ਕੀਤੀ ਕਿ ਉਹ ਇਨਸਾਫ਼ 'ਤੇ ਆਧਾਰਿਤ ਰਾਜ ਪ੍ਰਬੰਧ ਅਤੇ ਆਪਣੀ ਸਿਆਸੀ ਮੰਜ਼ਿਲ ਦੀ ਪ੍ਰਾਪਤੀ ਲਈ ਸਹਿਯੋਗ ਕਰਨ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

### ਗੁਰੂ ਤੇਗ ਬਹਾਦਰ ਇੰਸਟੀਚਿਊਟ ਵਿਖੇ

# ਸ੍ਰੀ ਗੁਰੂ ਹਰਿਕ੍ਰਿਸ਼ਨ ਸਾਹਿਬ ਜੀ ਦਾ ਪ੍ਰਕਾਸ਼ ਪੁਰਬ ਸ਼ਰਧਾ ਸਹਿਤ ਮਨਾਇਆ



**ਨਵੀਂ ਦਿੱਲੀ 11 ਅਗਸਤ (ਮਨਪ੍ਰੀਤ ਸਿੰਘ ਖਾਲਸਾ)**:- "ਗੁਰੂ ਤੇਗ ਬਹਾਦਰ ਇੰਸਟੀਚਿਊਟ ਆਫ਼ ਟੈਕਨਾਲੋਜੀ" ਵਿਖੇ ਬੀਤੇ ਦਿਨ ਧੰਨ-ਧੰਨ ਸਾਹਿਬ ਸ੍ਰੀ ਗੁਰੂ ਹਰਿਕ੍ਰਿਸ਼ਨ ਸਾਹਿਬ ਜੀ ਦਾ ਪ੍ਰਕਾਸ਼ ਪੁਰਬ ਸਟਾਫ਼ ਅਤੇ ਵਿਦਿਆਰਥੀਆਂ ਵੱਲੋਂ ਮਿਲ ਕੇ ਸ਼ਰਧਾ, ਸਤਿਕਾਰ ਅਤੇ ਗੁਰਮਤਿ ਭਾਵਨਾ ਨਾਲ ਮਨਾਇਆ ਗਿਆ। ਇਸ ਮੌਕੇ ਗੁਰੂ ਸਾਹਿਬ ਜੀ ਦੇ ਜੀਵਨ, ਸੇਵਾ, ਨਿਮਰਤਾ ਅਤੇ ਮਨੁੱਖਤਾ ਪ੍ਰਤੀ ਉਨ੍ਹਾਂ ਦੇ ਮਹਾਨ ਸੰਦੇਸ਼ ਨੂੰ ਯਾਦ ਕਰਦਿਆਂ ਸੰਗਤ ਨੂੰ ਗੁਰੂ ਸਾਹਿਬ ਦੀਆਂ ਸਿੱਖਿਆਵਾਂ 'ਤੇ ਚੱਲਣ ਲਈ ਪ੍ਰੇਰਿਤ ਕੀਤਾ ਗਿਆ। ਸਮਾਗਮ ਦੌਰਾਨ ਵਿਦਿਆਰਥੀਆਂ ਅਤੇ ਸਟਾਫ਼ ਵੱਲੋਂ ਗੁਰੂ ਸਾਹਿਬ ਜੀ ਪ੍ਰਤੀ ਆਪਣੀ ਸ਼ਰਧਾ ਦਾ ਪ੍ਰਗਟਾਵਾ ਕੀਤਾ ਗਿਆ। ਪਾਵਨ ਸਮਾਗਮ ਵਿੱਚ ਵਿਸ਼ੇਸ਼ ਤੌਰ 'ਤੇ ਹਾਜ਼ਰੀ ਭਰਦਿਆਂ ਦਿੱਲੀ ਕਮੇਟੀ ਦੇ ਸੀਨੀਅਰ ਮੈਂਬਰ ਅਤੇ ਕਾਲਜ ਦੇ ਚੇਅਰਮੈਨ ਬੀਬੀ ਬੀਬੀ ਰਣਜੀਤ ਕੌਰ ਨੇ ਗੁਰੂ ਸਾਹਿਬ ਜੀ ਦੇ ਜੀਵਨ ਅਤੇ ਸਿੱਖਿਆਵਾਂ ਨੂੰ ਯਾਦ ਕਰਦਿਆਂ ਕਿਹਾ ਕਿ ਸ੍ਰੀ ਗੁਰੂ ਹਰਿਕ੍ਰਿਸ਼ਨ ਸਾਹਿਬ ਜੀ ਨੇ ਨਿੱਕੀ ਉਮਰ ਵਿੱਚ ਹੀ ਮਨੁੱਖਤਾ ਦੀ ਸੇਵਾ, ਨਿਮਰਤਾ ਅਤੇ ਦਇਆ ਦੀ ਅਜਿਹੀ ਮਿਸਾਲ ਕਾਇਮ ਕੀਤੀ, ਜਿਸ ਤੋਂ ਹਰ ਵਰਗ ਨੂੰ ਪ੍ਰੇਰਣਾ ਲੈਣੀ ਚਾਹੀਦੀ ਹੈ। ਉਨ੍ਹਾਂ ਕਿਹਾ ਕਿ ਗੁਰੂ ਸਾਹਿਬ ਜੀ ਦਾ ਜੀਵਨ ਸਾਨੂੰ ਇਹ ਸੰਦੇਸ਼ ਦਿੰਦਾ ਹੈ ਕਿ ਮਨੁੱਖ ਦੀ ਮਹਾਨਤਾ ਉਮਰ ਜਾਂ ਅਹੁਦੇ ਨਾਲ ਨਹੀਂ, ਸਗੋਂ ਉਸ ਦੇ ਚੰਗੇ ਕਰਮਾਂ, ਸੇਵਾ-ਭਾਵਨਾ ਅਤੇ ਦੂਜਿਆਂ ਪ੍ਰਤੀ ਹਮਦਰਦੀ ਨਾਲ ਹੁੰਦੀ ਹੈ। ਉਨ੍ਹਾਂ ਬੱਚਿਆਂ ਨੂੰ ਗੁਰੂ ਸਾਹਿਬ ਜੀ ਦੀਆਂ ਸਿੱਖਿਆਵਾਂ ਨੂੰ ਆਪਣੇ ਜੀਵਨ ਦਾ ਹਿੱਸਾ ਬਣਾਉਣ ਅਤੇ ਨਾਮ ਬਾਣੀ ਨਾਲ ਜੁੜਨ ਲਈ ਪ੍ਰੇਰਿਤ ਕੀਤਾ। ਸਮਾਗਮ ਦੇ ਅੰਤ ਵਿੱਚ ਬੀਬੀ ਰਣਜੀਤ ਕੌਰ ਨੇ ਅਰਦਾਸ ਕੀਤੀ ਕਿ ਬਾਲਾ ਪ੍ਰੀਤਮ ਸਾਹਿਬ ਸ੍ਰੀ ਗੁਰੂ ਹਰਿਕ੍ਰਿਸ਼ਨ ਸਾਹਿਬ ਜੀ ਸਮੂਹ ਸੰਗਤ ਅਤੇ ਬੱਚਿਆਂ ਉੱਤੇ ਆਪਣੀ ਮਿਹਰ ਭਰੀ ਨਜ਼ਰ ਬਣਾਈ ਰੱਖਣ ਅਤੇ ਸਾਰਿਆਂ ਨੂੰ ਨਾਮ ਬਾਣੀ ਨਾਲ ਜੁੜਨ ਦੀ ਦਾਤ ਬਖ਼ਸ਼ਣ। ਇਸ ਮੌਕੇ ਕਾਲਜ ਦੇ ਕੋ-ਚੇਅਰਮੈਨ ਅਮਰਜੀਤ ਸਿੰਘ ਪੱਪੂ ਅਤੇ ਡਾਇਰੈਕਟਰ ਬੀਬੀ ਰੋਮਿੰਦਰ ਕੌਰ ਵੀ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ। ਉਨ੍ਹਾਂ ਵੱਲੋਂ ਵੀ ਗੁਰੂ ਸਾਹਿਬ ਜੀ ਦੇ ਪ੍ਰਕਾਸ਼ ਪੁਰਬ ਦੀ ਵਧਾਈ ਦਿੰਦਿਆਂ ਆਪਣੇ ਵਿਚਾਰ ਸਾਂਝੇ ਕੀਤੇ ਗਏ ਅਤੇ ਵਿਦਿਆਰਥੀਆਂ ਨੂੰ ਗੁਰੂ ਸਾਹਿਬ ਜੀ ਦੇ ਜੀਵਨ ਤੋਂ ਸੇਵਾ, ਸਿਮਰਨ, ਨਿਮਰਤਾ ਅਤੇ ਮਨੁੱਖਤਾ ਦੀ ਭਲਾਈ ਦਾ ਸੰਦੇਸ਼ ਗ੍ਰਹਿਣ ਕਰਨ ਦੀ ਅਪੀਲ ਕੀਤੀ ਗਈ।

# ਐਸ.ਆਈ.ਆਰ. : ਵੋਟਰ ਸੂਚੀਆਂ ਦੀ ਮੁੱਢਲੀ ਪ੍ਰਕਾਸ਼ਨਾਂ 13 ਅਗਸਤ ਨੂੰ, 16 ਅਗਸਤ ਨੂੰ ਲੱਗਣਗੇ ਵਿਸ਼ੇਸ਼ ਕੈਂਪ : ਡਿਪਟੀ ਕਮਿਸ਼ਨਰ

ਹੁਸ਼ਿਆਰਪੁਰ, 11 ਅਗਸਤ (ਆਵਾਜ਼ਿ ਕੌਮ ਬਿਊਰੋ)-ਡਿਪਟੀ ਕਮਿਸ਼ਨਰ-ਕਮ-ਜ਼ਿਲ੍ਹਾ ਚੋਣ ਅਫ਼ਸਰ ਆਸ਼ਿਕਾ ਜੈਨ ਨੇ ਦੱਸਿਆ ਕਿ ਭਾਰਤ ਚੋਣ ਕਮਿਸ਼ਨ ਦੀਆਂ ਹਦਾਇਤਾਂ 'ਤੇ ਵੋਟਰ ਸੂਚੀਆਂ ਦੀ ਵਿਸ਼ੇਸ਼ ਡੂੰਘੀ ਸੁਧਾਈ (ਐਸ.ਆਈ.ਆਰ.) ਦੀ ਜ਼ਿਲ੍ਹੇ ਵਿਚ ਪ੍ਰਕਿਰਿਆ ਮੁਕੰਮਲ ਹੋਣ ਉਪਰੰਤ 13 ਅਗਸਤ ਨੂੰ ਵੋਟਰ ਸੂਚੀਆਂ ਦੀ ਮੁੱਢਲੀ ਪ੍ਰਕਾਸ਼ਨਾ ਕੀਤੀ ਜਾਵੇਗੀ ਅਤੇ ਵੋਟਰ ਸੂਚੀਆਂ ਸਬੰਧੀ ਬੂਥ ਲੈਵਲ ਅਫ਼ਸਰਾਂ ਵਲੋਂ 16 ਅਗਸਤ ਨੂੰ ਆਪਣੇ ਪੋਲਿੰਗ ਬੂਥਾਂ 'ਤੇ ਵਿਸ਼ੇਸ਼ ਕੈਂਪ ਲਾਏ ਜਾਣਗੇ। ਡਿਪਟੀ ਕਮਿਸ਼ਨਰ ਆਸ਼ਿਕਾ ਜੈਨ ਨੇ ਦੱਸਿਆ ਕਿ ਜ਼ਿਲ੍ਹੇ ਵਿਚ ਐਸ.ਆਈ.ਆਰ. ਦੀ ਪ੍ਰਕਿਰਿਆ ਸੁਚੱਜੇ ਢੰਗ ਨਾਲ ਮੁਕੰਮਲ ਕਰਨ ਲਈ ਸਮੂਹ ਵੋਟਰ ਅਤੇ ਚੋਣ ਅਮਲਾ ਵਧਾਈ ਦਾ ਪਾਤਰ ਹੈ। ਉਨ੍ਹਾਂ ਕਿਹਾ ਕਿ ਵੋਟਰ ਸੂਚੀਆਂ ਦੀ ਮੁੱਢਲੀ ਪ੍ਰਕਾਸ਼ਨਾ ਤੋਂ ਬਾਅਦ ਬੀ.ਐਲ.ਓਜ਼ ਵਲੋਂ ਵਿਸ਼ੇਸ਼ ਕੈਂਪ ਲਾਏ ਜਾਣਗੇ ਜਿਸ ਤਹਿਤ 16 ਅਗਸਤ ਨੂੰ ਬੀ.ਐਲ.ਓਜ਼ ਸਵੇਰੇ 8 ਵਜੇ ਤੋਂ ਸ਼ਾਮ 3 ਵਜੇ ਤੱਕ ਆਪਣੇ ਸਬੰਧਤ ਬੂਥ 'ਤੇ ਮੌਜੂਦ ਰਹਿ ਕੇ ਵੋਟਰ ਸੂਚੀਆਂ ਸਬੰਧੀ ਵੋਟਰਾਂ ਤੋਂ ਫਾਰਮ ਨੰਬਰ 6, 7 ਅਤੇ 8 ਰਾਹੀਂ ਦਾਅਵੇ ਇਤਰਾਜ਼ ਵੀ ਪ੍ਰਾਪਤ ਕਰਨਗੇ। ਉਨ੍ਹਾਂ ਨੇ ਵੋਟਰਾਂ ਨੂੰ ਅਪੀਲ ਕੀਤੀ ਕਿ ਉਹ ਕੈਂਪਾਂ ਵਿਚ ਜਾ ਕੇ ਬੀ.ਐਲ.ਓਜ਼ ਰਾਹੀਂ ਇਨ੍ਹਾਂ ਸੂਚੀਆਂ ਵਿਚ ਆਪਣੇ ਵੇਰਵੇ ਆਦਿ ਦੇਖ ਸਕਦੇ ਹਨ। ਉਨ੍ਹਾਂ ਦੱਸਿਆ ਕਿ ਡਰਾਫ਼ਟ ਵੋਟਰ ਸੂਚੀ ਬਾਰੇ ਜੇਕਰ ਕੋਈ ਦਾਅਵਾ ਜਾਂ ਇਤਰਾਜ ਹੋਵੇ ਤਾਂ 12 ਸਤੰਬਰ ਤੱਕ ਜ਼ਿਲ੍ਹੇ ਦੇ ਸਮੂਹ ਚੋਣਕਾਰ ਰਜਿਸਟ੍ਰੇਸ਼ਨ ਅਫ਼ਸਰਾਂ ਰਾਹੀਂ ਇਹ ਦਾਅਵੇ ਅਤੇ ਇਤਰਾਜ ਦਿੱਤੇ ਜਾ ਸਕਦੇ ਹਨ। ਉਨ੍ਹਾਂ ਦੱਸਿਆ ਕਿ ਚੋਣਕਾਰ ਰਜਿਸਟ੍ਰੇਸ਼ਨ ਅਫ਼ਸਰਾਂ ਵਲੋਂ ਦਾਅਵੇ ਅਤੇ ਇਤਰਾਜ ਪ੍ਰਾਪਤ ਕਰਨ ਉਪਰੰਤ ਮਿਤੀ 8 ਅਕਤੂਬਰ 2026 ਤੱਕ ਇਨ੍ਹਾਂ ਦਾ ਨਿਪਟਾਰਾ ਕੀਤਾ ਜਾਵੇਗਾ ਅਤੇ 12 ਅਕਤੂਬਰ 2026 ਨੂੰ ਵੋਟਰ ਸੂਚੀ ਦੀ ਅੰਮਿਤ ਪ੍ਰਕਾਸ਼ਨਾ ਕੀਤੀ ਜਾਵੇਗੀ। ਜ਼ਿਕਰਯੋਗ ਹੈ ਕਿ ਜ਼ਿਲ੍ਹੇ ਵਿਚ ਐਸ.ਆਈ.ਆਰ. ਦੀ ਪ੍ਰਕਿਰਿਆ ਦੌਰਾਨ ਬੂਥ ਲੈਵਲ ਅਫ਼ਸਰਾਂ ਵਲੋਂ ਜ਼ਿਲ੍ਹੇ ਵਿਚ ਕੁੱਲ 1268648 ਵੋਟਰਾਂ ਦੇ ਗਿਣਤੀ ਫਾਰਮ ਵੰਡਣ ਉਪਰੰਤ ਡਿਜੀਟਾਈਜ਼ੇਸ਼ਨ ਦਾ ਕੰਮ ਮੁਕੰਮਲ ਕੀਤਾ ਗਿਆ ਜਿਸ ਵਿਚੋਂ 1169930 (92.22 ਫੀਸਦੀ) ਵੋਟਰਾਂ ਦੇ ਫਾਰਮ ਦਸਤੀ ਅਤੇ 1487 (0.12 ਫੀਸਦੀ) ਆਨਲਾਈਨ ਭਰਨ ਉਪਰੰਤ ਪ੍ਰਾਪਤ ਕੀਤੇ ਗਏ। ਇਸ ਤੋਂ ਇਲਾਵਾ ਵਿਸ਼ੇਸ਼ ਡੂੰਘੀ ਸੁਧਾਈ ਦੌਰਾਨ ਜ਼ਿਲ੍ਹੇ ਵਿਚ 15265 ਵੋਟਰ ਗੈਰ-ਹਾਜਰ, 48512 ਪੱਕੇ ਤੌਰ 'ਤੇ ਸਥਾਨ ਛੱਡ ਚੁੱਕੇ, 28475 ਮ੍ਰਿਤਕ ਪਾਏ ਗਏ ਜਦਕਿ 306 ਹੋਰਨਾਂ ਦਾ ਡਾਟਾ ਇਕੱਤਰ ਨਹੀਂ ਹੋ ਸਕਿਆ। ਇਹ ਸੂਚੀਆਂ ਬੂਥ ਲੈਵਲ ਅਫ਼ਸਰਾਂ ਵਲੋਂ ਮਾਨਤਾ ਪ੍ਰਾਪਤ ਰਾਜਨੀਤਿਕ ਪਾਰਟੀਆਂ ਵਲੋਂ ਨਿਯੁਕਤ ਕੀਤੇ ਬੂਥ ਲੈਵਲ ਏਜੰਟਾਂ ਨੂੰ ਜਾਣਕਾਰੀ ਲਈ ਮੁਹੱਈਆ ਕਰਵਾ ਦਿੱਤੀਆਂ ਗਈਆਂ ਹਨ।



### ਗੁਰਬਾਣੀ ਟੈਲੀਕਾਸਟ ਵਿਵਾਦ 'ਚ

# ਰਵਿੰਦਰ ਨਰਾਇਣ ਨੇ ਐਸਜੀਪੀਸੀ ਨੂੰ ਪੁੱਛੇ ਤਿੱਖੇ ਸਵਾਲ

'ਪੀਟੀਸੀ ਨੂੰ ਸਿਰਫ਼ ਸੈਟੇਲਾਈਟ ਹੱਕ ਮਿਲੇ ਸਨ ਜਾਂ ਯੂਟਿਊਬ ਤੇ ਡਿਜੀਟਲ ਪਲੇਟਫਾਰਮਾਂ ਦੇ ਵੀ ?' – 'ਗੁਰਬਾਣੀ ਦੇ ਪ੍ਰਸਾਰਣ ਨਾਲ ਇਸ਼ਿਤਹਾਰ ਚਲਾ ਕੇ ਕਮਾਈ ਦਾ ਅਧਿਕਾਰ ਕਿਸ ਮਤੇ ਤਹਿਤ ਦਿੱਤਾ ਗਿਆ ?'

ਅੰਮ੍ਰਿਤਸਰ: ਸ੍ਰੀ ਦਰਬਾਰ ਸਾਹਿਬ ਤੋਂ ਗੁਰਬਾਣੀ ਕੀਰਤਨ ਦੇ ਟੈਲੀਕਾਸਟ ਨੂੰ ਲੈ ਕੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ (ਐਸਜੀਪੀਸੀ), ਪੀਟੀਸੀ ਅਤੇ ਜੀਟੀਸੀ ਟੈਲੀਵਿਜ਼ਨ ਵਿਚਕਾਰ ਚੱਲ ਰਿਹਾ ਵਿਵਾਦ ਹੁਣ ਹੋਰ ਭਖਦਾ ਦਿਖਾਈ ਦੇ ਰਿਹਾ ਹੈ। ਜੀਟੀਸੀ ਟੈਲੀਵਿਜ਼ਨ ਦੇ ਮਾਲਕ ਰਵਿੰਦਰ ਨਰਾਇਣ ਨੇ ਆਪਣੇ ਤਾਜ਼ਾ ਬਿਆਨ ਵਿੱਚ ਐਸਜੀਪੀਸੀ ਵੱਲੋਂ ਕੀਤੀਆਂ ਜਾ ਰਹੀਆਂ ਕਾਰਵਾਈਆਂ ਅਤੇ ਪੀਟੀਸੀ ਨੂੰ ਦਿੱਤੇ ਗਏ ਗੁਰਬਾਣੀ ਟੈਲੀਕਾਸਟ ਦੇ ਅਧਿਕਾਰਾਂ ਸਬੰਧੀ ਕਈ ਗੰਭੀਰ ਸਵਾਲ ਉਠਾਏ ਹਨ।

ਰਵਿੰਦਰ ਨਰਾਇਣ ਨੇ ਕਿਹਾ ਕਿ ਉਨ੍ਹਾਂ ਨੂੰ ਆਪਣੀ ਟੀਮ ਰਾਹੀਂ ਜਾਣਕਾਰੀ ਮਿਲੀ ਹੈ ਕਿ ਐਸਜੀਪੀਸੀ ਵੱਲੋਂ ਉਨ੍ਹਾਂ ਖ਼ਿਲਾਫ਼ ਵੱਖ-ਵੱਖ ਥਾਵਾਂ 'ਤੇ ਪੁਲਿਸ ਕੋਲ ਸ਼ਿਕਾਇਤਾਂ ਕੀਤੀਆਂ ਗਈਆਂ ਹਨ। ਉਨ੍ਹਾਂ ਕਿਹਾ ਕਿ ਉਹ ਐਸਜੀਪੀਸੀ ਜਾਂ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਵੱਲੋਂ ਕੀਤੇ ਕਿਸੇ ਵੀ ਸੁਝਾਅ ਜਾਂ ਹਦਾਇਤ ਨੂੰ ਨਿਮਰਤਾ ਨਾਲ ਸੁਣਨ ਲਈ ਤਿਆਰ ਹਨ। ਉਨ੍ਹਾਂ ਕਿਹਾ ਕਿ ਜਥੇਦਾਰ ਸਾਹਿਬ ਵੱਲੋਂ ਗੁਰਬਾਣੀ ਦੇ ਟੈਲੀਕਾਸਟ ਨੂੰ ਸਿੱਖ ਮਰਿਆਦਾ ਅਨੁਸਾਰ ਅਤੇ ਐਸਜੀਪੀਸੀ ਰਾਹੀਂ ਕਰਵਾਏ ਜਾਣ ਦੀ ਗੱਲ ਆਖੀ ਗਈ ਹੈ, ਜਿਸ ਨਾਲ ਉਨ੍ਹਾਂ ਨੂੰ ਕੋਈ ਇਤਰਾਜ਼ ਨਹੀਂ।

ਰਵਿੰਦਰ ਨਰਾਇਣ ਨੇ ਕਿਹਾ ਕਿ ਉਨ੍ਹਾਂ ਵੱਲੋਂ ਉਠਾਏ ਜਾ ਰਹੇ ਸਵਾਲਾਂ ਦਾ ਮਕਸਦ ਕਿਸੇ ਧਾਰਮਿਕ ਸੰਸਥਾ ਨਾਲ ਟਕਰਾਅ ਪੈਦਾ ਕਰਨਾ ਨਹੀਂ, ਸਗੋਂ ਕੁਝ ਅਜਿਹੇ ਤੱਥ ਕੌਮ ਅਤੇ ਸਬੰਧਤ ਅਧਿਕਾਰੀਆਂ ਦੇ ਸਾਹਮਣੇ ਰੱਖਣਾ ਹੈ ਜੋ ਉਨ੍ਹਾਂ ਅਨੁਸਾਰ ਸ਼ਾਇਦ ਪੂਰੀ ਤਰ੍ਹਾਂ ਧਿਆਨ ਵਿੱਚ ਨਹੀਂ ਲਿਆਂਦੇ ਗਏ।

ਡੀਡੀ ਫਰੀ ਡਿਸ਼ ਅਤੇ ਓਟੀਟੀ 'ਤੇ ਗੁਰਬਾਣੀ ਪਹੁੰਚਾਉਣ ਦਾ ਕੀਤਾ ਦਾਅਵਾ

ਰਵਿੰਦਰ ਨਰਾਇਣ ਨੇ ਕਿਹਾ ਕਿ ਡੀਡੀ ਫਰੀ ਡਿਸ਼ ਦੇ ਦਰਸ਼ਕਾਂ ਤੱਕ ਪਹਿਲਾਂ ਗੁਰਬਾਣੀ ਦਾ ਪ੍ਰਸਾਰਣ ਨਹੀਂ ਪਹੁੰਚ ਰਿਹਾ ਸੀ ਅਤੇ ਜੀਟੀਸੀ ਪੰਜਾਬੀ ਵੱਲੋਂ ਟੈਲੀਕਾਸਟ ਸ਼ੁਰੂ ਕੀਤੇ ਜਾਣ ਤੋਂ ਬਾਅਦ ਇਹ ਸੇਵਾ ਉੱਥੇ ਪਹੁੰਚੀ। ਉਨ੍ਹਾਂ ਇਹ ਵੀ ਦਾਅਵਾ ਕੀਤਾ ਕਿ ਵੱਖ-ਵੱਖ ਓਟੀਟੀ ਅਤੇ ਡਿਜੀਟਲ ਪਲੇਟਫਾਰਮਾਂ 'ਤੇ ਵੀ ਗੁਰਬਾਣੀ ਦੀ ਪਹੁੰਚ ਵਧੀ ਹੈ।

ਉਨ੍ਹਾਂ ਕਿਹਾ ਕਿ ਉਨ੍ਹਾਂ ਦਾ ਮਕਸਦ ਉਨ੍ਹਾਂ ਦਰਸ਼ਕਾਂ ਤੱਕ ਗੁਰਬਾਣੀ ਪਹੁੰਚਾਉਣਾ ਹੈ, ਜਿਨ੍ਹਾਂ ਤੱਕ ਪਹਿਲਾਂ ਇਹ ਸਹੂਲਤ ਨਹੀਂ ਸੀ ਪਹੁੰਚ ਰਹੀ। ਉਨ੍ਹਾਂ ਕਿਹਾ ਕਿ ਇਹ ਯਤਨ ਕਿਸੇ ਵਪਾਰਕ ਲਾਭ ਲਈ ਨਹੀਂ, ਸਗੋਂ ਗੁਰਬਾਣੀ ਦੀ ਸੇਵਾ ਵਜੋਂ ਕੀਤਾ ਜਾ ਰਿਹਾ ਹੈ।

ਪੀਟੀਸੀ ਦੇ ਅਧਿਕਾਰਾਂ 'ਤੇ ਸਭ ਤੋਂ ਵੱਡਾ ਸਵਾਲ

ਰਵਿੰਦਰ ਨਰਾਇਣ ਨੇ ਕਿਹਾ ਕਿ ਜੇਕਰ ਐਸਜੀਪੀਸੀ ਵੱਲੋਂ ਇਹ ਕਿਹਾ ਜਾ ਰਿਹਾ ਹੈ ਕਿ ਗੁਰਬਾਣੀ ਟੈਲੀਕਾਸਟ ਦੀ ਸਮੁੱਚੀ ਮੈਨੇਜਮੈਂਟ ਪੀਟੀਸੀ ਨੂੰ ਦਿੱਤੀ ਹੋਈ ਹੈ ਤਾਂ ਇਹ ਸਪੱਸ਼ਟ ਹੋਣਾ ਚਾਹੀਦਾ ਹੈ ਕਿ ਪੀਟੀਸੀ ਨੂੰ ਕਿਹੜੇ-ਕਿਹੜੇ ਅਧਿਕਾਰ ਦਿੱਤੇ ਗਏ ਹਨ।

ਉਨ੍ਹਾਂ ਖ਼ਾਸ ਤੌਰ 'ਤੇ ਸਵਾਲ ਕੀਤਾ ਕਿ ਪੀਟੀਸੀ ਨੂੰ ਸਿਰਫ਼ ਸੈਟੇਲਾਈਟ ਟੈਲੀਕਾਸਟ ਦੇ ਅਧਿਕਾਰ ਦਿੱਤੇ ਗਏ ਸਨ ਜਾਂ ਯੂਟਿਊਬ, ਵੈੱਬਸਾਈਟ ਅਤੇ ਹੋਰ ਡਿਜੀਟਲ ਪਲੇਟਫਾਰਮਾਂ 'ਤੇ ਗੁਰਬਾਣੀ ਦੇ ਪ੍ਰਸਾਰਣ ਦੇ ਅਧਿਕਾਰ ਵੀ ਦਿੱਤੇ ਗਏ ਹਨ।

ਉਨ੍ਹਾਂ ਕਿਹਾ ਕਿ ਜੇਕਰ ਡਿਜੀਟਲ ਅਧਿਕਾਰ ਵੀ ਦਿੱਤੇ ਗਏ ਹਨ ਤਾਂ ਇਹ ਦੱਸਿਆ ਜਾਣਾ ਚਾਹੀਦਾ ਹੈ ਕਿ ਇਹ ਅਧਿਕਾਰ ਕਿਸ ਮਤੇ ਜਾਂ ਫ਼ੈਸਲੇ ਤਹਿਤ ਦਿੱਤੇ ਗਏ।

'ਗੁਰਬਾਣੀ ਦੇ ਪ੍ਰਸਾਰਣ ਨਾਲ ਇਸ਼ਿਤਹਾਰ ਕਿਉਂ ?'

ਰਵਿੰਦਰ ਨਰਾਇਣ ਨੇ ਆਪਣੇ ਬਿਆਨ ਵਿੱਚ ਪੀਟੀਸੀ ਦੇ ਯੂਟਿਊਬ ਚੈਨਲ ਅਤੇ ਵੈੱਬਸਾਈਟ 'ਤੇ ਗੁਰਬਾਣੀ ਦੇ ਪ੍ਰਸਾਰਣ ਦੌਰਾਨ ਇਸ਼ਿਤਹਾਰ ਚੱਲਣ ਦਾ ਦਾਅਵਾ ਕਰਦਿਆਂ ਇਸ 'ਤੇ ਵੀ ਸਵਾਲ ਚੁੱਕੇ।

ਉਨ੍ਹਾਂ ਕਿਹਾ ਕਿ ਉਨ੍ਹਾਂ ਨੇ ਆਪਣੀ ਟੀਮ ਵੱਲੋਂ ਕੀਤੀ ਗਈ ਰਿਕਾਰਡਿੰਗ ਦੇ ਆਧਾਰ 'ਤੇ ਦੇਖਿਆ ਹੈ ਕਿ ਗੁਰਬਾਣੀ ਦੇ ਪ੍ਰਸਾਰਣ ਤੋਂ ਪਹਿਲਾਂ ਅਤੇ ਪ੍ਰਸਾਰਣ ਦੌਰਾਨ ਇਸ਼ਿਤਹਾਰ ਚੱਲ ਰਹੇ ਹਨ। ਉਨ੍ਹਾਂ ਕਿਹਾ ਕਿ ਜੇਕਰ ਗੁਰਬਾਣੀ ਦੇ ਟੈਲੀਕਾਸਟ ਦੇ ਅਧਿਕਾਰਾਂ ਦੀ ਵਰਤੋਂ ਡਿਜੀਟਲ ਪਲੇਟਫਾਰਮਾਂ 'ਤੇ ਇਸ਼ਿਤਹਾਰਾਂ ਰਾਹੀਂ ਆਮਦਨ ਹਾਸਲ ਕਰਨ ਲਈ ਕੀਤੀ ਜਾ ਰਹੀ ਹੈ ਤਾਂ ਇਸ ਬਾਰੇ ਐਸਜੀਪੀਸੀ ਨੂੰ ਸਥਿਤੀ ਸਪੱਸ਼ਟ ਕਰਨੀ ਚਾਹੀਦੀ ਹੈ।

ਉਨ੍ਹਾਂ ਕਿਹਾ ਕਿ ਜੇਕਰ ਜੀਟੀਸੀ ਵੱਲੋਂ ਗੁਰਬਾਣੀ ਦੇ ਪ੍ਰਸਾਰਣ ਸਬੰਧੀ ਕੋਈ ਨਿਯਮ ਜਾਂ ਮਰਿਆਦਾ ਲਾਗੂ ਹੁੰਦੀ ਹੈ ਤਾਂ ਉਹੀ ਨਿਯਮ ਪੀਟੀਸੀ ਸਮੇਤ ਸਾਰੀਆਂ ਸੰਸਥਾਵਾਂ 'ਤੇ ਬਰਾਬਰ ਲਾਗੂ ਹੋਣਾ ਚਾਹੀਦਾ ਹੈ।

'ਕਾਨੂੰਨ ਅਤੇ ਮਰਿਆਦਾ ਸਭ ਲਈ ਇੱਕੋ ਜਿਹੀ ਹੋਵੇ'

ਰਵਿੰਦਰ ਨਰਾਇਣ ਨੇ ਕਿਹਾ ਕਿ ਉਨ੍ਹਾਂ ਦਾ ਸਵਾਲ ਕਿਸੇ ਇੱਕ ਟੈਲੀਵਿਜ਼ਨ ਚੈਨਲ ਵਿਰੁੱਧ ਨਹੀਂ, ਸਗੋਂ ਸਿਧਾਂਤ ਦਾ ਹੈ। ਉਨ੍ਹਾਂ ਕਿਹਾ ਕਿ ਜੇਕਰ ਗੁਰਬਾਣੀ ਦੇ ਟੈਲੀਕਾਸਟ ਸਬੰਧੀ ਕੋਈ ਮਰਿਆਦਾ ਜਾਂ ਨਿਯਮ ਤੈਅ ਕੀਤਾ ਜਾਂਦਾ ਹੈ ਤਾਂ ਉਹ ਸਾਰਿਆਂ ਲਈ ਇੱਕੋ ਜਿਹਾ ਹੋਣਾ ਚਾਹੀਦਾ ਹੈ।




ਉਨ੍ਹਾਂ ਐਸਜੀਪੀਸੀ ਨੂੰ ਅਪੀਲ ਕੀਤੀ ਕਿ ਪੀਟੀਸੀ ਨੂੰ ਦਿੱਤੇ ਗਏ ਅਧਿਕਾਰਾਂ, ਖ਼ਾਸ ਕਰਕੇ ਡਿਜੀਟਲ ਅਤੇ ਯੂਟਿਊਬ ਅਧਿਕਾਰਾਂ ਬਾਰੇ ਕੌਮ ਦੇ ਸਾਹਮਣੇ ਸਪੱਸ਼ਟ ਜਾਣਕਾਰੀ ਰੱਖੀ ਜਾਵੇ।

'ਪੁਲਿਸ ਸ਼ਿਕਾਇਤਾਂ ਦਾ ਵੀ ਸਾਹਮਣਾ ਕਰਾਂਗੇ'

ਰਵਿੰਦਰ ਨਰਾਇਣ ਨੇ ਕਿਹਾ ਕਿ ਜੇਕਰ ਉਨ੍ਹਾਂ ਖ਼ਿਲਾਫ਼ ਪੁਲਿਸ ਕੋਲ ਸ਼ਿਕਾਇਤਾਂ ਕੀਤੀਆਂ ਗਈਆਂ ਹਨ ਤਾਂ ਉਹ ਇਸ ਦਾ ਸਾਹਮਣਾ ਕਰਨ ਲਈ ਤਿਆਰ ਹਨ। ਉਨ੍ਹਾਂ ਕਿਹਾ ਕਿ ਉਹ ਇਹ ਵੀ ਦੇਖਣਗੇ ਕਿ ਉਨ੍ਹਾਂ ਵੱਲੋਂ ਉਠਾਏ ਗਏ ਸਵਾਲਾਂ ਅਤੇ ਪੀਟੀਸੀ ਦੇ ਡਿਜੀਟਲ ਪ੍ਰਸਾਰਣ ਵਿੱਚ ਇਸ਼ਿਤਹਾਰਾਂ ਸਬੰਧੀ ਐਸਜੀਪੀਸੀ ਵੱਲੋਂ ਕੀ ਕਾਰਵਾਈ ਕੀਤੀ ਜਾਂਦੀ ਹੈ।

ਉਨ੍ਹਾਂ ਕਿਹਾ ਕਿ ਉਹ ਗੁਰਬਾਣੀ ਦੇ ਪ੍ਰਸਾਰਣ ਨੂੰ ਰੋਕਣ ਦੇ ਹੱਕ ਵਿੱਚ ਨਹੀਂ ਹਨ। ਉਨ੍ਹਾਂ ਦੀ ਮੰਗ ਸਿਰਫ਼ ਇਹ ਹੈ ਕਿ ਗੁਰਬਾਣੀ ਵੱਧ ਤੋਂ ਵੱਧ ਸੰਗਤ ਤੱਕ ਪਹੁੰਚਦੀ ਰਹੇ ਅਤੇ ਇਸ ਦੀ ਸੇਵਾ ਨੂੰ ਕਿਸੇ ਨਿੱਜੀ ਵਪਾਰਕ ਮੁਫ਼ਾਦ ਦਾ ਸਾਧਨ ਨਾ ਬਣਾਇਆ ਜਾਵੇ।

'ਜੋ ਮਿਸ਼ਨ ਐਸਜੀਪੀਸੀ ਅਤੇ ਅਕਾਲ ਤਖ਼ਤ ਦਾ ਹੈ, ਉਸੇ ਦੀ ਸੇਵਾ ਕਰ ਰਹੇ ਹਾਂ'

ਆਪਣੇ ਬਿਆਨ ਦੇ ਅੰਤ ਵਿੱਚ ਰਵਿੰਦਰ ਨਰਾਇਣ ਨੇ ਕਿਹਾ ਕਿ ਜੀਟੀਸੀ ਵੱਲੋਂ ਕੀਤੇ ਜਾ ਰਹੇ ਯਤਨਾਂ ਦਾ ਮਕਸਦ ਸੰਗਤ ਨੂੰ ਗੁਰਬਾਣੀ ਨਾਲ ਜੋੜਨਾ ਹੈ। ਉਨ੍ਹਾਂ ਕਿਹਾ ਕਿ ਡੀਡੀ ਫਰੀ ਡਿਸ਼, ਓਟੀਟੀ ਅਤੇ ਹੋਰ ਡਿਜੀਟਲ ਪਲੇਟਫਾਰਮਾਂ ਰਾਹੀਂ ਗੁਰਬਾਣੀ ਨੂੰ ਦੁਨੀਆ ਭਰ ਵਿੱਚ ਪਹੁੰਚਾਉਣਾ ਉਨ੍ਹਾਂ ਦੀ ਪਹਿਲ ਹੈ।

ਉਨ੍ਹਾਂ ਕਿਹਾ ਕਿ ਉਹ ਐਸਜੀਪੀਸੀ, ਸ੍ਰੀ ਅਕਾਲ ਤਖ਼ਤ ਸਾਹਿਬ ਅਤੇ ਸਿੱਖ ਕੌਮ ਦੀ ਸੇਵਾ ਦੇ ਮਕਸਦ ਨਾਲ ਹੀ ਕੰਮ ਕਰ ਰਹੇ ਹਨ ਅਤੇ ਉਨ੍ਹਾਂ ਦੀ ਇੱਛਾ ਹੈ ਕਿ ਗੁਰਬਾਣੀ ਦਾ ਪ੍ਰਸਾਰਣ ਵੱਧ ਤੋਂ ਵੱਧ ਲੋਕਾਂ ਤੱਕ ਪਹੁੰਚੇ। ਨਾਲ ਹੀ ਉਨ੍ਹਾਂ ਜ਼ੋਰ ਦਿੱਤਾ ਕਿ ਗੁਰਬਾਣੀ ਦੇ ਟੈਲੀਕਾਸਟ ਨਾਲ ਸਬੰਧਤ ਅਧਿਕਾਰਾਂ ਅਤੇ ਉਨ੍ਹਾਂ ਦੀ ਵਰਤੋਂ ਬਾਰੇ ਪੂਰੀ ਪਾਰਦਰਸ਼ਤਾ ਹੋਣੀ ਚਾਹੀਦੀ ਹੈ।

ਬਾਕਸ ਖ਼ਬਰ

'ਪੀਟੀਸੀ ਨੂੰ ਡਿਜੀਟਲ ਅਧਿਕਾਰ ਕਿਸ ਮਤੇ ਤਹਿਤ ਮਿਲੇ ?'

ਰਵਿੰਦਰ ਨਰਾਇਣ ਦੇ ਮੁੱਖ ਸਵਾਲ

*ਪੀਟੀਸੀ ਨੂੰ ਗੁਰਬਾਣੀ ਦੇ ਟੈਲੀਕਾਸਟ ਲਈ ਕਿਹੜੇ-ਕਿਹੜੇ ਅਧਿਕਾਰ ਦਿੱਤੇ ਗਏ ਹਨ ?

* ਕੀ ਇਹ ਅਧਿਕਾਰ ਸਿਰਫ਼ ਸੈਟੇਲਾਈਟ ਟੈਲੀਕਾਸਟ ਤੱਕ ਸੀਮਤ ਹਨ ਜਾਂ ਯੂਟਿਊਬ ਅਤੇ ਹੋਰ ਡਿਜੀਟਲ ਪਲੇਟਫਾਰਮ ਵੀ ਇਸ ਵਿੱਚ ਸ਼ਾਮਲ ਹਨ ?

* ਡਿਜੀਟਲ ਅਧਿਕਾਰ ਕਿਸ ਮਤੇ ਜਾਂ ਫ਼ੈਸਲੇ ਤਹਿਤ ਦਿੱਤੇ ਗਏ ?

* ਗੁਰਬਾਣੀ ਦੇ ਪ੍ਰਸਾਰਣ ਦੌਰਾਨ ਡਿਜੀਟਲ ਪਲੇਟਫਾਰਮਾਂ 'ਤੇ ਇਸ਼ਿਤਹਾਰ ਚਲਾਉਣ ਦੀ ਇਜਾਜ਼ਤ ਕਿਸ ਤਹਿਤ ਹੈ ?

* ਜੇਕਰ ਗੁਰਬਾਣੀ ਟੈਲੀਕਾਸਟ ਸਬੰਧੀ ਮਰਿਆਦਾ ਲਾਗੂ ਹੈ ਤਾਂ ਕੀ ਉਹ ਸਾਰੀਆਂ ਸੰਸਥਾਵਾਂ 'ਤੇ ਬਰਾਬਰ ਲਾਗੂ ਹੋਵੇਗੀ ?

* ਡੀਡੀ ਫਰੀ ਡਿਸ਼ ਅਤੇ ਓਟੀਟੀ ਪਲੇਟਫਾਰਮਾਂ 'ਤੇ ਗੁਰਬਾਣੀ ਦੀ ਵੱਧ ਤੋਂ ਵੱਧ ਪਹੁੰਚ ਯਕੀਨੀ ਬਣਾਉਣ ਲਈ ਕੀ ਨੀਤੀ ਹੋਵੇਗੀ ?

ਰਵਿੰਦਰ ਨਰਾਇਣ ਦਾ ਕਹਿਣਾ ਹੈ ਕਿ ਗੁਰਬਾਣੀ ਦੀ ਸੇਵਾ ਕਿਸੇ ਨਿੱਜੀ ਵਪਾਰਕ ਮੁਫ਼ਾਦ ਲਈ ਨਹੀਂ, ਸਗੋਂ ਵੱਧ ਤੋਂ ਵੱਧ ਸੰਗਤ ਤੱਕ ਬਾਣੀ ਪਹੁੰਚਾਉਣ ਦੇ ਮਕਸਦ ਨਾਲ ਹੋਣੀ ਚਾਹੀਦੀ ਹੈ।

### ਰਾਜਿਆਣਾ ’ਚ ‘ਵਾਰਿਸ ਪੰਜਾਬ ਦੇ’ ਦੀ ਸਿਆਸੀ ਸਰਗਰਮੀ ਤੇਜ਼

# ਪੁਨਰ ਸੁਰਜੀਤ ਅਕਾਲੀ ਦਲ ਦੇ ਆਗੂ ’ਤੇ ਸੈਂਕੜੇ ਵਰਕਰ ਜਥੇਬੰਦੀ ’ਚ ਸ਼ਾਮਲ





ਬਾਘਾ ਪੁਰਾਣਾ, 8 ਅਗਸਤ 2026 ਆਵਾਜਿ ਕੌਮ ਬਿਉਰੋ ਰਿਪੋਰਟ – (ਰਾਜਿੰਦਰ ਸਿੰਘ ਕੋਟਲਾ, ਗੁਰਪ੍ਰੀਤ ਸਿੰਘ)– ਇੱਥੋਂ ਥੋੜੀ ਦੂਰੀ ’ਤੇ ਸਥਿਤ ਪਿੰਡ ਰਾਜਿਆਣਾ ਵਿਖੇ ਮਿੱਤਲ ਪੈਲਸ ਵਿਚ ਅੱਜ ‘ਅਕਾਲੀ ਦਲ ਪੁਨਰ ਸੁਰਜੀਤ’ ਨਾਲ ਸਬੰਧਤ ਕਈ ਮੋਹਰੀ ਆਗੂਆਂ ਅਤੇ ਸੈਂਕੜੇ ਵਰਕਰਾਂ ਵੱਲੋਂ ਇੱਕ ਵੱਡਾ ਸਿਆਸੀ ਸਮਾਗਮ ਕੀਤਾ ਗਿਆ। ਸਮਾਗਮ ਦਾ ਮੁੱਖ ਮਕਸਦ ਪੁਨਰ ਸੁਰਜੀਤ ਅਕਾਲੀ ਦਲ ਨਾਲ ਜੁੜੇ ਆਗੂਆਂ ਅਤੇ ਵਰਕਰਾਂ ਦਾ ‘ਵਾਰਿਸ ਪੰਜਾਬ ਦੇ’ ਜਥੇਬੰਦੀ ਵਿੱਚ ਸ਼ਾਮਲ ਹੋਣਾ ਸੀ। ਇਸ ਮੌਕੇ ਹਲਕੇ ਭਰ ਤੋਂ ਵੱਡੀ ਗਿਣਤੀ ਵਿੱਚ ਲੋਕਾਂ ਨੇ ਸ਼ਮੂਲੀਅਤ ਕੀਤੀ। ਮਿੱਤਲ ਪੈਲਸ ਵਿੱਚ ਕਰਵਾਏ ਗਏ ਇਸ ਸਮਾਗਮ ਦੌਰਾਨ ਸਾਬਕਾ ਵਿਧਾਇਕ ਮਰਹੂਮ ਸਾਧੂ ਸਿੰਘ ਰਾਜਿਆਣਾ ਦੇ ਪਰਿਵਾਰ ਦੇ ਮੁਖੀ ਜਗਤਾਰ ਸਿੰਘ ਰਾਜਿਆਣਾ, ਗੁਰਜੰਟ ਸਿੰਘ ਭੁੱਟੋ ਰੋਡੇ, ਬਲਤੇਜ ਸਿੰਘ ਲੰਗਿਆਣਾ, ਜਸਮੇਲ ਸਿੰਘ ਗੋਰਾ ਰਾਜਿਆਣਾ, ਸਮੇਤ ਕਈ ਹੋਰ ਆਗੂਆਂ ਨੇ ‘ਵਾਰਿਸ ਪੰਜਾਬ ਦੇ’ ਜਥੇਬੰਦੀ ਵਿੱਚ ਸ਼ਾਮਲ ਹੋਣ ਦਾ ਐਲਾਨ ਕੀਤਾ। ਇਸ ਮੌਕੇ ਜਥੇਬੰਦੀ ਦੇ ਆਗੂਆਂ ਵੱਲੋਂ ਨਵੇਂ ਸ਼ਾਮਲ ਹੋਏ ਆਗੂਆਂ ਅਤੇ ਵਰਕਰਾਂ ਦਾ ਸਵਾਗਤ ਕਰਦਿਆਂ ਉਨ੍ਹਾਂ ਨੂੰ ਜਥੇਬੰਦੀ ਦੀਆਂ ਗਤੀਵਿਧੀਆਂ ਨੂੰ ਮਜ਼ਬੂਤ ਕਰਨ ਲਈ ਸਰਗਰਮ ਭੂਮਿਕਾ ਨਿਭਾਉਣ ਦੀ ਅਪੀਲ ਕੀਤੀ ਗਈ। ਸਮਾਗਮ ਵਿੱਚ ਭਾਈ ਅੰਮ੍ਰਿਤਪਾਲ ਸਿੰਘ ਖਾਲਸਾ ਦੇ ਪਿਤਾ ਬਾਪੂ ਤਰਸੇਮ ਸਿੰਘ, ਸੰਸਦ ਮੈਂਬਰ ਭਾਈ ਸਰਬਜੀਤ ਸਿੰਘ ਖਾਲਸਾ ਸਪੁੱਤਰ ਸ਼ਹੀਦ ਭਾਈ ਬੇਅੰਤ ਸਿੰਘ ਮਲੋਆ, ਵਿਧਾਇਕ ਮਨਪ੍ਰੀਤ ਸਿੰਘ ਇਆਲੀ,ਪਰਧਾਨ ਦਲੇਰ ਸਿੰਘ ਡੋਡ ਅਤੇ ਭਾਈ ਮਨਦੀਪ ਸਿੱਧੂ ਸਮੇਤ ਹੋਰ ਸੀਨੀਅਰ ਆਗੂ ਵਿਸ਼ੇਸ਼ ਤੌਰ ’ਤੇ ਹਾਜ਼ਰ ਸਨ। ਆਗੂਆਂ ਨੇ ਨਵੇਂ ਸ਼ਾਮਲ ਹੋਏ ਆਗੂਆਂ ਅਤੇ ਵਰਕਰਾਂ ਨਾਲ ਮੁਲਾਕਾਤ ਕਰਕੇ ਉਨ੍ਹਾਂ ਦਾ ਸਵਾਗਤ ਕੀਤਾ ਅਤੇ ਆਉਣ ਵਾਲੇ ਸਮੇਂ ਵਿੱਚ ਜਥੇਬੰਦੀ ਨੂੰ ਹੋਰ ਮਜ਼ਬੂਤ ਕਰਨ ਲਈ ਸਾਂਝੇ ਤੌਰ ’ਤੇ ਕੰਮ ਕਰਨ ਦੀ ਗੱਲ ਕਹੀ। ਸਮਾਗਮ ਨੂੰ ਸੰਬੋਧਨ ਕਰਦਿਆਂ ਵਿਧਾਇਕ ਮਨਪ੍ਰੀਤ ਸਿੰਘ ਇਆਲੀ ਅਤੇ ਹੋਰ ਬੁਲਾਰਿਆਂ ਨੇ ਪੰਜਾਬ ਦੀ ਮੌਜੂਦਾ ਸਿਆਸੀ, ਸਮਾਜਿਕ ਅਤੇ ਆਰਥਿਕ ਸਥਿਤੀ ਬਾਰੇ ਆਪਣੇ ਵਿਚਾਰ ਸਾਂਝੇ ਕੀਤੇ। ਉਨ੍ਹਾਂ ਕਾਂਗਰਸ, ਭਾਜਪਾ ਅਤੇ ਆਮ ਆਦਮੀ ਪਾਰਟੀ ਦੀਆਂ ਨੀਤੀਆਂ ਦੀ ਆਲੋਚਨਾ ਕਰਦਿਆਂ ਕਿਹਾ ਕਿ ਪੰਜਾਬ ਅੱਜ ਵੀ ਬੇਰੁਜ਼ਗਾਰੀ, ਨਸ਼ਿਆਂ, ਕਿਸਾਨੀ, ਆਰਥਿਕ ਮੁਸ਼ਕਲਾਂ ਅਤੇ ਹੋਰ ਕਈ ਗੰਭੀਰ ਸਮੱਸਿਆਵਾਂ ਦਾ ਸਾਹਮਣਾ ਕਰ ਰਿਹਾ ਹੈ ਅਤੇ ਇਨ੍ਹਾਂ ਦਾ ਢੁਕਵਾਂ ਹੱਲ ਕਰਨ ਦੀ ਲੋੜ ਹੈ। ਇਸ ਮੌਕੇ ਇਆਲੀ ਨੇ ਸ਼੍ਰੋਮਣੀ ਅਕਾਲੀ ਦਲ ’ਤੇ ਵੀ ਨਿਸ਼ਾਨਾ ਸੇਧਦਿਆਂ ਕਿਹਾ ਕਿ ਸੱਤਾ ਵਿੱਚ ਆਉਣ ਤੋਂ ਪਹਿਲਾਂ ਪਾਰਟੀ ਵੱਲੋਂ ਪੰਜਾਬ ਦੇ ਲੋਕਾਂ ਨਾਲ ਕਈ ਵਾਅਦੇ ਕੀਤੇ ਗਏ ਸਨ, ਪਰ ਉਨ੍ਹਾਂ ਵਿੱਚੋਂ ਕਈ ਮੁੱਦਿਆਂ ਦਾ ਹੱਲ ਨਹੀਂ ਹੋ ਸਕਿਆ। ਉਨ੍ਹਾਂ ਸੁਖਬੀਰ ਸਿੰਘ ਬਾਦਲ ਵੱਲੋਂ ਭਾਜਪਾ ਨਾਲ ਮੁੜ ਸਿਆਸੀ ਨੇੜਤਾ ਬਣਾਉਣ ਦੀਆਂ ਕੀਤੀਆਂ ਜਾ ਰਹੀਆਂ ਕੋਸ਼ਿਸ਼ਾਂ ’ਤੇ ਵੀ ਸਵਾਲ ਉਠਾਏ। ਬੁਲਾਰਿਆਂ ਨੇ ਕਿਸਾਨ ਅੰਦੋਲਨ ਦਾ ਜ਼ਿਕਰ ਕਰਦਿਆਂ ਕੇਂਦਰ ਸਰਕਾਰ ਦੀਆਂ ਨੀਤੀਆਂ ਦੀ ਆਲੋਚਨਾ ਕੀਤੀ। ਇਸ ਦੇ ਨਾਲ ਹੀ ਮਨੁੱਖੀ ਅਧਿਕਾਰ ਆਗੂ ਸ਼ਹੀਦ ਭਾਈ ਜਸਵੰਤ ਸਿੰਘ ਖਾਲੜਾ ਦੇ ਮਾਮਲੇ ਦਾ ਜ਼ਿਕਰ ਕਰਦਿਆਂ ਪੰਜਾਬ ਵਿੱਚ ਮਨੁੱਖੀ ਅਧਿਕਾਰਾਂ ਨਾਲ ਸਬੰਧਤ ਮੁੱਦਿਆਂ ਨੂੰ ਵੀ ਉਭਾਰਿਆ ਗਿਆ। ਭਾਰਤ ਅਤੇ ਅਮਰੀਕਾ ਦਰਮਿਆਨ ਹੋ ਰਹੇ ਵਪਾਰਕ ਸਮਝੌਤਿਆਂ ਬਾਰੇ ਵੀ ਬੁਲਾਰਿਆਂ ਨੇ ਆਪਣੇ ਵਿਚਾਰ ਪ੍ਰਗਟ ਕੀਤੇ। ਸਮਾਗਮ ਦੌਰਾਨ ਮੰਚ ਤੋਂ ਹਲਕਾ ਬਾਘਾ ਪੁਰਾਣਾ ਤੋਂ ਭਾਈ ਕੁਲਵੰਤ ਸਿੰਘ ਰਾਊਕੇ ਨੂੰ ‘ਵਾਰਿਸ ਪੰਜਾਬ ਦੇ’ ਦਾ ਉਮੀਦਵਾਰ ਬਣਾਉਣ ਦੀ ਮੰਗ ਵਾਰ-ਵਾਰ ਉੱਠਦੀ ਰਹੀ। ਮੰਚ ’ਤੇ ਮੌਜੂਦ ਸੀਨੀਅਰ ਆਗੂਆਂ ਨੇ ਕਿਹਾ ਕਿ ਹਲਕੇ ਦੇ ਲੋਕਾਂ ਵੱਲੋਂ ਭਾਈ ਰਾਊਕੇ ਦੀ ਉਮੀਦਵਾਰੀ ਸਬੰਧੀ ਦਿਖਾਏ ਜਾ ਰਹੇ ਉਤਸ਼ਾਹ ਨੂੰ ਧਿਆਨ ਵਿੱਚ ਰੱਖਿਆ ਜਾਵੇਗਾ। ਹਾਲਾਂਕਿ ਉਨ੍ਹਾਂ ਸਪੱਸ਼ਟ ਕੀਤਾ ਕਿ ਉਮੀਦਵਾਰੀ ਬਾਰੇ ਅੰਤਿਮ ਫ਼ੈਸਲਾ ਪਾਰਟੀ ਦੇ ਪਾਰਲੀਮੈਂਟਰੀ ਬੋਰਡ ਵੱਲੋਂ ਹੀ ਕੀਤਾ ਜਾਵੇਗਾ। ਆਗੂਆਂ ਨੇ ਕਿਹਾ ਕਿ ਵੱਖ-ਵੱਖ ਵਰਗਾਂ ਦੇ ਲੋਕਾਂ ਦਾ ਜਥੇਬੰਦੀ ਨਾਲ ਜੁੜਨਾ ਪੰਜਾਬ ਵਿੱਚ ਨਵੀਂ ਸਿਆਸੀ ਲਾਮਬੰਦੀ ਦਾ ਸੰਕੇਤ ਹੈ। ਉਨ੍ਹਾਂ ਕਿਹਾ ਕਿ ਆਉਣ ਵਾਲੇ ਸਮੇਂ ਵਿੱਚ ਪੰਜਾਬ ਦੇ ਲੋਕਾਂ ਨਾਲ ਜੁੜੇ ਮੁੱਦਿਆਂ ਨੂੰ ਹੋਰ ਜ਼ੋਰਦਾਰ ਢੰਗ ਨਾਲ ਉਠਾਇਆ ਜਾਵੇਗਾ। ਇਸ ਸਮਾਗਮ ਵਿੱਚ ਹਲਕਾ ਬਾਘਾ ਪੁਰਾਣਾ ਦੇ ਵੱਖ-ਵੱਖ ਪਿੰਡਾਂ ਤੋਂ ਆਏ ਲੋਕਾਂ ਨੇ ਵੱਡੀ ਗਿਣਤੀ ਵਿੱਚ ਸ਼ਮੂਲੀਅਤ ਕੀਤੀ।ਇਸ ਮੌਕੇ ਜਸਵਿੰਦਰ ਸਿੰਘ ਸਿੱਧੂ,ਭਾਈ ਰਸ਼ਪਾਲ ਸਿੰਘ ਸੋਚਣ, ਹਲਕਾ ਇਨਚਾਰਜ ਮੋਗਾ,ਭਾਈ ਮਹਾਂ ਸਿੰਘ ਰਾਉਕੇ ਭਰਾਤਾ ਭਾਈ ਕੁਲਵੰਤ ਸਿੰਘ ਰਾਉਕੇ ਨਜਰਬੰਦ ਕੇਂਦਰੀ ਜੇਲ ਬਠਿੰਡਾ,ਬੇਅਦਬੀ ਦੇ ਮੁੱਖ ਅਗਵਾਹ ਭਾਈ ਗੁਰਸੇਵਕ ਸਿੰਘ ਮੱਲਕੇ,ਭਾਈ ਜਸਵਿੰਦਰ ਸਿੰਘਸਾਹੋਕੇ,ਜਥੇਦਾਰ ਜਸਵੀਰ ਸਿੰਘ ਘੋਲੀਆ,ਭਾਈ ਰੁਪਿੰਦਰ ਸਿੰਘ ਪੰਜਗਰਾਂਈ,ਭਾਈ ਚੰਦ ਸਿੰਘ ਵੈਰੋਕੇ,ਦਰਸਨ ਸਿੰਘ ਮਾਣੂਕੇ, ਬਲਵਿੰਦਰ ਸਿੰਘ ਰੋਡੇ,ਗੁਰਸੇਵਕ ਸਿੰਘ ਕੋਟਲਾ,ਮਲਕੀਤ ਸਿੰਘ ਬਾਘਾਪੁਰਾਣਾ,ਰਾਜਿੰਦਰ ਸਿੰਘ ਖਾਲਸਾ, ਕਰਨ ਪਰੀਤ ਸਿੰਘ ਦੇ ਇਲਾਵਾ ਵਰਦੇ ਮੀਂਹ ਵਿੱਚ ਵੱਡੀ ਗਿਣਤੀ ਵਿਚ ਪਾਰਟੀ ਦੇ ਆਗੂ ਅਤੇ ਵਰਕਰਾਂ ਨੇ ਸਮੂਲੀਅਤ ਕਰਕੇ ਵਿਰੋਧੀ ਪਾਰਟੀਆਂ ਨੂੰ ਤ੍ਰੇਲੀਆ ਲਿਆ ਕੇ ਰੱਖ ਦਿੱਤੀਆਂ ਹਨ।

### ਭਾਈ ਕੁਲਵੰਤ ਸਿੰਘ ਰਾਊਕੇ ਨੂੰ ਬਾਘਾ ਪੁਰਾਣਾ ਹਲਕੇ ਤੋਂ ‘ਵਾਰਿਸ ਪੰਜਾਬ ਦੇ’ ਦਾ ਉਮੀਦਵਾਰ ਬਣਾਉਣ ਦੀ ਉੱਠੀ ਮੰਗ


ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ AWAZE QAUM International Newspaper & WEB TV

ਆਵਾਜ਼ਿ ਕੌਮ

ਵਿੱਚ ਵਿਸ਼ਵ ਪੱਧਰ ’ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :

+447458381111 +447976210161 +919729091243


# ਕੌਮੀ ਇਨਸਾਫ਼ ਮੋਰਚੇ ਦੇ 15 ਅਗਸਤ ਦੇ ਮਾਰਚ ਨੂੰ ਯੂਨਾਈਟਿਡ ਖਾਲਸਾ ਦਲ ਵੱਲੋਂ ਸਮਰਥਨ

## ਬੰਦੀ ਸਿੰਘਾਂ ਦੀ ਰਿਹਾਈ ਲਈ ਸਿੱਖ ਸੰਗਤਾਂ ਨੂੰ ਵੱਧ-ਚੜ੍ਹ ਕੇ ਮਾਰਚ ’ਚ ਸ਼ਾਮਲ ਹੋਣ ਦੀ ਅਪੀਲ



**ਲੰਡਨ - ਸਰਬਜੀਤ ਸਿੰਘ ਬਨੂੜ** - ਬੰਦੀ ਸਿੰਘਾਂ ਦੀ ਰਿਹਾਈ ਦੀ ਮੰਗ ਨੂੰ ਲੈ ਕੇ ਲੰਬੇ ਸਮੇਂ ਤੋਂ ਸੰਘਰਸ਼ ਕਰ ਰਹੇ ਕੌਮੀ ਇਨਸਾਫ਼ ਮੋਰਚੇ ਵੱਲੋਂ 15 ਅਗਸਤ ਨੂੰ ਕੀਤੇ ਜਾਣ ਵਾਲੇ ਮਾਰਚ ਨੂੰ ਯੂਨਾਈਟਿਡ ਖਾਲਸਾ ਦਲ ਯੂ.ਕੇ. ਨੇ ਸਮਰਥਨ ਦੇਣ ਦਾ ਐਲਾਨ ਕੀਤਾ ਹੈ। ਦਲ ਨੇ ਪੰਜਾਬ ਸਮੇਤ ਦੇਸ਼-ਵਿਦੇਸ਼ ਦੀਆਂ ਸਿੱਖ ਸੰਗਤਾਂ ਨੂੰ ਬੰਦੀ ਸਿੰਘਾਂ ਦੀ ਰਿਹਾਈ ਦੀ ਆਵਾਜ਼ ਬੁਲੰਦ ਕਰਨ ਲਈ ਮਾਰਚ ਵਿੱਚ ਵੱਧ-ਚੜ੍ਹ ਕੇ ਸ਼ਮੂਲੀਅਤ ਕਰਨ ਦੀ ਅਪੀਲ ਕੀਤੀ ਹੈ। ਯੂਨਾਈਟਿਡ ਖਾਲਸਾ ਦਲ ਯੂ.ਕੇ. ਦੇ ਪ੍ਰਧਾਨ ਭਾਈ ਨਿਰਮਲ ਸਿੰਘ ਸੰਧੂ ਅਤੇ ਜਨਰਲ ਸਕੱਤਰ ਭਾਈ ਲਵਸ਼ਿੰਦਰ ਸਿੰਘ ਡੱਲੇਵਾਲ ਨੇ ਜਾਰੀ ਸਾਂਝੇ ਬਿਆਨ ਵਿੱਚ ਕਿਹਾ ਕਿ ਭਾਈ ਜਗਤਾਰ ਸਿੰਘ ਹਵਾਰਾ, ਭਾਈ ਪਰਮਜੀਤ ਸਿੰਘ ਭਿਉਰਾ, ਭਾਈ ਬਲਵੰਤ ਸਿੰਘ ਰਾਜੋਆਣਾ, ਭਾਈ ਜਗਤਾਰ ਸਿੰਘ ਤਾਰਾ, ਭਾਈ ਰਮਨਦੀਪ ਸਿੰਘ ਬੱਗਾ ਅਤੇ ਭਾਈ ਹਰਦੀਪ ਸਿੰਘ ਸ਼ੇਰਾ ਸਮੇਤ ਲੰਬੇ ਸਮੇਂ ਤੋਂ ਜੇਲ੍ਹਾਂ ਵਿੱਚ ਬੰਦ ਸਿੱਖ ਕੈਦੀਆਂ ਦੀ ਰਿਹਾਈ ਲਈ ਕੌਮੀ ਇਨਸਾਫ਼ ਮੋਰਚਾ ਲਗਾਤਾਰ ਸੰਘਰਸ਼ ਕਰਦਾ ਆ ਰਿਹਾ ਹੈ। ਦਲ ਦੇ ਆਗੂਆਂ ਨੇ ਦੋਸ਼ ਲਾਇਆ ਕਿ ਸਰਕਾਰਾਂ ਵੱਲੋਂ ਮੋਰਚੇ ਦੇ ਸੰਚਾਲਕਾਂ ਅਤੇ ਸਮਰਥਕਾਂ ਦੀਆਂ ਮੰਗਾਂ ਨੂੰ ਲੰਬੇ ਸਮੇਂ ਤੋਂ ਅਣਗੌਲਿਆ ਕੀਤਾ ਜਾਂਦਾ ਰਿਹਾ ਹੈ। ਉਨ੍ਹਾਂ ਕਿਹਾ ਕਿ ਹੁਣ ਮੋਰਚੇ ਵੱਲੋਂ ਸੰਘਰਸ਼ ਨੂੰ ਹੋਰ ਤੇਜ਼ ਕਰਨ ਦੇ ਐਲਾਨ ਨਾਲ ਬੰਦੀ ਸਿੰਘਾਂ ਦੀ ਰਿਹਾਈ ਦਾ ਮਾਮਲਾ ਮੁੜ ਜ਼ੋਰਦਾਰ ਢੰਗ ਨਾਲ ਉੱਭਰਿਆ ਹੈ ਅਤੇ ਸਰਕਾਰ ਨੂੰ ਇਸ ਮਸਲੇ ਦੇ ਹੱਲ ਲਈ ਗੰਭੀਰਤਾ ਦਿਖਾਉਣੀ ਚਾਹੀਦੀ ਹੈ। ਭਾਈ ਨਿਰਮਲ ਸਿੰਘ ਸੰਧੂ ਅਤੇ ਭਾਈ ਲਵਸ਼ਿੰਦਰ ਸਿੰਘ ਡੱਲੇਵਾਲ ਨੇ ਕਿਹਾ ਕਿ ਲੰਬੀਆਂ ਸਜ਼ਾਵਾਂ ਭੁਗਤ ਚੁੱਕੇ ਬੰਦੀ ਸਿੰਘਾਂ ਦੀ ਰਿਹਾਈ ਸਿੱਖ ਕੌਮ ਦੀ ਲੰਬੇ ਸਮੇਂ ਤੋਂ ਚੱਲੀ ਆ ਰਹੀ ਮੰਗ ਹੈ। ਉਨ੍ਹਾਂ ਕਿਹਾ ਕਿ ਜਿਨ੍ਹਾਂ ਕੈਦੀਆਂ ਨੇ ਕਾਨੂੰਨ ਅਧੀਨ ਆਪਣੀਆਂ ਨਿਰਧਾਰਤ ਸਜ਼ਾਵਾਂ ਪੂਰੀਆਂ ਕਰ ਲਈਆਂ ਹਨ, ਉਨ੍ਹਾਂ ਦੇ ਮਾਮਲਿਆਂ ਦੀ ਨਿਰਪੱਖ ਸਮੀਖਿਆ ਕਰਕੇ ਰਿਹਾਈ ਦਾ ਰਾਹ ਪੱਧਰਾ ਕੀਤਾ ਜਾਣਾ ਚਾਹੀਦਾ ਹੈ। ਉਨ੍ਹਾਂ ਭਾਈ ਜਗਤਾਰ ਸਿੰਘ ਹਵਾਰਾ ਦਾ ਜ਼ਿਕਰ ਕਰਦਿਆਂ ਕਿਹਾ ਕਿ ਸਿੱਖ ਸੰਗਤ ਦੇ ਇਕ ਹਿੱਸੇ ਵੱਲੋਂ ਉਨ੍ਹਾਂ ਨੂੰ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਵਜੋਂ ਮਾਨਤਾ ਦਿੱਤੀ ਗਈ ਸੀ, ਪਰ ਇਸ ਦੇ ਬਾਵਜੂਦ ਉਨ੍ਹਾਂ ਦੇ ਮਾਮਲੇ ਵਿੱਚ ਕੋਈ ਰਾਹਤ ਨਹੀਂ ਦਿੱਤੀ ਗਈ। ਯੂਨਾਈਟਿਡ ਖਾਲਸਾ ਦਲ ਨੇ ਭਾਈ ਅੰਮ੍ਰਿਤਪਾਲ ਸਿੰਘ ਅਤੇ ਹੋਰ ਨਜ਼ਰਬੰਦ ਜਾਂ ਜੇਲ੍ਹਾਂ ਵਿੱਚ ਬੰਦ ਸਿੱਖ ਨੌਜਵਾਨਾਂ ਦੀ ਰਿਹਾਈ ਦੀ ਮੰਗ ਵੀ ਦੁਹਰਾਈ। ਜਥੇਬੰਦੀ ਨੇ ਦੋਸ਼ ਲਾਇਆ ਕਿ ਕੇਂਦਰ ਅਤੇ ਸੂਬਾਈ ਸਰਕਾਰਾਂ ਦੀਆਂ ਨੀਤੀਆਂ ਕਾਰਨ ਸਿੱਖਾਂ ਅਤੇ ਹੋਰ ਘੱਟ ਗਿਣਤੀ ਭਾਈਚਾਰਿਆਂ ਵਿੱਚ ਆਪਣੇ ਹੱਕਾਂ ਅਤੇ ਇਨਸਾਫ਼ ਨੂੰ ਲੈ ਕੇ ਬੇਚੈਨੀ ਬਣੀ ਹੋਈ ਹੈ। ਦਲ ਦੇ ਆਗੂਆਂ ਨੇ ਆਪਣੇ ਖਾਲਿਸਤਾਨ ਪੱਖੀ ਸਿਆਸੀ ਰੁਖ਼ ਨੂੰ ਦੁਹਰਾਉਂਦਿਆਂ ਕਿਹਾ ਕਿ ਉਨ੍ਹਾਂ ਦੀ ਜਥੇਬੰਦੀ ਸਿੱਖਾਂ ਦੀਆਂ ਧਾਰਮਿਕ, ਆਰਥਿਕ, ਸਮਾਜਿਕ ਅਤੇ ਰਾਜਨੀਤਕ ਸਮੱਸਿਆਵਾਂ ਦੇ ਸਥਾਈ ਹੱਲ ਲਈ ਵੱਖਰੇ ਖਾਲਿਸਤਾਨ ਦੀ ਸਥਾਪਨਾ ਨੂੰ ਆਪਣਾ ਸਿਆਸੀ ਨਿਸ਼ਾਨਾ ਮੰਨਦੀ ਹੈ। ਉਨ੍ਹਾਂ ਕਿਹਾ ਕਿ ਇਸ ਮਕਸਦ ਲਈ ਪਿਛਲੇ ਦਹਾਕਿਆਂ ਦੌਰਾਨ ਅਨੇਕਾਂ ਸਿੱਖਾਂ ਨੇ ਆਪਣੀਆਂ ਜਾਨਾਂ ਗੁਆਈਆਂ ਹਨ। ਭਾਈ ਨਿਰਮਲ ਸਿੰਘ ਸੰਧੂ ਅਤੇ ਭਾਈ ਲਵਸ਼ਿੰਦਰ ਸਿੰਘ ਡੱਲੇਵਾਲ ਨੇ ਸਿੱਖ ਸੰਗਤਾਂ ਨੂੰ ਅਪੀਲ ਕੀਤੀ ਕਿ ਉਹ 15 ਅਗਸਤ ਨੂੰ ਕੌਮੀ ਇਨਸਾਫ਼ ਮੋਰਚੇ ਵੱਲੋਂ ਕੀਤੇ ਜਾਣ ਵਾਲੇ ਮਾਰਚ ਵਿੱਚ ਵੱਧ-ਚੜ੍ਹ ਕੇ ਸ਼ਮੂਲੀਅਤ ਕਰਨ ਅਤੇ ਬੰਦੀ ਸਿੰਘਾਂ ਦੀ ਰਿਹਾਈ ਦੀ ਮੰਗ ਨੂੰ ਸ਼ਾਂਤਮਈ ਅਤੇ ਜਮਹੂਰੀ ਢੰਗ ਨਾਲ ਉਠਾਉਣ।

# 15 ਅਗਸਤ ਤੋਂ ਪਹਿਲਾਂ ਸਲੋਵੇਨੀਆ ’ਚ ਭਾਰਤੀ ਦੂਤਾਵਾਸ ਦੀਆਂ ਕੰਧਾਂ ’ਤੇ ਖ਼ਾਲਿਸਤਾਨ ਪੱਖੀ ਨਾਅਰੇ

## ਵਿਦੇਸ਼ ਮੰਤਰਾਲੇ ਨੇ ਇਸ ਘਟਨਾ ਦੀ ਕੀਤੀ ਸਖ਼ਤ ਨਿੰਦਾ




ਲਿਊਬਲਿਆਨਾ (ਸਲੋਵੇਨੀਆ), – ਸਰਬਜੀਤ ਸਿੰਘ ਬਨੂੜ– ਭਾਰਤ ਦੇ ਆਜ਼ਾਦੀ ਦਿਹਾੜੇ 15 ਅਗਸਤ ਤੋਂ ਕੁਝ ਦਿਨ ਪਹਿਲਾਂ ਸਲੋਵੇਨੀਆ ਦੀ ਰਾਜਧਾਨੀ ਲਿਊਬਲਿਆਨਾ ਸਥਿਤ ਭਾਰਤੀ ਦੂਤਾਵਾਸ ਦੀਆਂ ਕੰਧਾਂ ’ਤੇ ਖ਼ਾਲਿਸਤਾਨ ਪੱਖੀ ਅਤੇ ਭਾਰਤ ਵਿਰੋਧੀ ਨਾਅਰੇ ਲਿਖੇ ਜਾਣ ਦਾ ਮਾਮਲਾ ਸਾਹਮਣੇ ਆਇਆ ਹੈ। ਸਾਹਮਣੇ ਆਈਆਂ ਰਿਪੋਰਟਾਂ ਅਤੇ ਤਸਵੀਰਾਂ ਮੁਤਾਬਕ ਦੂਤਾਵਾਸ ਦੀਆਂ ਕਈ ਕੰਧਾਂ ਨੂੰ ਗ੍ਰੈਫਿਟੀ ਨਾਲ ਰੰਗਿਆ ਗਿਆ ਅਤੇ ਕੁਝ ਨਾਅਰਿਆਂ ਵਿੱਚ ਭਾਰਤ ਦੇ ਪ੍ਰਧਾਨ ਮੰਤਰੀ ਨੂੰ ਵੀ ਨਿਸ਼ਾਨਾ ਬਣਾਇਆ ਗਿਆ। ਭਾਰਤ ਦੇ ਵਿਦੇਸ਼ ਮੰਤਰਾਲੇ ਨੇ ਇਸ ਘਟਨਾ ਦੀ ਸਖ਼ਤ ਨਿੰਦਾ ਕਰਦਿਆਂ ਇਸ ਨੂੰ Tanti-India elementsU ਵੱਲੋਂ ਦੂਤਾਵਾਸ ਦੀ ਇਮਾਰਤ ਨੂੰ ਨੁਕਸਾਨ ਪਹੁੰਚਾਉਣ ਦੀ ਕਾਰਵਾਈ ਦੱਸਿਆ। ਮੰਤਰਾਲੇ ਨੇ ਕਿਹਾ ਕਿ Vienna Convention ਤਹਿਤ ਕੂਟਨੀਤਕ ਇਮਾਰਤਾਂ ਦੀ ਸੁਰੱਖਿਆ ਯਕੀਨੀ ਬਣਾਉਣਾ ਮੇਜ਼ਬਾਨ ਦੇਸ਼ ਦੀ ਜ਼ਿੰਮੇਵਾਰੀ ਹੈ। ਭਾਰਤ ਸਰਕਾਰ ਨੇ ਇਹ ਮਾਮਲਾ ਸਲੋਵੇਨੀਆ ਦੇ ਅਧਿਕਾਰੀਆਂ ਕੋਲ ਲਿਊਬਲਿਆਨਾ ਅਤੇ ਨਵੀਂ ਦਿੱਲੀ ਦੋਵਾਂ ਥਾਵਾਂ ’ਤੇ ਉਠਾਇਆ ਹੈ ਅਤੇ ਜ਼ਿੰਮੇਵਾਰ ਵਿਅਕਤੀਆਂ ਦੀ ਪਛਾਣ ਕਰਕੇ ਉਨ੍ਹਾਂ ਖ਼ਿਲਾਫ਼ ਕਾਰਵਾਈ ਦੀ ਮੰਗ ਕੀਤੀ ਹੈ। ਸੂਤਰਾਂ ਅਨੁਸਾਰ ਇਸ ਘਟਨਾ ਪਿੱਛੇ ਖ਼ਾਲਿਸਤਾਨ ਪੱਖੀ ਕਾਰਕੁਨਾਂ ਦਾ ਹੱਥ ਹੋਣ ਦੀ ਗੱਲ ਸਾਹਮਣੇ ਆ ਰਹੀ ਹੈ। ਹਾਲਾਂਕਿ ਭਾਰਤੀ ਵਿਦੇਸ਼ ਮੰਤਰਾਲੇ ਵੱਲੋਂ ਜਾਰੀ ਅਧਿਕਾਰਤ ਬਿਆਨ ਵਿੱਚ ਇਸ ਕਾਰਵਾਈ ਲਈ ਕਿਸੇ ਖ਼ਾਸ ਜਥੇਬੰਦੀ ਨੂੰ ਜ਼ਿੰਮੇਵਾਰ ਨਹੀਂ ਠਹਿਰਾਇਆ ਗਿਆ ਅਤੇ ਨਾ ਹੀ ਕਿਸੇ ਸੰਗਠਨ ਦਾ ਨਾਮ ਲਿਆ ਗਿਆ ਹੈ। ਇਹ ਘਟਨਾ 15 ਅਗਸਤ ਦੇ ਸਮਾਗਮਾਂ ਤੋਂ ਠੀਕ ਪਹਿਲਾਂ ਵਾਪਰਨ ਕਾਰਨ ਭਾਰਤੀ ਕੂਟਨੀਤਕ ਮਿਸ਼ਨਾਂ ਦੀ ਸੁਰੱਖਿਆ ਦਾ ਮੁੱਦਾ ਮੁੜ ਚਰਚਾ ਵਿੱਚ ਆ ਗਿਆ ਹੈ। ਪਿਛਲੇ ਸਾਲਾਂ ਦੌਰਾਨ ਬਰਤਾਨੀਆ, ਅਮਰੀਕਾ ਅਤੇ ਕੈਨੇਡਾ ਵਿੱਚ ਵੀ ਭਾਰਤੀ ਕੂਟਨੀਤਕ ਮਿਸ਼ਨਾਂ ਨਾਲ ਜੁੜੀਆਂ ਖ਼ਾਲਿਸਤਾਨ ਪੱਖੀ ਵਿਰੋਧ ਕਾਰਵਾਈਆਂ ਦੇ ਮਾਮਲੇ ਸਾਹਮਣੇ ਆ ਚੁੱਕੇ ਹਨ।


ਆਵਾਜ਼ਿ ਕੌਮ AWAZE QAUM International Newspaper & WEB TV